16-OCT-PAGE-1.qxd 10/15/2023 8:53 PM Page 1

ਸੋਮਵਾਰ, 16 ਅਕਤੂਬਰ, 2023
30 ਅੱਸੂ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 136

ਨਵਾਂ ਜ਼ਮਾਨਾ

DAILY NAWAN ZAMANA • MONDAY, 16 OCTOBER, 2023 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਇਜ਼ਰਾਈਲ ਨੇ ਹੱਦਾਂ ਟੱਪੀਆਂ : ਚੀਨ

ਰੂਸ ਵੱਲੋਂ ਗੋਲੀਬੰਦੀ ਦੇ ਮਤੇ 'ਤੇ ਵੋਟਿੰਗ ਲਈ ਜ਼ੋਰ

ਗਾਜ਼ਾ ਸ਼ਹਿਰ 'ਤੇ ਇਜ਼ਰਾਈਲੀ ਬੰਬਾਰੀ ਨਾਲ ਉਠਦੇ ਧੂੰਏਂ ਦੇ ਗੁਬਾਰ ਤੇ ਗਾਜ਼ਾ ਵਿਚ ਦਾਖਲ ਹੋਣ ਲਈ ਨਿਕਲੇ ਇਜ਼ਰਾਈਲੀ ਟੈਂਕ।

ਮਾਸਕੋ : ਰੂਸ ਨੇ ਸੰਯੁਕਤ ਰਾਸ਼ਟਰ ਸਲਾਮਤੀ ਕੌਂਸਲ ਨੂੰ ਕਿਹਾ ਹੈ ਕਿ ਉਹ ਇਜ਼ਰਾਈਲ-ਫਲਸਤੀਨ ਟਕਰਾਅ ਨੂੰ ਟਾਲਣ ਲਈ ਉਸ ਮਤੇ 'ਤੇ ਵੋਟਿੰਗ ਕਰਾਏ, ਜਿਸ ਵਿਚ ਮਾਨਵੀ ਆਧਾਰ 'ਤੇ ਗੋਲੀਬੰਦੀ ਦਾ ਸੱਦਾ ਦਿੱਤਾ ਗਿਆ ਹੈ। ਇਕ ਸਫੇ ਦੇ ਮਤੇ ਵਿਚ ਬੰਦੀਆਂ ਨੂੰ ਛੱਡਣ, ਮਾਨਵੀ ਮਦਦ ਦੀ ਰਸਾਈ ਅਤੇ ਲੋਕਾਂ ਦੇ ਸੁਰੱਖਿਅਤ ਲਾਂਘੇ ਦੀ ਗੱਲ ਵੀ ਕਹੀ ਗਈ ਹੈ। ਮਤੇ ਵਿਚ ਇਜ਼ਰਾਈਲ ਤੇ ਫਲਸਤੀਨ ਦਾ ਜ਼ਿਕਰ ਹੈ, ਹਮਾਸ ਦਾ ਨਹੀਂ।

ਇਸੇ ਦੌਰਾਨ ਚੀਨ ਨੇ ਕਿਹਾ ਹੈ ਕਿ ਇਜ਼ਰਾਈਲੀ ਕਾਰਵਾਈਆਂ ਸਵੈ-ਰੱਖਿਆ ਦੇ ਦਾਇਰੇ ਤੋਂ ਬਾਹਰ ਹੋ ਗਈਆਂ ਹਨ ਅਤੇ ਇਜ਼ਰਾਈਲ ਸਰਕਾਰ ਨੂੰ ਗਾਜ਼ਾ ਦੇ ਲੋਕਾਂ ਨੂੰ ਸਮੂਹਕ ਸਜ਼ਾ ਦੇਣ ਤੋਂ ਬਾਜ਼ ਆਉਣਾ ਚਾਹੀਦਾ ਹੈ। ਚੀਨ ਦੇ ਵਿਦੇਸ਼ ਮੰਤਰੀ ਵਾਂਗ ਯੀ ਨੇ ਸਾਊਦੀ ਅਰਬ ਦੇ ਸ਼ਹਿਜ਼ਾਦਾ ਫੈਸਲ ਬਿਨ ਫਰਹਾਨ ਨਾਲ ਗੱਲਬਾਤ ਦੌਰਾਨ ਇਹ ਗੱਲ ਕਹੀ। ਚੀਨ ਨੇ ਹੁਣ ਤੱਕ ਦੇ ਸਭ ਤੋਂ ਸਖਤ ਬਿਆਨ ਵਿਚ ਕਿਹਾ ਹੈ ਕਿ ਇਜ਼ਰਾਈਲ ਕੌਮਾਂਤਰੀ ਭਾਈਚਾਰੇ ਤੇ ਸੰਯੁਕਤ ਰਾਸ਼ਟਰ ਦੇ ਸੱਦਿਆਂ 'ਤੇ ਹਾਮੀ ਭਰਦਿਆਂ ਗੋਲੀਬੰਦੀ ਕਰੇ।

ਈਰਾਨ ਦੇ ਵਿਦੇਸ਼ ਮੰਤਰੀ ਹੁਸੈਨ ਅਮੀਰ ਅਬਦੁੱਲਾਹੀਆਨ ਨੇ ਕਤਰ ਦੇ ਅਮੀਰ ਸ਼ੇਖ ਤਮੀਮ ਬਿਨ ਹਮਦ ਅਲ-ਥਾਨੀ ਨਾਲ ਮੀਟਿੰਗ ਦੌਰਾਨ ਕਿਹਾ ਕਿ ਜੇ ਇਜ਼ਰਾਈਲ ਦੀ ਯਹੂਦੀ ਹਕੂਮਤ ਨੇ ਗਾਜ਼ਾ ਵਿਚ ਫੌਜ ਦਾਖਲ ਕੀਤੀ ਤਾਂ ਸਥਿਤੀ ਬੇਕਾਬੂ ਹੋਣ ਬਾਰੇ ਕੋਈ ਗਰੰਟੀ ਨਹੀਂ ਦੇ ਸਕਦਾ। ਉਨ੍ਹਾਂ ਚੇਤਾਵਨੀ ਦਿੱਤੀ ਹੈ ਕਿ ਜੇ ਇਜ਼ਰਾਈਲ ਨੇ ਬੰਬਾਰੀ ਨਾ ਰੋਕੀ ਤਾਂ ਉਸ ਨੂੰ ਇਸ ਦੇ 'ਦੂਰਗਾਮੀ ਸਿੱਟੇ' ਭੁਗਤਣੇ ਪੈਣਗੇ। ਇਜ਼ਰਾਇਲੀ ਫੌਜਾਂ ਨੇ ਹਮਾਸ ਦੇ ਕਬਜ਼ੇ ਵਾਲੀ ਗਾਜ਼ਾ ਪੱਟੀ 'ਤੇ ਐਤਵਾਰ ਜ਼ਮੀਨੀ ਹਮਲੇ ਤੇਜ਼ ਕਰਨ ਦੀ ਤਿਆਰੀ ਕੱਸ ਲਈ। ਉਧਰ, ਇਜ਼ਰਾਈਲੀ ਪ੍ਰਧਾਨ ਮੰਤਰੀ ਨੇਤਨਯਾਹੂ ਨੇ ਲਿਬਨਾਨ ਸਥਿਤ ਹਿਜ਼ਬੁੱਲ੍ਹਾ, ਜੋ ਉੱਤਰ ਵਾਲੇ ਪਾਸਿਓਂ ਇਜ਼ਰਾਈਲ ਦਾ ਗੁਆਂਢ ਮੱਥਾ ਹੈ, ਨੂੰ ਚੇਤਾਵਨੀ ਦਿੱਤੀ ਹੈ ਕਿ ਉਹ ਇਕ ਹੋਰ ਮੋਰਚੇ ਤੋਂ ਜੰਗ ਨਾ ਸ਼ੁਰੂ ਕਰੇ। ਨੇਤਨਯਾਹੂ ਨੇ ਕਿਹਾ ਕਿ ਹਿਜ਼ਬੁੱਲ੍ਹਾ ਨੇ ਜੇ ਅਜਿਹਾ ਕੀਤਾ ਤਾਂ ਉਹ ਲਿਬਨਾਨ ਦੀ ਤਬਾਹੀ ਲਈ ਤਿਆਰ ਰਹੇ। ਅਮਰੀਕੀ ਵਿਦੇਸ਼ ਮੰਤਰੀ ਐਂਟਨੀ ਬਲਿੰਕਨ ਨੇ ਐਤਵਾਰ ਸਵੇਰੇ ਰਿਆਦ 'ਚ ਸਾਊਦੀ ਪ੍ਰਿੰਸ ਮੁਹੰਮਦ ਬਿਨ ਸਲਮਾਨ ਨਾਲ ਬੈਠਕ ਕੀਤੀ। ਬਲਿੰਕਨ ਟਕਰਾਅ ਨੂੰ ਹੋਰ ਵੱਡਾ ਵਿਵਾਦ ਬਣਨ ਤੋਂ ਰੋਕਣ ਤੇ ਬੰਦੀਆਂ ਦੀ ਰਿਹਾਈ ਲਈ ਖੇਤਰੀ ਭਾਈਵਾਲਾਂ ਨਾਲ ਮਿਲ ਰਹੇ ਹਨ। ਇਸੇ ਦੌਰਾਨ ਫਲਸਤੀਨ ਦੇ ਸਿਹਤ ਮੰਤਰਾਲੇ ਮੁਤਾਬਕ ਗਾਜ਼ਾ ਪੱਟੀ ਤੇ ਪੱਛਮੀ ਕੰਢੇ 'ਤੇ ਮਾਰੇ ਗਏ ਫਲਸਤੀਨੀਆਂ ਦੀ ਗਿਣਤੀ 2383 ਨੂੰ ਪੁੱਜ ਗਈ ਹੈ, ਜਦੋਂਕਿ ਜ਼ਖਮੀਆਂ ਦਾ ਅੰਕੜਾ 11000 ਨੂੰ ਢੁਕਣ ਲੱਗਾ ਹੈ। ਅਮਰੀਕੀ ਰਾਸ਼ਟਰਪਤੀ ਜੋਅ ਬਾਇਡਨ ਨੇ ਨੇਤਨਯਾਹੂ ਤੇ ਫਲਸਤੀਨ ਦੇ ਰਾਸ਼ਟਰਪਤੀ ਮਹਿਮੂਦ ਅੱਬਾਸ ਨਾਲ ਫੋਨ 'ਤੇ ਗੱਲਬਾਤ ਕੀਤੀ ਹੈ। ਬਾਇਡਨ ਨੇ ਦੋਵਾਂ ਦੇਸ਼ਾਂ ਦੇ ਆਗੂਆਂ ਤੱਕ ਅਜਿਹੇ ਮੌਕੇ ਪਹੁੰਚ ਕੀਤੀ ਹੈ, ਜਦੋਂ ਅਮਰੀਕਾ ਨੇ ਆਈਜ਼ਨਹਾਵਰ ਕਰੀਅਰ ਸਟਰਾਈਕ ਗਰੁੱਪ ਨੂੰ ਪੂਰਬੀ ਭੂ-ਮੱਧ ਸਾਗਰ ਵਿਚ ਭੇਜਣ ਦਾ ਅਮਲ ਸ਼ੁਰੂ ਕਰ ਦਿੱਤਾ ਹੈ।

ਹਜ਼ਾਰਾਂ ਮੌਤਾਂ ਦਾ ਡਰ

ਗਾਜ਼ਾ ਸਿਟੀ : ਡਾਕਟਰਾਂ ਨੇ ਐਤਵਾਰ ਖਬਰਦਾਰ ਕੀਤਾ ਕਿ ਜੇ ਜ਼ਖਮੀਆਂ ਨਾਲ ਭਰੇ ਪਏ ਹਸਪਤਾਲਾਂ ਨੂੰ ਦਵਾਈਆਂ, ਈਂਧਨ ਤੇ ਖੁਰਾਕ ਨਾ ਪੁੱਜੀ ਤਾਂ ਹਜ਼ਾਰਾਂ ਲੋਕ ਮਰ ਸਕਦੇ ਹਨ।

ਆਪੋਜ਼ੀਸ਼ਨ ਲੀਡਰ ਬਹਿਸ ਤੋਂ ਭੱਜਣ ਨਾ : ਮਾਨ

ਚੰਡੀਗੜ੍ਹ, (ਗੁਰਜੀਤ ਬਿੱਲਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਕ ਨਵੰਬਰ ਨੂੰ ਹੋਣ ਵਾਲੀ ਬਹਿਸ ਵਿੱਚ ਵਿਰੋਧੀ ਨੇਤਾਵਾਂ ਵੱਲੋਂ ਭੱਜ ਜਾਣ ਦੀ ਸਖਤ ਆਲੋਚਨਾ ਕਰਦਿਆਂ ਕਿਹਾ ਕਿ ਅਸਲ ਵਿੱਚ ਇਨ੍ਹਾਂ ਲੀਡਰਾਂ ਨੂੰ ਆਪਣੇ ਗੁਨਾਹਾਂ ਤੋਂ ਪਰਦਾ ਚੁੱਕੇ ਜਾਣ ਦਾ ਡਰ ਸਤਾ ਰਿਹਾ ਹੈ। ਮੁੱਖ ਮੰਤਰੀ ਨੇ ਐਤਵਾਰ ਕਿਹਾ ਕਿ ਵਿਰੋਧੀ ਪਾਰਟੀਆਂ ਦੇ ਲੀਡਰਾਂ ਦੀ ਸੂਬੇ ਨੂੰ ਬਰਬਾਦ ਕਰਨ ਵਾਲੇ ਲੋਕਾਂ ਨਾਲ ਰੰਗਢੁੱਪ ਸੀ, ਜਿਸ ਕਰਕੇ ਉਹ ਇਕ ਨਵੰਬਰ ਦੀ ਬਹਿਸ ਵਿੱਚ ਆਉਣ ਤੋਂ ਪਾਸਾ ਵੱਟ ਰਹੇ ਹਨ। ਉਨ੍ਹਾ ਕਿਹਾ ਕਿ ਇਨ੍ਹਾਂ ਨੇਤਾਵਾਂ ਦੇ ਹੱਥ ਅਤੇ ਰੂਹਾਂ ਸੂਬੇ ਦੇ ਲਹੂ ਨਾਲ ਭਿੱਜੇ ਹੋਏ ਹਨ, ਕਿਉਂਕਿ ਇਨ੍ਹਾਂ ਲੀਡਰਾਂ ਨੇ ਪੰਜਾਬ ਤੇ ਪੰਜਾਬੀਆਂ ਨਾਲ ਹਮੇਸ਼ਾ ਗੱਦਾਰੀ ਕੀਤੀ ਹੈ। ਮਾਨ ਨੇ ਕਿਹਾ ਕਿ ਇਨ੍ਹਾਂ ਨੇਤਾਵਾਂ ਵੱਲੋਂ ਸੂਬੇ ਨਾਲ ਕਮਾਏ ਧ੍ਰੋਹ ਲਈ ਕਦੇ ਵੀ ਮੁਆਫ ਨਹੀਂ ਕਰਨਗੇ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹਿਸ ਪੰਜਾਬ ਨੂੰ ਕੀਹਨੇ ਅਤੇ ਕਿਵੇਂ ਲੁੱਟਣ ਉਤੇ ਕੇਂਦਰਤ ਹੋਵੇਗੀ, ਜਿਸ ਵਿੱਚ ਕੁਨਬਾਪ੍ਰਸਤੀ (ਭਾਈ-ਭਤੀਜਾ, ਜੀਜਾ-ਸਾਲਾ), ਪੱਖਪਾਤ, ਟੋਲ ਪਲਾਜ਼ੇ, ਨੌਜਵਾਨਾਂ, ਖੇਤੀਬਾੜੀ, ਵਪਾਰ-ਦੁਕਾਨਦਾਰ, ਗੁਰਬਾਣੀ ਅਤੇ ਦਰਿਆਈ ਪਾਣੀਆਂ ਉਤੇ ਡਾਕਾ ਮਾਰਨ ਸਣੇ ਸੂਬੇ ਨਾਲ ਸੰਬੰਧਤ ਮਸਲਿਆਂ ਉਤੇ ਚਰਚਾ ਹੋਵੇਗੀ। ਉਨ੍ਹਾ ਕਿਹਾ ਕਿ ਇਨ੍ਹਾਂ ਨੇਤਾਵਾਂ ਨੇ ਸਾਰੇ ਮਸਲਿਆਂ ਉਤੇ ਪੰਜਾਬ ਨਾਲ ਧੋਖਾ ਕੀਤਾ ਹੈ, ਜਿਸ ਲਈ ਉਨ੍ਹਾਂ ਨੂੰ ਲੋਕਾਂ ਅੱਗੇ ਜੁਆਬਦੇਹ ਬਣਾਇਆ ਜਾਵੇਗਾ। ਮਾਨ ਨੇ ਕਿਹਾ ਕਿ ਇਹ ਲੀਡਰ ਆਉਣ ਜਾਂ ਨਾ ਆਉਣ, ਪਰ ਉਹ ਬਹਿਸ ਲਈ ਇਨ੍ਹਾਂ ਨੇਤਾਵਾਂ ਦੀਆਂ ਕੁਰਸੀਆਂ ਡਾਹ ਕੇ ਰੱਖਣਗੇ। ਉਹਨਾ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਸਮੇਂ ਲੋਕ ਕਾਮਯਾਬ ਹੋਣ ਤੋਂ ਵੀ ਭੈਭੀਤ ਹੋ ਜਾਂਦੇ ਸਨ, ਕਿਉਂਕਿ ਇਹ ਲੀਡਰ ਲੋਕਾਂ ਦੇ ਕਾਰੋਬਾਰ ਵਿੱਚ ਜਬਰੀ ਹਿੱਸਾ-ਪੱਤੀ ਪਾ ਲੈਂਦੇ ਸਨ। ਉਨ੍ਹਾ ਕਿਹਾ ਕਿ ਇਨ੍ਹਾਂ ਨੇਤਾਵਾਂ ਨੇ ਲੋਕਾਂ ਦੀ ਅੰਨ੍ਹੀ ਲੁੱਟ ਕੀਤੀ। ਮਾਨ ਨੇ ਕਿਹਾ ਕਿ ਏਸੇ ਕਰਕੇ ਇਹ ਲੀਡਰ ਸੱਚ ਦਾ ਸਾਹਮਣਾ ਕਰਨ ਤੋਂ ਡਰਦੇ ਹਨ ਅਤੇ ਬਹਿਸ ਵਿੱਚ ਨਾ ਆਉਣ ਲਈ ਇਕ ਤੋਂ ਬਾਅਦ ਇਕ ਬਹਾਨੇਬਾਜ਼ੀ ਘੜ ਰਹੇ ਹਨ।

ਇਸੇ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਨੌਜਵਾਨਾਂ ਨੂੰ

ਨੌਜਵਾਨਾਂ ਨੂੰ 'ਰੰਗਲਾ ਪੰਜਾਬ' ਬਣਾਉਣ ਲਈ ਸਹਿਯੋਗ ਦੇਣ ਦਾ ਸੱਦਾ

ਨੌਕਰੀਆਂ ਦੇਣ ਦੀ ਗਾਰੰਟੀ ਪੂਰੀ ਕਰਨ ਦੇ ਸਫਰ ਨੂੰ ਜਾਰੀ ਰੱਖਦੇ ਹੋਏ ਆਪਣੀ ਸਰਕਾਰ ਦੇ ਮਹਿਜ਼ 18 ਮਹੀਨਿਆਂ ਦੇ ਕਾਰਜਕਾਲ ਵਿੱਚ 37100 ਸਰਕਾਰੀ ਨੌਕਰੀਆਂ ਦਿੱਤੀਆਂ ਹਨ।

ਐਤਵਾਰ ਮਿਊਂਸਪਲ ਭਵਨ ਵਿਖੇ ਗ੍ਰਹਿ ਮਾਮਲੇ, ਟਰਾਂਸਪੋਰਟ ਅਤੇ ਮਾਲ ਵਿਭਾਗਾਂ ਦੇ ਨਵੇਂ ਭਰਤੀ ਹੋਏ 304 ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਸੌਂਪਣ ਲਈ ਕਰਵਾਏ ਸਮਾਗਮ ਦੌਰਾਨ ਆਪਣੇ ਸੰਬੋਧਨ ਵਿੱਚ ਮੁੱਖ ਮੰਤਰੀ ਨੇ ਸ਼ੁਰੂਆਤ ਵਿੱਚ ਪਹਿਲੇ ਨਵਰਾਤੇ ਦੇ ਪਵਿੱਤਰ ਮੌਕੇ ਦੀ ਲੋਕਾਂ ਨੂੰ ਵਧਾਈ ਦਿੱਤੀ। ਨਵੇਂ ਭਰਤੀ ਹੋਏ ਨੌਜਵਾਨਾਂ ਦਾ ਸਵਾਗਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅੱਜ ਇਹ ਇਕ ਇਤਿਹਾਸਕ ਮੌਕਾ ਹੈ, ਕਿਉਂਕਿ ਨੌਜਵਾਨ ਹੁਣ ਰਸਮੀ ਤੌਰ ਉਤੇ ਸੂਬਾ ਸਰਕਾਰ ਦੇ ਪਰਵਾਰ ਦੇ ਮੈਂਬਰ ਬਣ ਗਏ ਹਨ। ਮਾਨ ਨੇ ਇਸ ● ਬਾਕੀ ਸਫ਼ਾ 2 'ਤੇ

ਭਾਰਤ ਨਾਲ ਰਲੇਵੇਂ ਖਿਲਾਫ਼ ਮਨੀਪੁਰ 'ਚ ਆਮ ਹੜਤਾਲ

ਇੰਫਾਲ : ਐਤਵਾਰ ਮਨੀਪੁਰ ਵਿਚ ਆਮ ਜ਼ਿੰਦਗੀ ਦਰਹਮ-ਬਰਹਮ ਹੋ ਗਈ, ਜਦੋਂ 15 ਅਕਤੂਬਰ 1949 ਨੂੰ ਮਨੀਪੁਰ ਦੇ ਭਾਰਤ ਨਾਲ ਇਲਹਾਕ ਖਿਲਾਫ ਮਿਲੀਟੈਂਟ ਜਥੇਬੰਦੀਆਂ ਦੇ ਸੱਦੇ 'ਤੇ ਸਵੇਰ ਤੋਂ ਸ਼ਾਮ ਤੱਕ ਆਮ ਹੜਤਾਲ ਰਹੀ। ਦੁਕਾਨਾਂ ਤੇ ਬਾਜ਼ਾਰ ਬੰਦ ਰਹੇ ਤੇ ਸਰਕਾਰੀ ਬੱਸਾਂ ਵੀ ਨਹੀਂ ਚੱਲੀਆਂ। ਯੂਨਾਈਟਿਡ ਨੈਸ਼ਨਲ ਲਿਬਰੇਸ਼ਨ ਫਰੰਟ ਸਣੇ ਪੰਜ ਪਾਬੰਦੀਸ਼ੁਦਾ ਜਥੇਬੰਦੀਆਂ ਦੀ ਕੋਆਰਡੀਨੇਟਿੰਗ ਕਮੇਟੀ ਨੇ ਹੜਤਾਲ ਦਾ ਸੱਦਾ ਦਿੰਦਿਆਂ ਲੋਕਾਂ ਨੂੰ ਕਿਹਾ ਸੀ ਕਿ ਉਹ ਕਿਸੇ ਵੀ ਕਿਸਮ ਦੇ ਜਸ਼ਨ ਨਾ ਮਨਾਉਣ ਤੇ ਘਰੋਂ ਬਾਹਰ ਨਾ ਜਾਣ। ਮੀਡੀਆ, ਮੈਡੀਕਲ ਤੇ ਐਮਰਜੈਂਸੀ ਸੇਵਾਵਾਂ ਨੂੰ ਹੜਤਾਲ ਤੋਂ ਬਾਹਰ ਰੱਖਿਆ ਗਿਆ ਸੀ। ਮਨੀਪੁਰ ਦੇ ਮਹਾਰਾਜ ਬੁੱਧ ਚੰਦਰ ਨੇ ਭਾਰਤ ਨਾਲ 21 ਸਤੰਬਰ 1949 ਨੂੰ ਇਲਹਾਕ 'ਤੇ ਦਸਤਖਤ ਕੀਤੇ ਸਨ ਤੇ ਰਲੇਵਾਂ ਉਸੇ ਸਾਲ 15 ਅਕਤੂਬਰ ਨੂੰ ਹੋਇਆ ਸੀ। ਮਿਲੀਟੈਂਟ 15 ਅਕਤੂਬਰ ਨੂੰ ਕਾਲੇ ਦਿਨ ਵਜੋਂ ਮਨਾਉਂਦੇ ਹਨ। ਉੱਤਰ-ਪੂਰਬ ਵਿਚ ਬਾਗੀਆਨਾ ਸਰਗਰਮੀਆਂ ਪਿੱਛੇ ਇਹ ਬੁਨਿਆਦੀ ਕਾਰਨ ਮੰਨਿਆ ਜਾਂਦਾ ਹੈ।

ਕਾਂਗਰਸ ਵੱਲੋਂ ਤਿੰਨ ਰਾਜਾਂ ਦੇ ਉਮੀਦਵਾਰਾਂ ਦੀ ਪਹਿਲੀ ਲਿਸਟ ਜਾਰੀ

ਨਵੀਂ ਦਿੱਲੀ : ਕਾਂਗਰਸ ਨੇ ਮੱਧ ਪ੍ਰਦੇਸ਼, ਛੱਤੀਸਗੜ੍ਹ ਤੇ ਤਿਲੰਗਾਨਾ 'ਚ ਅਗਲੇ ਮਹੀਨੇ ਹੋਣ ਵਾਲੀਆਂ ਅਸੈਂਬਲੀ ਚੋਣਾਂ ਲਈ ਐਤਵਾਰ ਉਮੀਦਵਾਰਾਂ ਦੀ ਆਪਣੀ ਪਹਿਲੀ ਸੂਚੀ ਜਾਰੀ ਕੀਤੀ। ਮੱਧ ਪ੍ਰਦੇਸ਼ ਅਸੈਂਬਲੀ ਲਈ 144 ਉਮੀਦਵਾਰਾਂ ਐਲਾਨੇ, ਜਿਨ੍ਹਾਂ ਵਿਚ 69 ਸਿਟਿੰਗ ਮੈਂਬਰ ਹਨ। ਸੂਬਾ ਪ੍ਰਧਾਨ ਤੇ ਸਾਬਕਾ ਮੁੱਖ ਮੰਤਰੀ ਕਮਲ ਨਾਥ ਨੂੰ ਉਨ੍ਹਾ ਦੇ ਪਿੱਤਰੀ ਹਲਕੇ ਛਿੰਦਵਾੜਾ ਤੋਂ ਉਮੀਦਵਾਰ ਐਲਾਨਿਆ ਗਿਆ ਹੈ। 230 ਸੀਟਾਂ ਲਈ 17 ਨਵੰਬਰ ਨੂੰ ਵੋਟਾਂ ਪੈਣੀਆਂ ਹਨ।

ਕਮਲ ਨਾਥ ਭੁਪੇਸ਼ ਬਘੇਲ

ਛੱਤੀਸਗੜ੍ਹ ਦੀ 90 ਮੈਂਬਰੀ ਅਸੈਂਬਲੀ ਲਈ 30 ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕੀਤਾ ਗਿਆ ਹੈ। ਮੁੱਖ ਮੰਤਰੀ ਭੂਪੇਸ਼ ਬਘੇਲ ਪਾਟਨ ਹਲਕੇ ਤੋਂ ਚੋਣ ਲੜਨਗੇ, ਜਦੋਂਕਿ ਉਪ ਮੁੱਖ ਮੰਤਰੀ ਟੀ ਐੱਸ ਸਿੰਘ ਦਿਓ ਨੂੰ ਅੰਬਿਕਾਪੁਰ ਸੀਟ ਤੋਂ। ਪਾਰਟੀ ਨੇ ਰਾਜਨੰਦਗਾਓਂ ਤੋਂ ਗਿਰੀਸ਼ ਦੇਵਾਂਗਨ ਨੂੰ ਟਿਕਟ ਦਿੱਤੀ ਹੈ। ਦੇਵਾਂਗਨ ਭਾਜਪਾ ਆਗੂ ਤੇ ਸਾਬਕਾ ਮੁੱਖ ਮੰਤਰੀ ਰਮਨ ਸਿੰਘ ਨੂੰ ਟੱਕਰ ਦੇਣਗੇ। 119 ਮੈਂਬਰੀ ਤਿਲੰਗਾਨਾ ਅਸੈਂਬਲੀ ਲਈ 55 ਨਾਵਾਂ ਦਾ ਐਲਾਨ ਕੀਤਾ ਹੈ। ਸੂਬਾਈ ਪ੍ਰਧਾਨ ਰੇਵੰਤ ਰੈਡੀ ਨੂੰ ਕੋਡਾਂਗਲ ਸੀਟ ਤੇ ਵਿਧਾਇਕ ਪਾਰਟੀ ਦੇ ਆਗੂ ਭੱਟੀ ਵਿਕਰਮਾਰਕਾ ਮੱਲ ਨੂੰ ਮਧੀਰਾ-ਐੱਸ ਸੀ ਹਲਕੇ ਤੋਂ ਉਮੀਦਵਾਰ ਐਲਾਨਿਆ ਗਿਆ ਹੈ।

ਮੋਦੀ ਦੌਰ ਦੌਰਾਨ ਜਮਹੂਰੀਅਤ ਖ਼ਤਮ ਕਰਨ ਦਾ ਸਿਲਸਿਲਾ ਜਾਰੀ : ਬਰਾੜ

ਜਲੰਧਰ, (ਗਿਆਨ ਸੈਦਪੁਰੀ)-'ਮਨੀਪੁਰ ਵਿੱਚ ਵੱਖ-ਵੱਖ ਭਾਈਚਾਰਿਆਂ ਅੰਦਰ ਨਫ਼ਰਤ ਫੈਲਾਈ ਗਈ ਤੇ ਔਰਤਾਂ ਨਾਲ ਦਰਿੰਦਗੀ ਹੋਈ, ਦਿੱਲੀ ਅਤੇ ਯੂ ਪੀ ਦੇ ਸ਼ਹਿਰਾਂ ਅੰਦਰ ਮੁਸਲਿਮ ਭਾਈਚਾਰੇ ਨੂੰ ਜ਼ਲੀਲ ਕੀਤਾ ਗਿਆ। ਇਨ੍ਹਾਂ ਸਭ ਕਾਰਿਆ 'ਤੇ ਨਰਿੰਦਰ ਮੋਦੀ ਦੀ ਚੁੱਪ ਦਾ ਅਰਥ ਹੈ ਕਿ ਇਹ ਸਭ ਕੁਝ ਕਰਾਂਗੇ, ਅਸੀਂ ਕਰਾਂਗੇ।' ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੀ ਪੰਜਾਬ ਇਕਾਈ ਦੇ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ ਨੇ ਕੀਤਾ। ਉਹ ਐਤਵਾਰ ਪਾਰਟੀ ਦਫ਼ਤਰ ਵਿਖੇ ਸੀ ਪੀ ਆਈ ਦੀ ਜ਼ਿਲ੍ਹਾ ਕੌਂਸਲ ਦੀ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾ ਕਿਹਾ ਕਿ ਜਦੋਂ ਤੋਂ ਦੇਸ਼ ਅੰਦਰ ਭਾਜਪਾ ਸੱਤਾ ਵਿੱਚ ਆਈ ਹੈ, ਉਦੋਂ ਤੋਂ ਹੀ ਸੰਵਿਧਾਨਕ ਸੰਸਥਾਵਾਂ ਨੂੰ ਖ਼ਤਮ ਕਰਨ ਅਤੇ ਜਮਹੂਰੀਅਤ ਦਾ ਭੋਗ ਪਾਉਣ ਦਾ ਸਿਲਸਿਲਾ ਜਾਰੀ ਹੈ। ਇਸ ਸਰਕਾਰ ਦਾ ਅਗਲਾ ਏਜੰਡਾ ਹੈ ਕਿ ਮੁਸਲਿਮ ਤੇ ਈਸਾਈ ਆਦਿ ਭਾਈਚਾਰਿਆਂ 'ਤੇ ਜ਼ੁਲਮ ਢਾਹ ਕੇ ਇਹ ਸਿੱਧ ਕਰਨਾ ਹੈ ਕਿ ਭਾਜਪਾ ਸਰਕਾਰ ਹੀ ਹਿੰਦੂ ਧਰਮ ਦੀ ਰਖਵਾਲੀ ਹੈ ਤੇ ਹਿੰਦੂ ਰਾਸ਼ਟਰ ਸਥਾਪਤ ਕਰਨ ਲਈ ਅੱਗੇ ਵਧ ਰਹੀ ਹੈ। ਉਨ੍ਹਾ ਕਿਹਾ ਕਿ ਸੱਚ ਇਹ ਹੈ ਕਿ ਇਸ ਸਰਕਾਰ ਵੱਲੋਂ ਨਾਅਰਾ ਤਾਂ ਹਿੰਦੂਤਵ ਦਾ ਲਾਇਆ ਤੇ ਲਗਵਾਇਆ ਜਾ ਰਿਹਾ ਹੈ, ਪਰ ਕੰਮ ਪੂੰਜੀਪਤੀਆਂ ਦੀਆਂ ਤਿਜੌਰੀਆਂ ਨੂੰ ਨੱਕੋ-ਨੱਕ ਭਰਨ ਲਈ ਕੀਤਾ ਜਾ ਰਿਹਾ ਹੈ। ਭਾਰਤ ਨੂੰ ਵਿਸ਼ਵ ਗੁਰੂ ਦੱਸ ਕਿ ਤੇ ਵਿਗਿਆਨੀਆਂ ਦੀਆਂ ਪ੍ਰਾਪਤੀਆਂ ਨੂੰ ਆਪਣੀ ਝੋਲੀ ਪਾ ਕੇ ਲੋਕਾਂ ਨੂੰ ਮੂਰਖ ਬਣਾਇਆ ਜਾ ਰਿਹਾ ਹੈ। ਭਾਜਪਾ ਅਤੇ ਕੇਂਦਰ ਸਰਕਾਰ ਵੱਲੋਂ ਹਮੇਸ਼ਾ ਮੰਦਰ ਦੀ

ਗੱਲ ਕੀਤੀ ਜਾਂਦੀ ਹੈ, ਜਦ ਕਿ ਲੋਕ ਰੋਟੀ ਤੇ ਰੁਜ਼ਗਾਰ ਦੀ ਗੱਲ ਕਰਦੇ ਹਨ। ਕਮਿਊਨਿਸਟ ਆਗੂ ਨੇ ਕਿਹਾ ਕਿ ਰੋਟੀ ਦੀ ਗੱਲ ਕਰਨ ਵੀ ਕਿਉਂ ਨਾ, ਹੁਣੇ ਜਿਹੇ ਆਈ ਇੱਕ ਭੁੱਖਮਰੀ ਰਿਪੋਰਟ ਵਿੱਚ ਭਾਰਤ ਉਨ੍ਹਾਂ ਮੁਲਕਾਂ ਤੋਂ ਵੀ ਬਦਤਰ ਹਾਲਤ ਵਿੱਚ ਹੈ, ਜਿਨ੍ਹਾਂ ਨੂੰ

16-OCT-PAGE-1.qxd 10/15/2023 8:54 PM Page 2

ਝੂਲਾ ਟੁੱਟਣ ਨਾਲ 2 ਬੱਚਿਆਂ ਦੀ ਮੌਤ, ਇੱਕ ਜ਼ਖ਼ਮੀ, ਮਾਲਕ ਫਰਾਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਫ਼ਿਰੋਜ਼ਪੁਰ ਵਿੱਚ ਭਾਰਤ-ਪਾਕਿਸਤਾਨ ਨਾਲ ਲੱਗਦੇ ਸਰਹੱਦੀ ਪਿੰਡ ਦੁਲਚੀਕੇ ਵਿੱਚ ਇੱਕ ਵੱਡਾ ਹਾਦਸਾ ਵਾਪਰਿਆ ਹੈ।ਇਸ ਹਾਦਸੇ ਵਿੱਚ ਦੋ ਬੱਚਿਆਂ ਦੀ ਮੌਤ ਹੋ ਗਈ, ਜਦਕਿ ਇੱਕ ਬੱਚੇ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ।ਇਹ ਹਾਦਸਾ ਝੂਲੇ ਦੇ ਟੁੱਟਣ ਕਾਰਨ ਵਾਪਰਿਆ।ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਫ਼ਿਰੋਜ਼ਪੁਰ ਲਿਆਂਦਾ ਗਿਆ ਹੈ।ਘਟਨਾ ਅਨੁਸਾਰ ਪਿੰਡ ਦੁਲਚੀਕੇ ਵਿੱਚ ਲੱਗੇ ਮੇਲੇ ਦੌਰਾਨ ਝੂਲਦੇ ਸਮੇਂ ਤਿੰਨ ਬੱਚਿਆਂ ਦੇ ਗਲੇ ਵਿੱਚ ਟੁੱਟੀ ਰੱਸੀ ਫਸ ਗਈ, ਜਿਸ ਕਾਰਨ ਬੱਚੇ ਝੂਲੇ ਤੋਂ ਹੇਠਾਂ ਡਿੱਗ ਗਏ।ਜਦੋਂ ਤੱਕ ਝੂਲਾ ਰੁਕਿਆ ਤਾਂ ਤਿੰਨੋਂ ਬੱਚੇ ਝੂਲੇ ਦੀ ਲਪੇਟ ਵਿੱਚ ਆ ਕੇ ਗੰਭੀਰ ਜ਼ਖ਼ਮੀ ਹੋ ਗਏ।ਇਨ੍ਹਾਂ 'ਚੋਂ 2 ਬੱਚਿਆਂ ਦੀ ਮੌਤ ਹੋ ਗਈ, ਜਦਕਿ ਇੱਕ ਬੱਚਾ ਗੰਭੀਰ ਜ਼ਖ਼ਮੀ ਹੋ ਗਿਆ।ਇੱਕ ਬੱਚੇ ਦੀ ਪਛਾਣ ਅਮਨਦੀਪ ਪੁੱਤਰ ਜੋਗਿੰਦਰ ਸਿੰਘ ਵਾਸੀ ਕਾਲੂਵਾਲਾ ਉਮਰ 15 ਸਾਲ ਵਜੋਂ ਹੋਈ ਹੈ।ਘਟਨਾ ਤੋਂ ਬਾਅਦ ਝੂਲੇ ਦਾ ਮਾਲਕ ਉਥੋਂ ਫਰਾਰ ਹੋ ਗਿਆ, ਸਿਵਲ ਹਸਪਤਾਲ 'ਚ ਬੱਚੇ ਦਾ ਪੋਸਟਮਾਰਟਮ ਕਰਵਾਇਆ ਜਾ ਰਿਹਾ ਹੈ।

ਨਸ਼ਾ ਤਸਕਰ ਗੋਰਾ ਦੀ ਜਾਇਦਾਦ ਜ਼ਬਤ

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਸਥਾਨਕ ਪੁਲਸ ਨੇ ਇੱਕ ਨਸ਼ਾ ਤਸਕਰ ਦੀ ਜਾਇਦਾਦ ਜ਼ਬਤ ਕਰ ਦਿੱਤੀ ਹੈ।ਨਸ਼ਾ ਤਸਕਰ ਗੌਰਵ ਉਰਫ਼ ਗੋਰਾ ਫ਼ਿਰੋਜ਼ਪੁਰ ਦੇ ਥਾਣਾ ਕੁਲਗੜ੍ਹੀ ਦੇ ਪਿੰਡ ਬੁੱਕਣਵਾਲਾ ਦਾ ਰਹਿਣ ਵਾਲਾ ਹੈ।ਉਸ ਦੇ ਘਰ ਦੀ ਕੁੱਲ ਕੀਮਤ 16.33 ਲੱਖ ਰੁਪਏ ਹੈ।ਪੁਲਸ ਨੇ ਤਸਕਰ ਗੋਰਾ ਦੇ ਘਰ 'ਤੇ ਲਗਾਏ ਨੋਟਿਸ 'ਚ ਕਿਹਾ ਹੈ ਕਿ ਸਮਰੱਥ ਅਧਿਕਾਰੀ ਤੇ ਪ੍ਰਸ਼ਾਸਕ ਦਿੱਲੀ ਦੇ ਹੁਕਮਾਂ 'ਤੇ ਗੌਰਵ ਉਰਫ਼ ਗੋਰਾ ਦੇ 3.93 ਮਰਲੇ 2 ਮੰਜ਼ਿਲਾ ਮਕਾਨ ਨੂੰ ਐੱਨ.ਡੀ.ਪੀ.ਐੱਸ. ਹੁਣ ਤਸਕਰ ਨਾ ਤਾਂ ਇਸ ਘਰ ਨੂੰ ਅੱਗੇ ਵੇਚ ਸਕੇਗਾ ਤੇ ਨਾ ਹੀ ਕਿਸੇ ਨੂੰ ਟਰਾਂਸਫਰ ਕਰ ਸਕੇਗਾ। ਸੂਤਰਾਂ ਅਨੁਸਾਰ ਪੰਜਾਬ 'ਚੋਂ ਨਸ਼ਾ ਖਤਮ ਕਰਨ ਲਈ ਪੰਜਾਬ ਪੁਲਸ ਸਮੇਤ ਕੇਂਦਰ ਤੇ ਸੂਬੇ ਦੀਆਂ 12 ਏਜੰਸੀਆਂ ਕੰਮ ਕਰ ਰਹੀਆਂ ਹਨ।

ਚਾਰ ਏਕੜ ਝੋਨੇ ਦੀ ਫਸਲ ਬਰਬਾਦ, ਸਰਕਾਰ ਤੋਂ ਕੀਤੀ ਮੁਆਵਜ਼ੇ ਦੀ ਮੰਗ

ਦਿੜ੍ਹਬਾ (ਜਸਵੀਰ ਲਾਡੀ)-ਇਥੋਂ ਨੇੜਲੇ ਪਿੰਡ ਸੰਗਤੀਵਾਲਾ ਵਿਖੇ ਕਿਸਾਨ ਗੁਰਜੰਟ ਸਿੰਘ ਸੰਗਤੀਵਾਲਾ ਦੀ ਚਾਰ ਏਕੜ ਝੋਨੇ ਦੀ ਫਸਲ ਘਟੀਆ ਕਿਸਮ ਦੇ ਬੀਜ ਹੋਣ ਕਾਰਨ ਬਰਬਾਦ ਹੋ ਗਈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਸਾਨ ਨੇ ਭਰੇ ਮਨ ਨਾਲ ਦੱਸਿਆ ਕਿ ਉਸ ਨੇ ਨੰਗਲਾ ਰੋਡ ਸੰਗਤੀਵਾਲਾ ਠੇਕੇ 'ਤੇ ਚਾਰ ਏਕੜ ਜ਼ਮੀਨ ਲੈ ਕੇ ਝੋਨਾ ਲਾਇਆ ਸੀ, ਜੋ ਹੁਣ ਕਟਾਈ ਵੇਲੇ ਦਾਣੇ ਥੋਥੇ ਪੈਦਾ ਹੋ ਗਏ, ਜਿਸ ਨਾਲ ਮੇਰੀ ਛੇ ਮਹੀਨਿਆਂ ਦੀ ਕੀਤੀ ਮਿਹਨਤ ਬੇਕਾਰ ਹੋ ਗਈ ਹੈ। ਉਨ੍ਹਾਂ ਕਿਹਾ ਕਿ ਹੁਣ ਸਾਰਾ ਖਰਚਾ ਮਹਿੰਗੀ ਠੇਕੇ ਦੀ ਰਕਮ, ਰੇਹ ਸਪਰੇਅ ਆਦਿ ਫਸਲ 'ਤੇ ਕੀਤਾ ਖਰਚ ਉਸ ਦੇ ਗਲ ਪੈ ਚੁੱਕਾ ਹੈ, ਜੋ ਕਿਸੇ ਵੀ ਗਰੀਬ ਕਿਸਾਨ ਦੀ ਸਮੱਰਥਾ ਤੋਂ ਬਾਹਰ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਤੇ ਖੇਤੀਬਾੜੀ ਵਿਭਾਗ ਤੋਂ ਮੰਗ ਕੀਤੀ ਹੈ ਕਿ ਮਾੜੇ ਬੀਜ ਵੇਚਣ ਵਾਲੀਆਂ ਕੰਪਨੀਆਂ 'ਤੇ ਸਖਤ ਕਰਵਾਈ ਕਰੇ ਤੇ ਨਾਲ ਮੁਆਵਜ਼ੇ ਦੀ ਮੰਗ ਕੀਤੀ ਹੈ ਕਿ ਉਸ ਨੂੰ ਯੋਗ ਮੁਆਵਜ਼ਾ ਮਿਲਣਾ ਚਾਹੀਦਾ ਹੈ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਇਕਾਈ ਪ੍ਰਧਾਨ ਨਿੱਕਾ ਸਿੰਘ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਗਰੀਬ ਕਿਸਾਨ ਦੀ ਫਸਲ ਦੇ ਹੋਏ ਨੁਕਸਾਨ ਦਾ ਵੱਧ ਤੋਂ ਵੱਧ ਮੁਆਵਜ਼ਾ ਦਿੱਤਾ ਜਾਵੇ। ਇਸ ਮੌਕੇ ਕਿਸਾਨ ਮੰਗੂ ਸਿੰਘ, ਕਿਸਾਨ ਗੁਰਮੇਲ ਸਿੰਘ, ਕਿਸਾਨ ਗਗਨਦੀਪ ਸਿੰਘ, ਮੇਜਰ ਸਿੰਘ, ਭੋਲਾ ਸਿੰਘ, ਨਿਰਮਲ ਸਿੰਘ, ਕਰਮਾ ਸਿੰਘ ਨੇ ਯੋਗ ਮੁਆਵਜ਼ੇ ਦੀ ਮੰਗ ਕੀਤੀ।

ਪੁਨੀਤ ਬਾਂਸਲ ਭਾਜਪਾ ਦੇ ਉੱਪ ਪ੍ਰਧਾਨ ਨਿਯੁਕਤ

ਬਰੇਟਾ (ਗੀਤਵਾਲ)-ਭਾਰਤੀਯ ਜਨਤਾ ਪਾਰਟੀ ਮੰਡਲ ਬਰੇਟਾ ਦੀ ਮੀਟਿੰਗ ਹੋਈ, ਜਿਸ ਦੀ ਪ੍ਰਧਾਨਗੀ ਮੰਡਲ ਪ੍ਰਧਾਨ ਗਗਨਦੀਪ ਸ਼ਰਮਾ ਵੱਲੋਂ ਕੀਤੀ ਗਈ। ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਰਾਕੇਸ਼ ਜੈਨ ਤੇ ਹਲਕਾ ਇੰਚਾਰਜ ਭੋਲਾ ਸਿੰਘ ਸੂਬੇਦਾਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਵਿੱਚ ਵੱਖ-ਵੱਖ ਮੁੱਦਿਆਂ 'ਤੇ ਵਿਚਾਰਾਂ ਹੋਈਆਂ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰਾਕੇਸ਼ ਜੈਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਹਰ ਰੋਜ਼ ਨਵੇਂ ਲੋਕ ਪਾਰਟੀ ਨਾਲ ਜੁੜ ਰਹੇ ਹਨ ਤੇ ਅੱਜ ਵੀ ਕਈ ਨੌਜਵਾਨਾਂ ਨੇ ਭਾਜਪਾ ਨੂੰ ਜੁਆਇਨ ਕੀਤਾ, ਜਿਨ੍ਹਾਂ ਵਿੱਚੋਂ ਪੁਨੀਤ ਮਿੱਤਲ ਨੂੰ ਮੰਡਲ ਦਾ ਉੱਪ ਪ੍ਰਧਾਨ ਤੇ ਹਰੀ ਓਮ ਨੂੰ ਯੁਵਾ ਮੋਰਚਾ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਸੀਨੀਅਰ ਆਗੂ ਪ੍ਰੇਮ ਬਖਸ਼ੀਵਾਲਾ, ਜ਼ਿਲ੍ਹਾ ਖਜ਼ਾਨਚੀ ਦਲਜੀਤ ਸਿੰਘ ਦਰਸ਼ੀ, ਵਿਧਾਨ ਸਭਾ ਵਿਸਥਾਰਕ ਸੰਕਰ ਬਾਂਸਲ, ਜਗਸੀਰ ਸ਼ਰਮਾ, ਰਿਸ਼ੂ ਜਿੰਦਲ, ਅਸ਼ੋਕ ਕਾਲੀ, ਸੁਭਾਸ਼ ਕੁਮਾਰ, ਗੋਲਡੀ ਕੁਮਾਰ, ਗੁਰਦਾਸ ਸਿੰਘ ਹਾਜ਼ਰ ਸਨ।

ਕੁਲਬੀਰ ਜ਼ੀਰਾ ਖਿਲਾਫ਼ ਕੇਸ ਦਰਜ ਕਰਨਾ ਨਿੰਦਣਯੋਗ : ਰਮਨ ਬਹਿਲ

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਜ਼ੀਰਾ ਦੇ ਸਾਬਕਾ ਵਿਧਾਇਕ ਕੁਲਬੀਰ ਸਿੰਘ ਜ਼ੀਰਾ ਖਿਲਾਫ਼ ਸਰਕਾਰ ਦੇ ਦਬਾਅ ਹੇਠ ਤੇ ਕਥਿਤ ਸੋਚੀ ਸਮਝੀ ਸਾਜ਼ਿਸ਼ ਤਹਿਤ ਦਰਜ ਕੀਤਾ ਗਿਆ ਕੇਸ ਨਿੰਦਣਯੋਗ ਹੈ। ਜ਼ੀਰਾ ਪੁਲਸ ਵੱਲੋਂ ਦਰਜ ਕੀਤੇ ਗਏ ਇਸ ਕੇਸ ਨੂੰ ਲੈ ਕੇ ਕਾਂਗਰਸੀ ਆਗੂਆਂ ਤੇ ਵਰਕਰਾਂ ਵਿੱਚ ਭਾਰੀ ਰੋਸ ਹੈ। ਇਹ ਵਿਚਾਰ ਪ੍ਰਗਟ ਕਰਦਿਆਂ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਮੀਤ ਪ੍ਰਧਾਨ ਰਮਨ ਬਹਿਲ ਨੇ ਕਿਹਾ ਕਿ ਸਰਕਾਰ ਆਪਣੀਆਂ ਨਾਕਾਮੀਆਂ ਨੂੰ ਛੁਪਾਉਣ ਲਈ ਕਾਂਗਰਸੀ ਆਗੂਆਂ 'ਤੇ ਝੂਠੇ ਪਰਚੇ ਦਰਜ ਕਰ ਰਹੀ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਇਨ੍ਹਾਂ ਕਾਰਵਾਈਆਂ ਦਾ ਸਖਤ ਵਿਰੋਧ ਕੀਤਾ ਜਾਵੇਗਾ। ਰਮਨ ਬਹਿਲ ਨੇ ਕਿਹਾ ਕਿ ਜੇਕਰ ਪੁਲਸ ਉਕਤ ਮਾਮਲੇ 'ਚ ਸਾਬਕਾ ਵਿਧਾਇਕ ਕੁਲਬੀਰ ਜ਼ੀਰਾ ਨੂੰ ਗ੍ਰਿਫਤਾਰ ਕਰਦੀ ਹੈ ਜਾਂ ਕੋਈ ਕਾਰਵਾਈ ਕਰਦੀ ਹੈ ਤਾਂ ਕਾਂਗਰਸੀ ਆਗੂ ਤੇ ਵਰਕਰ ਉਸ ਖਿਲਾਫ ਸੰਘਰਸ਼ ਕਰਨਗੇ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਪੁਲਸ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਉਨ੍ਹਾਂ ਨਾਲ ਕਾਂਗਰਸੀ ਆਗੂ ਲਾਡੀ ਧਵਨ, ਬਗੀਚਾ ਸਿੰਘ ਸਾਬਕਾ ਸਰਪੰਚ, ਹਰਬੰਸ ਲਾਲ, ਭੋਲਾ ਬਹਿਲ ਲੋਪੋ, ਕੁਲਵਿੰਦਰ ਬਹਿਲ ਆਦਿ ਹਾਜ਼ਰ ਸਨ।

ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਨਵੀਂ ਇਕਾਈ ਦਾ ਗਠਨ

ਮੱਖੂ (ਰਛਪਾਲ ਸਿੰਘ ਸੰਧੂ) : ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਇੰਦਰਜੀਤ ਸਿੰਘ ਬਾਠ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ੋਨ ਮੱਖੂ ਦੇ ਪ੍ਰਧਾਨ ਵੀਰ ਸਿੰਘ ਨਿਜਾਮਦੀਨ ਵਾਲਾ ਤੇ ਜ਼ੋਨ ਖਜ਼ਾਨਚੀ ਲਖਵਿੰਦਰ ਸਿੰਘ ਬਸਤੀ ਨਾਮਦੇਵ ਵਾਲਿਆਂ ਸਾਂਝੇ ਉਦਮ ਸਦਕਾ ਬਲਾਕ ਮਖੂ ਦੇ ਪਿੰਡ ਕੁਤਬਪੁਰ ਤੇ ਅਰਾਈਆਂਵਾਲਾ ਦੀ ਸੰਯੁਕਤ ਤੌਰ 'ਤੇ ਇਕਾਈ ਦਾ ਗਠਨ ਕੀਤਾ ਗਿਆ। ਸਰਬਸੰਮਤੀ ਨਾਲ ਹੋਈ ਚੋਣ ਦੌਰਾਨ ਪਰਵਿੰਦਰ ਸਿੰਘ ਪ੍ਰਧਾਨ, ਦਰਸ਼ਨ ਸਿੰਘ ਸੀਨੀਅਰ ਮੀਤ ਪ੍ਰਧਾਨ, ਪਰਗਟ ਸਿੰਘ, ਬਲਵੰਤ ਸਿੰਘ ਮੀਤ ਪ੍ਰਧਾਨ, ਸੁਖਚੈਨ ਸਿੰਘ ਸਕੱਤਰ, ਕੁਲਦੀਪ ਸਿੰਘ ਖਜ਼ਾਨਚੀ, ਜਸਵੰਤ ਸਿੰਘ, ਮਲਕੀਤ ਸਿੰਘ, ਬਲਜੀਤ ਸਿੰਘ ਮੀਤ ਸਕੱਤਰ, ਗੁਰਮੇਲ ਸਿੰਘ, ਇੰਦਰਜੀਤ ਸਿੰਘ ਮੀਤ ਖਜ਼ਾਨਚੀ, ਦਵਿੰਦਰ ਸਿੰਘ, ਲਖਵਿੰਦਰ ਸਿੰਘ, ਰਣਜੀਤ ਸਿੰਘ, ਕਰਤਾਰ ਸਿੰਘ, ਕਾਲਾ ਸਿੰਘ ਨੂੰ ਮੈਂਬਰ ਚੁਣਿਆ ਗਿਆ। ਦੋ ਪਿੰਡਾਂ ਦੀ ਸੰਯੁਕਤ ਰੂਪ 'ਤੇ ਚੁਣੀ ਗਈ ਇਕਾਈ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਵਧਾਈਆਂ ਦਿੰਦੇ ਹੋਏ ਪ੍ਰਧਾਨ ਵੀਰ ਸਿੰਘ ਨਿਜਾਮਦੀਨ ਵਾਲਾ ਤੇ ਖਜ਼ਾਨਚੀ ਲਖਵਿੰਦਰ ਸਿੰਘ ਵਸਤੀ ਨਾਮਦੇਵ ਵਾਲਾ ਨੇ ਕਿਹਾ ਕਿ ਆਸ ਕਰਦੇ ਹਾਂ ਕਿ ਇਹ ਚੁਣੀ ਗਈ ਇਕਾਈ ਪਿੰਡ ਦੇ ਮਸਲਿਆਂ ਨੂੰ ਪਿੰਡਾਂ ਵਿੱਚ ਹੀ ਹੱਲ ਕਰਵਾਉਣ ਲਈ ਵਚਨਬੱਧ ਰਹੇਗੀ।

ਮਜ਼ਦੂਰਾਂ ਨੇ 8 ਘੰਟੇ ਕੰਮ ਕਰਨ ਦੀ ਮੰਗ ਉਠਾਈ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਉਸਾਰੀ ਮਜ਼ਦੂਰ ਅਤੇ ਮਜ਼ਦੂਰ ਯੂਨੀਅਨ ਏਟਕ ਦੀ ਬਲਾਕ ਕਮੇਟੀ ਦੀ ਮੀਟਿੰਗ ਹੋਈ ਜਿਸ ਵਿਚ ਬਲਾਕ ਸਕੱਤਰ ਰਮੇਸ਼, ਬਲਾਕ ਪ੍ਰਧਾਨ ਦਰਸ਼ਨ ਕੁਮਾਰ, ਤਾਰਾ ਸਿੰਘ, ਨਿਰਮਲ ਸਿੰਘ, ਸੁਰਜੀਤ ਸਿੰਘ, ਵਿਜੇ ਕੁਮਾਰ, ਜਨਕ ਰਾਜ, ਸੋਮਰਾਜ, ਸੁਰਿੰਦਰ ਸਿੰਘ, ਸ਼ਿਵ, ਜਗਦੀਸ਼, ਸੁਰਜੀਤ ਸਿੰਘ ਅਤੇ ਜ਼ਿਲ੍ਹਾ ਪ੍ਰਧਾਨ ਸੁਭਾਸ਼ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਸੁਭਾਸ਼ ਕੈਰੇ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਫੈਕਟਰੀ ਮਾਲਕਾਂ ਅਤੇ ਵੱਡੇ ਕਾਰੋਬਾਰੀਆਂ ਦੀ ਮਿਲੀਭੁਗਤ ਨਾਲ ਪੰਜਾਬ ਦੇ ਸਨਅਤੀ ਮਜ਼ਦੂਰਾਂ, ਭੱਠਾ ਮਾਲਕਾਂ ਤੇ ਮੁਲਾਜ਼ਮਾਂ ਤੇ ਨੋਟਬੰਦੀ ਵਾਲਾ ਫੈਸਲਾ ਲਾਗੂ ਕੀਤਾ ਹੈ। ਕੰਮ ਦੇ ਘੰਟੇ 8 ਘੰਟੇ ਤੋਂ ਵਧਾ ਕੇ 12 ਘੰਟੇ ਕਰ ਦਿੱਤੇ ਗਏ ਹਨ ਅਤੇ 2022 ਤੋਂ ਬਾਅਦ ਮਜ਼ਦੂਰਾਂ ਦੀ ਦਿਹਾੜੀ ਵਿੱਚ ਕੋਈ ਵਾਧਾ ਨਹੀਂ ਹੋਵੇਗਾ। ਪੰਜਾਬ ਦੀਆਂ ਚਾਰ ਮਜ਼ਦੂਰ ਜਥੇਬੰਦੀਆਂ ਵੱਲੋਂ ਮਜ਼ਦੂਰਾਂ ਤੇ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਲੈ ਕੇ 3 ਨਵੰਬਰ ਨੂੰ ਸਵੇਰੇ 11 ਵਜੇ ਕਿਰਤ ਭਵਨ ਮੁਹਾਲੀ ਵਿਖੇ ਸੂਬਾ ਪੱਧਰੀ ਰੈਲੀ ਕੀਤੀ ਜਾ ਰਹੀ ਹੈ। ਮੀਟਿੰਗ ਵਿੱਚ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਮਜ਼ਦੂਰਾਂ ਦੀ ਦਿਹਾੜੀ 8 ਘੰਟੇ ਕੀਤੀ ਜਾਵੇ ਅਤੇ ਕਿਰਤ ਕਾਨੂੰਨਾਂ ਦੀ ਪਾਲਣਾ ਕੀਤੀ ਜਾਵੇ। ਚਾਰ ਮਜ਼ਦੂਰ ਵਿਰੋਧੀ ਲੇਬਰ ਕੋਡ ਰੱਦ ਕੀਤੇ ਜਾਣ, ਮਨਰੇਗਾ ਤਹਿਤ ਦਿਹਾੜੀ 700 ਰੁਪਏ ਕੀਤੀ ਜਾਵੇ। ਰਜਿਸਟਰਡ ਲਾਭਪਾਤਰੀ ਮਜ਼ਦੂਰਾਂ ਦੀ ਮੌਤ ਤੋਂ ਬਾਅਦ ਐਕਸਗ੍ਰੇਸ਼ੀਆ ਦੀ ਰਾਸ਼ੀ 2 ਲੱਖ ਰੁਪਏ ਤੋਂ ਵਧਾ ਕੇ 5 ਲੱਖ ਰੁਪਏ ਕੀਤੀ ਜਾਵੇ।

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਕੈਂਪ

ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸ਼੍ਰੀ ਅਰੁਣ ਗੁਪਤਾ ਜ਼ਿਲ੍ਹਾ ਤੇ ਸੈਸ਼ਨਜ਼ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਅਗਵਾਈ ਹੇਠ ਨਸ਼ਿਆਂ ਖਿਲਾਫ ਪਿੰਡ ਚਨਾਰਥਲ ਕਲਾਂ ਦੇ ਸੀਨੀਅਰ ਸੈਕੰਡਰੀ ਸਕੂਲ ਵਿਖੇ ਵਿਸ਼ਾਲ ਜਾਗਰੂਕਤਾ ਕੈਂਪ ਲਾਇਆ ਗਿਆ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਸਕੱਤਰ ਸ਼੍ਰੀਮਤੀ ਮਨਪ੍ਰੀਤ ਕੌਰ ਨੇ ਦੱਸਿਆ ਕਿ ਪਿੰਡ ਚਨਾਰਥਲ ਕਲਾਂ ਦੇ ਸਕੂਲ ਦੇ ਬੱਚਿਆਂ ਨੂੰ ਨਸ਼ਿਆਂ ਖਿਲਾਫ ਜਾਗਰੂਕ ਕੀਤਾ ਗਿਆ। ਉਨ੍ਹਾ ਕਿਹਾ ਕਿ ਵਿਦਿਆਰਥੀ ਵਰਗ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਬਚਾਉਣਾ ਬਹੁਤ ਜ਼ਰੂਰੀ ਹੈ, ਕਿਉਂਕਿ ਛੋਟੀ ਉਮਰ ਵਿੱਚ ਹੀ ਗਲਤ ਸੰਗਤ ਕਾਰਨ ਉਹ ਇਸ ਨਾਮੁਰਾਦ ਬਿਮਾਰੀ ਦੇ ਸ਼ਿਕਾਰ ਹੋ ਸਕਦੇ ਹਨ। ਉਨ੍ਹਾ ਕਿਹਾ ਕਿ ਨਸ਼ਿਆਂ ਕਾਰਨ ਕਈ ਘਰਾਂ ਦੇ ਚਰਾਗ ਬੁਝ ਚੁੱਕੇ ਹਨ, ਜਿਸ ਨੂੰ ਮੁੱਖ ਰੱਖਦੇ ਹੋਏ ਇਹ ਜਾਗਰੂਕਤਾ ਮੁਹਿੰਮ ਅਰੰਭੀ ਗਈ ਹੈ ਤਾਂ ਜੋ ਸਮਾਜ ਵਿੱਚੋਂ ਨਸ਼ਿਆਂ ਦਾ ਖਾਤਮਾ ਕੀਤਾ ਜਾ ਸਕੇ। ਸ਼੍ਰੀਮਤੀ ਮਨਪ੍ਰੀਤ ਕੌਰ ਨੇ ਸਕੂਲ ਦੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ ਤੇ ਇਨ੍ਹਾਂ ਤੋਂ ਦੂਰ ਰਹਿਣ ਲਈ ਵੀ ਪ੍ਰੇਰਿਆ। ਉਨ੍ਹਾ ਵਿਦਿਆਰਥੀਆਂ ਨੂੰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕੰਮਾਂ ਬਾਰੇ ਜਾਣਕਾਰੀ ਦਿੱਤੀ ਤੇ ਵਿਦਿਆਰਥੀਆਂ ਦੇ ਕਾਨੂੰਨੀ ਹੱਕਾਂ ਬਾਰੇ ਵੀ ਦੱਸਿਆ। ਕੈਂਪ ਦੌਰਾਨ ਪੈਨਲ ਵਕੀਲ ਐਡਵੋਕੇਟ ਗੌਰਵ ਰਬਰ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਦੀ ਰੋਕਥਾਮ ਲਈ ਜਾਗਰੂਕ ਕੀਤਾ। ਇਸ ਮੌਕੇ ਨਸ਼ਿਆਂ ਖਿਲਾਫ ਤਿਆਰ ਕਰਵਾਏ ਬੈਨਰ ਵੀ ਵੰਡੇ ਗਏ ਤੇ ਵਿਦਿਆਰਥੀਆਂ ਵੱਲੋਂ ਨਸ਼ਿਆਂ ਖਿਲਾਫ ਨਾਟਕ ਵੀ ਪੇਸ਼ ਕੀਤਾ ਗਿਆ।

ਗੁਰਦੁਆਰਾ ਸਾਹਿਬ 'ਚ ਔਰਤ ਨਾਲ ਬਦਸਲੂਕੀ ਕਰਨ ਦੇ ਦੋਸ਼ 'ਚ ਪਿਓ-ਪੁੱਤਰ ਵਿਰੁੱਧ ਕੇਸ ਦਰਜ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ) -ਪਿੰਡ ਸਿੱਧੂਪੁਰ ਕਲਾਂ ਵਿਖੇ ਗੁਰੂਦੁਆਰਾ ਸਾਹਿਬ 'ਚ ਬੁਲਾ ਕੇ ਔਰਤ ਨਾਲ ਬਦਸਲੂਕੀ ਕਰਨ ਅਤੇ ਖਿੱਚ-ਧੂਹ ਕਰਨ ਦੇ ਕਥਿਤ ਮਾਮਲੇ 'ਚ ਖਮਾਣੋਂ ਪੁਲਸ ਵੱ

16-Oct-PAGE-3.qxd 10/15/2023 9:56 PM Page 1

ਸੀ ਟੀ ਯੂ ਪੰਜਾਬ ਨੇ ਮਜ਼ਦੂਰਾਂ ਦੀਆਂ ਮੁੱਖ ਮੰਗਾਂ ਨੂੰ ਲੈ ਕੇ ਸੀ ਐੱਮ ਨੂੰ ਭੇਜਿਆ ਮੰਗ ਪੱਤਰ

ਪਠਾਨਕੋਟ (ਦਵਿੰਦਰ ਸਿੰਘ)

ਸੈਂਟਰ ਆਫ ਟਰੇਡ ਯੂਨੀਅਨਜ਼ (ਸੀਟੀਯੂ) ਪੰਜਾਬ ਦੇ ਸੱਦੇ ਉੱਤੇ ਮਜ਼ਦੂਰਾਂ ਦੀਆਂ ਮੁੱਖ ਮੰਗਾਂ ਨੂੰ ਲੈ ਕੇ 9 ਅਕਤੂਬਰ ਤੋਂ 13 ਅਕਤੂਬਰ ਤੱਕ ਸਾਰੇ ਪੰਜਾਬ ਅੰਦਰ ਉਲੀਕੇ ਪ੍ਰੋਗਰਾਮ ਤਹਿਤ ਸੀਟੀਯੂ ਪੰਜਾਬ ਦੇ ਜਨਰਲ ਸਕੱਤਰ ਕਾਮਰੇਡ ਨੱਥਾ ਸਿੰਘ ਢਡਵਾਲ ਅਤੇ ਵਿੱਤ ਸਕੱਤਰ ਕਾਮਰੇਡ ਸ਼ਿਵ ਕੁਮਾਰ ਦੀ ਅਗਵਾਈ ਹੇਠ ਮਿਲੇ ਵਫਦ ਨੇ ਡਿਪਟੀ ਕਮਿਸ਼ਨਰ ਜ਼ਿਲ੍ਹਾ ਪਠਾਨਕੋਟ ਰਾਹੀਂ ਮੁੱਖ ਮੰਤਰੀ ਪੰਜਾਬ ਅਤੇ ਕਿਰਤ ਮੰਤਰੀ ਪੰਜਾਬ ਸਰਕਾਰ ਨੂੰ ਮੰਗ ਪੱਤਰ ਭੇਜਿਆ। ਮੰਗ ਕੀਤੀ ਕਿ ਪੰਜਾਬ ਸਰਕਾਰ ਵਲੋਂ ਕੰਮ ਦਿਹਾੜੀ ਦਾ ਸਮਾਂ ਅੱਠ ਘੰਟੇ ਤੋਂ ਵਧਾ ਕੇ ਬਾਰਾਂ ਘੰਟੇ ਕਰਨ ਦਾ ਨੋਟੀਫਿਕੇਸ਼ਨ ਰੱਦ ਕੀਤਾ ਜਾਵੇ, ਮਜ਼ਦੂਰਾਂ ਦੀਆਂ ਘੱਟੋ-ਘੱਟ ਉਜਰਤਾਂ ਵਿੱਚ ਸੋਧ ਕਰਕੇ ਗੈਰ-ਹੁਨਰਮੰਦ ਮਜ਼ਦੂਰ ਦੀ ਘੱਟੋ-ਘੱਟ ਤਨਖਾਹ 26000 ਰੁਪਏ ਪ੍ਰਤੀ ਮਹੀਨਾ ਨਿਸਚਿਤ ਕੀਤੀ ਜਾਵੇ ਅਤੇ ਇਸੇ ਅਨੁਪਾਤ ਨਾਲ ਉਪਰਲੀਆਂ ਕੈਟਾਗਿਰੀਆਂ ਵਿੱਚ ਕੰਮ ਕਰਦੇ ਮਜ਼ਦੂਰਾਂ ਦੀਆਂ ਤਨਖਾਹਾਂ ਵਿੱਚ ਵਾਧਾ ਕੀਤਾ ਜਾਵੇ, ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਰੱਦ ਕੀਤੇ ਜਾਣ, ਨਿਰਮਾਣ ਮਜ਼ਦੂਰਾਂ ਨੂੰ ਮਿਲਦੀਆਂ ਲਾਭਕਾਰੀ ਸਕੀਮਾਂ ਦੀਆਂ ਸ਼ਰਤਾਂ ਨਰਮ ਕੀਤੀਆਂ ਜਾਣ ਅਤੇ ਵਾਰ-ਵਾਰ ਆਬਜੈਕਸ਼ਨ ਲਾਉਣੇ ਬੰਦ ਕੀਤੇ ਜਾਣ, ਆਂਗਣਵਾੜੀ ਵਰਕਰਾਂ ਹੈਲਪਰਾਂ ਆਸ਼ਾ ਵਰਕਰਾਂ ਮਿਡ ਡੇ ਮੀਲ ਵਰਕਰਾਂ ਨੂੰ ਵਰਕਰ ਦਾ ਦਰਜਾ ਦੇ ਕੇ ਘੱਟੋ-ਘੱਟ ਉਜਰਤਾਂ ਦੇ ਘੇਰੇ ਵਿੱਚ ਸ਼ਾਮਲ ਕੀਤਾ ਜਾਵੇ, ਹਾਈ ਡਰਾਫਟ ਭੱਠਿਆਂ ਦੇ ਕਿਰਤੀਆਂ ਦੀਆਂ ਘੱਟੋ ਘੱਟ ਉਜਰਤਾਂ ਕਿਰਤ ਕਮਿਸ਼ਨਰ ਪੰਜਾਬ ਵਲੋਂ ਬਣਾਈ ਗਈ ਕਮੇਟੀ ਦੀਆਂ

ਸਿਫਾਰਸ਼ਾਂ ਅਨੁਸਾਰ ਤੈਅ ਕੀਤੀਆਂ ਜਾਣ, ਠੇਕਾ ਭਰਤੀ/ਆਊਟਸੋਰਸ ਸਫਾਈ ਕਾਮਿਆਂ/ਟਰਾਂਸਪੋਰਟ ਵਰਕਰਾਂ ਨੂੰ ਬਿਨਾਂ ਭੇਦ ਭਾਵ ਦੇ ਰੈਗੂਲਰ ਕੀਤਾ ਜਾਵੇ, ਮਨਰੇਗਾ ਵਰਕਰਾਂ ਨੂੰ ਸਾਰਾ ਸਾਲ ਕੰਮ ਦਿੱਤਾ ਜਾਵੇ ਤੇ ਮਨਰੇਗਾ ਸਕੀਮ ਸ਼ਹਿਰਾਂ ਵਿਚ ਵੀ ਲਾਗੂ ਕੀਤੀ ਜਾਵੇ ਅਤੇ ਦਿਹਾੜੀ ਘੱਟੋ-ਘੱਟ 700 ਰੁਪਏ ਨਿਸਚਿਤ ਕੀਤੀ ਜਾਵੇ, ਘਰੇਲੂ ਮਜ਼ਦੂਰ ਰਜਿਸਟ੍ਰੇਸ਼ਨ ਮੁੜ ਚਾਲੂ ਕੀਤੀ ਜਾਵੇ, ਪੰਜਾਬ ਘਰੇਲੂ ਮਜ਼ਦੂਰ ਯੂਨੀਅਨ ਦੇ ਦੋ ਨੁਮਾਇੰਦੇ "ਪੰਜਾਬ ਰਾਜ ਸਮਾਜਿਕ ਸੁਰੱਖਿਆ ਬੋਰਡ" ਵਿੱਚ ਸ਼ਾਮਲ ਕੀਤੇ ਜਾਣ ਅਤੇ ਮਜ਼ਦੂਰਾਂ ਦੀਆਂ ਹੋਰ ਮੰਗਾਂ ਤੇ ਪੇਸ਼ ਆ ਰਹੀਆਂ ਮੁਸ਼ਕਲਾਂ ਮੰਗ ਪੱਤਰ ਵਿੱਚ ਸ਼ਾਮਲ ਹਨ। ਮੰਗ ਪੱਤਰ ਦੇਣ ਉਪਰੰਤ ਜਾਰੀ ਪ੍ਰੈਸ ਬਿਆਨ ਵਿਚ ਕਿਹਾ ਕਿ ਆਮ ਆਦਮੀ ਪਾਰਟੀ ਨੇ ਮਜ਼ਦੂਰਾਂ ਦੀਆਂ ਵੋਟਾਂ ਲੈ ਕੇ ਮਾਨ ਸਰਕਾਰ ਨੇ ਮਜ਼ਦੂਰਾਂ ਨਾਲ ਧੋਖਾ ਕਰਦਿਆਂ ਮਜ਼ਦੂਰ ਦੀ ਕੰਮ ਦਿਹਾੜੀ ਦਾ ਸਮਾਂ ਅੱਠ ਘੰਟੇ ਤੋਂ ਵਧਾ ਕੇ ਬਾਰਾਂ ਘੰਟੇ ਕਰਕੇ ਮਜ਼ਦੂਰ ਜਮਾਤ ਨਾਲ ਵਿਸ਼ਵਾਸਘਾਤ ਕੀਤਾ ਅਤੇ ਪਿਛਲੇ ਗਿਆਰਾਂ ਸਾਲ ਤੋਂ ਕਿਸੇ ਵੀ ਸਰਕਾਰ ਮਿਨੀਮਮ ਵੇਜ਼ ਵਿੱਚ ਸੋਧ ਨਹੀਂ ਕੀਤੀ ਤੇ ਹੁਣ ਮਾਨ ਸਰਕਾਰ ਨੇ ਵੀ ਮਜ਼ਦੂਰਾਂ ਇਸ ਮੰਗ ਵੀ ਅਣਡਿੱਠ ਕੀਤਾ। ਪੰਜਾਬ ਸਰਕਾਰ ਦੇ ਇਨ੍ਹਾਂ ਮਜ਼ਦੂਰ ਵਿਰੋਧੀ ਕਦਮਾਂ ਦੇ ਖਿਲਾਫ ਪੰਜਾਬ ਦੀਆਂ ਮੁੱਖ ਟਰੇਡ ਯੂਨੀਅਨਾਂ ਦੇ ਸਾਂਝੇ ਮੋਰਚੇ ਵੱਲੋਂ 3 ਨਵੰਬਰ ਨੂੰ ਲੇਬਰ ਕਮਿਸ਼ਨਰ ਪੰਜਾਬ ਦੇ ਮੁੱਖ ਦਫਤਰ ਮੁਹਾਲੀ ਸਾਹਮਣੇ ਵਿਸ਼ਾਲ ਰੋਸ ਰੈਲੀ ਅਤੇ ਪ੍ਰਦਰਸ਼ਨ ਕੀਤਾ ਜਾਵੇਗਾ। ਉਨ੍ਹਾਂ ਦਿਹਾਤੀ ਮਜ਼ਦੂਰ ਸਭਾ ਵਲੋਂ ਜ਼ਿਲ੍ਹਾ ਹੈੱਡਕੁਆਰਟਰ ਪਠਾਨਕੋਟ ਵਿਖੇ ਅਣਮਿੱਥੇ ਸਮੇਂ ਲਈ ਲੱਗੇ ਧਰਨੇ ਦੀ ਹਮਾਇਤ ਕਰਦਿਆਂ 16 ਅਕਤੂਬਰ ਨੂੰ 12 ਵਜੇ ਤੋਂ 2 ਵਜੇ ਤੱਕ ਦੋ ਘੰਟੇ ਲਈ ਨੈਸ਼ਨਲ ਹਾਈਵੇ 'ਤੇ ਬੈਠਣ ਦੇ ਫੈਸਲੇ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਉਪਰੋਕਤ ਤੋਂ ਇਲਾਵਾ ਤਿਲਕ ਰਾਜ ਜਿਆਣੀ, ਰਾਮ ਬਿਲਾਸ, ਤਰੀਭਵਨ ਸਿੰਘ, ਸੋਹਨ ਲਾਲ, ਸਕੱਤਰ ਸਿੰਘ, ਦੇਵ ਰਾਜ, ਮਨਹਰਨ, ਸਰਵਣ ਸਿੰਘ, ਰਣਜੋਧ ਸਿੰਘ, ਹੀਰਾ ਲਾਲ ਅਤੇ ਹੋਰ ਸਾਥੀ ਹਾਜ਼ਰ ਸਨ।

ਅਜਨਾਲਾ ਦੇ ਕੈਡਿਟਾਂ ਨੇ ਸੱਕੀ ਨਾਲੇ ਨੂੰ ਕੀਤਾ ਗੰਦਗੀ ਮੁਕਤ

ਫ਼ਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)

ਗਿਆਰਾਂ ਪੰਜਾਬ ਬਟਾਲੀਅਨ ਐੱਨਸੀਸੀ ਅੰਮ੍ਰਿਤਸਰ ਦੇ ਕਮਾਂਡਿੰਗ ਅਫਸਰ ਬਰਿੰਦਰ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡੀਜੀਐੱਨਸੀਸੀ ਦੁਆਰਾ ਮਿੱਥੇ ਪੁਨੀਤ ਸਾਗਰ ਅਭਿਆਨ ਤਹਿਤ ਜਿਲ੍ਹਾ ਸਿੱਖਿਆ ਅਫਸਰ ਵਿਨੋਦ ਕੁਮਾਰ ਅਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਲਖਵਿੰਦਰ ਸਿੰਘ ਦੀ ਰਹਿਨੁਮਾਈ ਹੇਠ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਫਤਿਹਗੜ੍ਹ ਚੂੜੀਆਂ ਦੀਆਂ ਕੈਡਿਟਸ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਅਜਨਾਲਾ ਦੇ ਕੈਡਿਟਾਂ ਨੇ ਸ਼ਹਿਰ ਨਾਲ ਲੱਗਦੇ ਸੱਕੀ ਨਾਲੇ ਦੀ ਸਫਾਈ ਕੀਤੀ। ਕੈਡਿਟ ਲੜਕੇ ਤੇ ਲੜਕੀਆਂ ਨੇ ਮਾਸਕ ਲਗਾ ਕੇ ਅਤੇ ਹੱਥਾਂ ਨੂੰ ਦਸਤਾਨੇ ਪਾ ਕੇ ਪਾਣੀ ਵਿੱਚੋਂ ਲਿਫ਼ਾਫ਼ੇ, ਪਲਾਸਟਿਕ ਦੀਆਂ ਬੋਤਲਾਂ ਅਤੇ ਹੋਰ ਸਾਮਾਨ ਆਦਿ ਬਾਹਰ ਕੱਢ ਕੇ ਡਿਸਪੋਜ਼ ਕੀਤਾ। ਕੈਡਿਟਾਂ ਨੇ ਪਹਿਲਾਂ ਸਕੂਲ ਵਿੱਚੋਂ ਇੱਕ ਰੈਲੀ ਦੇ ਰੂਪ ਵਿੱਚ ਉਸ ਸਥਾਨ ਵੱਲ ਜਾਂਦਿਆਂ ਰਸਤੇ ਵਿੱਚ ਲੋਕਾਂ ਨੂੰ ਪਾਣੀ ਦੀ ਸਾਫ ਸਫਾਈ ਲਈ ਜਾਗਰੂਕ ਕਰਨ ਲਈ ਅਸਮਾਨ ਗੂੰਜਾਊ ਨਾਅਰੇ ਜਿਵੇਂ ਕਿ 'ਪਾਣੀ ਬਚਾਓ, ਜੀਵਨ ਬਚਾਓ,' 'ਸਾਫ ਹਵਾ ਔਰ ਪਾਣੀ ਹੋ 'ਜੀਨੇ ਮੇਂ ਅਸਾਨੀ ਹੋ' ਆਦਿ ਲਗਾਏ। ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਫਤਿਹਗੜ੍ਹ ਚੂੜੀਆਂ ਦੇ ਪ੍ਰਿੰ. ਅਨੀਤਾ ਅਰੋੜਾ ਦੀ ਰਹਿਨੁਮਾਈ ਹੇਠ ਕੈਪਟਨ ਅਮਰਬੀਰ ਸਿੰਘ ਅਤੇ ਲੈਕ. ਗੁਰਪ੍ਰੀਤ ਸਿੰਘ 35 ਕੈਡਿਟ ਲੜਕੀਆਂ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਅਜਨਾਲਾ ਦੇ ਪ੍ਰਿੰ. ਮੋਨਿਕਾ ਮਹਾਜਨ ਦੀ ਰਹਿਨੁਮਾਈ ਹੇਠ ਐੱਨਸੀਸੀ ਅਫਸਰਾਂ ਗੁਰਪ੍ਰੀਤ ਸਿੰਘ ਰਿਆੜ ਅਤੇ ਵਿਨੋਦ ਚੌਹਾਨ

ਦੀ ਅਗਵਾਈ ਹੇਠ ਜੂਨੀਅਰ ਡਿਵੀਜ਼ਨ ਅਤੇ ਸੀਨੀਅਰ ਡਿਵੀਜ਼ਨ ਦੇ 100 ਕੈਡਿਟਾਂ ਨੇ ਇਸ ਅਭਿਆਨ ਨੂੰ ਨੇਪਰੇ ਚਾੜ੍ਹਿਆ। ਇਸ ਮੌਕੇ ਸੁਪਰਡੰਟ ਵਿਨੈ ਕੁਮਾਰ, ਐੱਸਐੱਮ ਅਮਰਜੀਤ ਸਿੰਘ, ਦਫਤਰੀ ਅਮਲਾ ਮੁਨੀਸ਼ ਅਬਰੋਲ, ਮਨਜਿੰਦਰ ਸਿੰਘ, ਸਰਵਨ ਕੁਮਾਰ, ਕਰਮਜੀਤ ਕੌਰ ਅਤੇ ਸਿਮਰਨਜੀਤ ਕੌਰ ਦਾ ਇਸ ਲਈ ਵਿਸ਼ੇਸ ਯੋਗਦਾਨ ਰਿਹਾ।

ਡੀ ਸੀ ਵੱਲੋਂ ਗੁਰਦਾਸਪੁਰ ਮੰਡੀ ਦਾ ਵਰ੍ਹਦੇ ਮੀਂਹ 'ਚ ਦੌਰਾ

ਝੋਨੇ ਦੇ ਸੀਜ਼ਨ ਦੌਰਾਨ ਅਧਿਕਾਰੀਆਂ ਨੂੰ ਪੂਰੀ ਤਰ੍ਹਾਂ ਮੁਸਤੈਦ ਰਹਿਣ ਦੇ ਨਿਰਦੇਸ਼

ਕਾਦੀਆਂ, (ਯਾਦਵਿੰਦਰ ਸਿੰਘ ਮਲਹੋਤਰਾ)

ਝੋਨੇ ਦੀ ਖਰੀਦ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਵਰ੍ਹਦੇ ਮੀਂਹ ਵਿੱਚ ਦਾਣਾ ਮੰਡੀ ਗੁਰਦਾਸਪੁਰ ਦਾ ਦੌਰਾ ਕੀਤਾ ਗਿਆ। ਆਪਣੇ ਦੌਰੇ ਦੌਰਾਨ ਉਨ੍ਹਾਂ ਪਾਇਆ ਕਿ ਮੰਡੀ ਵਿੱਚ ਕਾਫੀ ਹੱਦ ਤੱਕ ਪ੍ਰਬੰਧ ਮੁਕੰਮਲ ਸਨ ਪਰ ਕੁਝ ਝੋਨੇ ਦੀਆਂ ਢੇਰੀਆਂ ਨੂੰ ਤਰਪਾਲਾਂ ਨਾਲ ਢੱਕਿਆ ਨਹੀਂ ਸੀ ਗਿਆ। ਇਸ ਅਣਗਿਹਲੀ ਦਾ ਸਖ਼ਤ ਨੋਟਿਸ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਮੰਡੀ ਅਫ਼ਸਰ ਗੁਰਦਾਸਪੁਰ ਨੂੰ ਮੌਕੇ 'ਤੇ ਹੀ ਬੁਲਾ ਕੇ ਸਬੰਧਤ ਅਧਿਕਾਰੀਆਂ ਅਤੇ ਵਿਅਕਤੀਆਂ ਖ਼ਿਲਾਫ ਕਾਰਵਾਈ ਸ਼ੁਰੂ ਕਰਨ ਲਈ ਕਿਹਾ। ਇਸ ਮੌਕੇ ਉਨ੍ਹਾਂ ਨੇ ਤੁਰੰਤ ਝੋਨੇ ਦੀਆਂ ਬੋਰੀਆਂ ਨੂੰ ਤਰਪਾਲਾਂ ਨਾਲ ਕਵਰ ਕਰਵਾਇਆ। ਕਿਸਾਨਾਂ ਅਤੇ ਜ਼ਿੰਮੀਦਾਰਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀ ਫ਼ਸਲ ਦੀ ਖ਼ਰੀਦ ਵਿੱਚ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਸਮੂਹ ਅਧਿਕਾਰੀਆਂ ਨੂੰ ਹਦਾਇਤ ਦਿੱਤੀ ਕਿ ਉਹ ਝੋਨੇ ਦੇ ਖ਼ਰੀਦ ਸੀਜ਼ਨ ਦੌਰਾਨ ਪੂਰੀ ਤਰਾਂ ਮੁਸਤੈਦ ਰਹਿੰਦੇ ਹੋਏ ਕਿਸਾਨਾਂ ਦੇ ਹਮਾਇਤੀ ਬਣ ਕੇ ਕੰਮ ਕਰਨ। ਉਨ੍ਹਾਂ ਕਿਹਾ ਕਿ ਮੀਂਹ ਦੀ ਸੰਭਾਵਨਾ ਨੂੰ ਦੇਖਦੇ ਹੋਏ ਆੜ੍ਹਤੀਆਂ ਵੱਲੋਂ ਲੋੜੀਂਦੀ ਮਾਤਰਾ ਵਿੱਚ ਤਰਪਾਲਾਂ ਆਦਿ ਦਾ ਪ੍ਰਬੰਧ ਕਰਨਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਖ਼ਰੀਦੇ ਗਏ ਝੋਨੇ ਦੀ ਨਾਲੋ-ਨਾਲ ਲਿਫਟਿੰਗ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਤਰ੍ਹਾਂ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਕਿਸਾਨਾਂ ਦੀ ਫ਼ਸਲ ਨੂੰ ਸਮੇਂ ਸਿਰ ਪੂਰੇ ਭਾਅ ਉੱਪਰ ਖ਼ਰੀਦਿਆ ਜਾ ਰਿਹਾ ਹੈ। ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਪੂਰੀ ਤਰ੍ਹਾਂ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਲੈ ਕੇ ਆਉਣ ਤਾਂ ਜੋ ਬਿਨਾਂ ਦੇਰੀ ਉਨ੍ਹਾਂ ਦਾ ਝੋਨਾ ਖਰੀਦਿਆ ਜਾ ਸਕੇ।

ਦਿਵਿਆਂਗਜਨਾਂ ਤੇ ਬਜ਼ੁਰਗ ਨਾਗਰਿਕਾਂ ਦੀ ਭਲਾਈ ਲਈ ਵਿਸ਼ੇਸ਼ ਕੈਂਪ ਭਲਕੇ

ਮਜੀਠਾ (ਸੋਇਮ ਆਨੰਦ)

ਜਿਲ੍ਹਾ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਅਮਿਤ ਤਲਵਾੜ ਦੇ ਆਦੇਸ਼ਾਂ ਮੁਤਾਬਕ ਦਿਵਿਆਂਗਜਨਾਂ ਅਤੇ ਬਜ਼ੁਰਗ ਵਿਅਕਤੀਆਂ ਦੀ ਭਲਾਈ ਵਾਸਤੇ ਵਿਸ਼ੇਸ਼ ਕੈਂਪ ਮਜੀਠਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ 17 ਅਕਤੂਬਰ ਨੂੰ ਲਗਾਇਆ ਜਾ ਰਿਹਾ ਹੈ। ਹਦਾਇਤਾਂ ਬਾਰੇ ਬਲਾਕ ਮਜੀਠਾ ਅਧੀਨ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਨੂੰ ਜਾਣੂੰ ਕਰਾਉਣ ਲਈ ਐੱਸਡੀਐੱਮ ਮਜੀਠਾ ਡਾ: ਹਰਨੂਰ ਕੌਰ ਢਿੱਲੋਂ ਵਲੋਂ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲ ਕਰਦਿਆਂ ਡਾ: ਹਰਨੂਰ ਕੌਰ ਢਿੱਲੋਂ ਨੇ ਦੱਸਿਆ ਕਿ ਅਲਿਮਕੋ ਕੰਪਨੀ ਦੇ ਸਹਿਯੋਗ ਨਾਲ ਲਗਾਇਆ ਜਾਣ ਵਾਲਾ ਇਹ ਪਹਿਲਾ ਮੈਡੀਕਲ ਕੈਂਪ ਹੈ ਜਿਸ ਵਿਚ ਕੰਨਾਂ ਤੋ ਘੱਟ ਸੁਣਨ ਵਾਲੇ ਵਿਅਕਤੀਆਂ ਅਤੇ ਹੱਡੀਆਂ ਦੇ ਰੋਗਾਂ ਵਾਲੇ ਦਿਵਿਆਂਗ ਅਤੇ ਬਜ਼ੁਰਗਾਂ ਦੀ ਅਸੈੱਸਮੈਂਟ ਕੀਤੀ ਜਾਵੇਗੀ ਅਤੇ ਇਨ੍ਹਾਂ ਵਿਅਕਤੀਆਂ ਨੂੰ ਰਜਿਸਟਰਡ ਕਰਕੇ ਕੁਝ ਸਮੇਂ ਬਾਅਦ ਸਹਾਇਕ ਉਪਕਰਨ ਵੰਡੇ ਜਾਣਗੇ। ਡਾ: ਢਿੱਲੋਂ ਨੇ ਦੱਸਿਆ ਕਿ ਇਸ ਕੈਂਪ ਦਾ ਲਾਭ ਲੈਣ ਵਾਲੇ ਵਿਅਕਤੀ 17 ਅਕਤੂਬਰ ਵਾਲੇ ਦਿਨ ਸਵੇਰੇ 9 ਵਜੇ ਸ਼ਹੀਦ ਕੈਪਟਨ ਅਮਰਦੀਪ ਸਰਾਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਜੀਠਾ ਵਿਖੇ ਆਪਣੇ ਨਾਲ ਯੂਡੀਆਈਡੀ ਕਾਰਡ, ਆਪਣੇ ਆਧਾਰ ਕਾਰਡ, ਆਪਣਾ ਆਮਦਨ ਦਾ ਸਰਟੀਫਿਕੇਟ ਜਿਹੜਾ ਕਿ ਨੰਬਰਦਾਰਾਂ ਵਲੋਂ ਮੌਕੇ 'ਤੇ ਜਾਰੀ ਕੀਤੇ ਜਾਣਗੇ ਅਤੇ ਇੱਕ ਪਾਸਪੋਰਟ ਸਾਈਜ਼ ਦੀ ਫੋਟੋ ਲੈ ਕੇ ਪਹੁੰਚ ਜਾਣ। ਉਨ੍ਹਾਂ ਨੇ ਦੱਸਿਆ ਕਿ ਵਿਕਲਾਂਗ ਅਤੇ ਬਜ਼ੁਰਗ ਵਿਅਕਤੀਆਂ ਦੇ ਕੈਂਪ ਵਿਚ ਸ਼ਾਮਲ ਹੋਣ ਵਾਸਤੇ ਪ੍ਰਬੰਧ ਕੀਤੇ ਜਾਣਗੇ। ਇਸ ਮੌਕੇ ਡਾ: ਹਰਨੂਰ ਕੌਰ ਢਿੱਲੋਂ ਨਾਲ ਤਹਿਸੀਲਦਾਰ ਰਤਨਜੀਤ ਖੁੱਲਰ, ਸੀਨੀਅਰ ਮੈਡੀਕਲ ਅਫਸਰ ਮਜੀਠਾ ਡਾ: ਸਤਨਾਮ ਸਿੰਘ ਗਿੱਲ, ਬੀਡੀਪੀਓ ਮਜੀਠਾ ਜਸਬੀਰ ਕੌਰ, ਪ੍ਰਿੰ. ਮੋਨਾ ਕੌਰ, ਪ੍ਰਿੰ. ਵਰੁਣ ਕੁਮਾਰ, ਸਬ ਇੰਸਪੈਕਟਰ ਰਸ਼ਪਾਲ ਸਿੰਘ, ਗੀਡਰ ਵਰਿੰਦਰ ਭਾਟੀਆ, ਦੀਪਕ ਭੱਟੀ, ਮੈਡਮ ਬਲਵਿੰਦਰ ਕੌਰ, ਨੰਬਰਦਾਰ ਭੁਪਿੰਦਰ ਸਿੰਘ, ਨੰਬਰਦਾਰ ਦਰਸ਼ਨ ਸਿੰਘ, ਨਗਰ ਕੌਂਸਲ ਮਜੀਠਾ ਤੋਂ ਲਵ ਕੁਮਾਰ ਆਦਿ ਹਾਜ਼ਰ ਸਨ।

ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਨੇ ਪੰਜਾਬ ਨੂੰ ਕਰਜ਼ਾਈ ਕੀਤਾ : ਭੋਲਾ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)

ਆਮ ਆਦਮੀ ਪਾਰਟੀ ਦੀ ਸਰਕਾਰ ਨੇ ਜੋ ਵਾਅਦੇ ਪੰਜਾਬ ਦੀ ਜਨਤਾ ਨਾਲ ਕੀਤੇ ਸਨ ਉਹ ਇੱਕ ਇੱਕ ਕਰਕੇ ਪੂਰੇ ਕੀਤੇ ਜਾ ਰਹੇ ਹਨ ਪਰ ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਨੇ ਪੰਜਾਬ ਨੂੰ ਏਨਾ ਕੁ ਕਰਜ਼ਾਈ ਕਰ ਦਿੱਤਾ ਸੀ ਜਿਸ ਨੂੰ ਮੁੜ ਪੈਰਾਂ ਸਿਰ ਕਰਨ ਲਈ ਸਮਾਂ ਤਾਂ ਲੱਗਣਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਗੁਰਚਰਨ ਸਿੰਘ ਭੋਲਾ ਫਤਿਹਾਬਾਦ ਨੇ ਨਵਾਂ ਜ਼ਮਾਨਾ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਜੇ ਇਨ੍ਹਾਂ ਰਵਾਇਤੀ ਪਾਰਟੀਆਂ ਨੇ ਪੰਜਾਬ ਦਾ ਕੁਝ ਸਵਾਰਿਆ ਹੁੰਦਾ ਤਾਂ ਇਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਪੰਜਾਬ ਬਾਰੇ ਖੁੱਲ੍ਹੀ ਬਹਿਸ ਕਰਨ ਦੇ ਕੀਤੇ ਚੈਲੇਂਜ ਨੂੰ ਕਬੂਲ ਕੇ ਦੱਸਦੇ ਕਿ ਇਨ੍ਹਾਂ ਨੇ ਪੰਜਾਬ ਦਾ ਕੀ ਫਾਇਦਾ ਕੀਤਾ। ਜੇ ਇਹ ਖੁੱਲ੍ਹੀ ਬਹਿਸ 'ਚ ਆ ਜਾਣ ਤਾਂ ਇਨ੍ਹਾਂ ਨੂੰ ਲੋਕਾਂ ਦੇ ਸਾਹਮਣੇ ਮਾਨ ਸਰਕਾਰ ਵਲੋਂ ਪਿਛਲੇ ਕਰੀਬ ਡੇਢ ਸਾਲ 'ਚ ਕੀਤੇ ਕੰਮ ਇਨ੍ਹਾਂ ਪਾਰਟੀਆਂ ਦੇ 70 ਸਾਲਾਂ ਦੇ ਰਾਜ ਨਾਲੋਂ ਕੀਤੇ ਕੰਮਾਂ ਤੋਂ ਕਿਤੇ ਜ਼ਿਆਦਾ ਕੀਤੇ ਹੋਣ ਬਾਰੇ ਵੀ ਪਤਾ ਲੱਗ ਜਾਂਦਾ। ਸ. ਭੋਲਾ ਨੇ ਕਿਹਾ ਕਿ ਲੋਕ ਇਨ੍ਹਾਂ ਰਵਾਇਤੀ ਪਾਰਟੀਆਂ ਦੇ ਆਗੂਆਂ ਦ

16-oct-PAGE-4-2.qxd 10/15/2023 9:26 PM Page 1

ਨਵਾਂ ਜ਼ਮਾਨਾ
ਸੋਮਵਾਰ, 16 ਅਕਤੂਬਰ 2023

ਭਾਜਪਾ ਦੀਆਂ ਰਾਣੀਆਂ

ਰਾਜਸਥਾਨ ਵਿਚ 1951-52 ਦੀਆਂ ਪਹਿਲੀਆਂ ਚੋਣਾਂ ਤੋਂ ਹੀ ਰਾਜ ਘਰਾਣੇ ਚੋਣ ਸਿਆਸਤ 'ਚ ਸਰਗਰਮ ਰਹੇ ਹਨ, ਪਰ ਸਿਰਫ ਵਸੁੰਧਰਾ ਰਾਜੇ ਹੀ ਮੁੱਖ ਮੰਤਰੀ ਦੀ ਕੁਰਸੀ ਤੱਕ ਪੁੱਜ ਸਕੀ। ਅਗਲੇ ਮਹੀਨੇ ਦੀ 25 ਤਰੀਕ ਨੂੰ ਹੋਣ ਵਾਲੀਆਂ ਅਸੰਬਲੀ ਚੋਣਾਂ ਵਿਚ ਭਾਜਪਾ ਹਾਈਕਮਾਨ ਨੇ ਜੈਪੁਰ ਸ਼ਾਹੀ ਘਰਾਣੇ ਦੀ ਸਾਂਸਦ ਦੀਆ ਕੁਮਾਰੀ ਨੂੰ ਮੈਦਾਨ ਵਿਚ ਉਤਾਰ ਕੇ ਹੈਰਾਨ ਕਰ ਦਿੱਤਾ ਹੈ। ਇਸ ਨੂੰ ਵਸੁੰਧਰਾ ਰਾਜੇ ਤੋਂ ਨਾਰਾਜ਼ ਹਾਈਕਮਾਨ ਦੀ ਚਾਲ ਸਮਝਿਆ ਜਾ ਰਿਹਾ ਹੈ। ਦੀਆ ਕੁਮਾਰੀ ਨੂੰ ਟਿਕਟ ਵੀ ਵਿਦਿਆਧਰ ਨਗਰ ਤੋਂ ਦਿੱਤੀ ਗਈ ਹੈ, ਜਿਥੋਂ ਮਰਹੂਮ ਉਪ-ਰਾਸ਼ਟਰਪਤੀ ਭੈਰੋਂ ਸਿੰਘ ਸ਼ੇਖਾਵਤ ਦੇ ਦਾਮਾਦ ਤੇ ਵਸੁੰਧਰਾ ਦੇ ਕਰੀਬੀ ਸਮਝੇ ਜਾਂਦੇ ਨਰਪਤ ਸਿੰਘ ਰਾਜਵੀ ਪੰਜ ਵਾਰ ਤੋਂ ਵਿਧਾਇਕ ਸਨ। ਨਾਰਾਜ਼ ਰਾਜਵੀ ਨੇ ਸਵਾਲ ਕੀਤਾ ਹੈ ਕਿ 23 ਅਕਤੂਬਰ ਨੂੰ ਸ਼ੁਰੂ ਹੋਣ ਵਾਲੀ ਸ਼ੇਖਾਵਤ ਦੀ ਜਨਮ-ਸਦੀ ਨੂੰ ਭਾਜਪਾ ਕਿਸ ਮੂੰਹ ਨਾਲ ਮਨਾਏਗੀ? ਰਾਜਵੀ ਨੇ ਪੁੱਛਿਆ ਹੈ ਕਿ ਪਾਰਟੀ ਇਕ ਅਜਿਹੇ ਪਰਵਾਰ ਨੂੰ ਅਸ਼ੀਰਵਾਦ ਕਿਉਂ ਦੇ ਰਹੀ ਹੈ, ਜਿਸ ਨੇ ਮੁਗਲਾਂ ਨਾਲ ਮਿਲੀਭੁਗਤ ਕੀਤੀ ਤੇ ਇੱਥੋਂ ਤੱਕ ਕਿ ਮਹਾਰਾਣਾ ਪ੍ਰਤਾਪ ਦੇ ਖਿਲਾਫ ਵੀ ਲੜਾਈ ਲੜੀ। ਭਾਜਪਾ ਸੂਤਰਾਂ ਦਾ ਕਹਿਣਾ ਹੈ ਕਿ ਦੀਆ ਨੂੰ ਸੁਰੱਖਿਅਤ ਸੀਟ ਤੋਂ ਇਸ ਕਰਕੇ ਉਤਾਰਿਆ ਗਿਆ ਹੈ, ਕਿਉਂਕਿ ਉਤਲੇ ਆਗੂ ਦੀਆ ਲਈ ਵੱਡੀ ਭੂਮਿਕਾ ਤਿਆਰ ਕਰੀ ਬੈਠੇ ਹਨ ਤੇ ਵਸੁੰਧਰਾ ਨੂੰ ਲਾਂਭੇ ਕਰਨ ਨਾਲ ਪੈਦਾ ਹੋਣ ਵਾਲੇ ਖਲਾਅ ਨੂੰ ਭਰਨਾ ਚਾਹੁੰਦੇ ਹਨ। ਉਹ ਦੀਆ ਦੇ ਸ਼ਾਹੀ ਘਰਾਣੇ ਨਾਲ ਸੰਬੰਧ ਨੂੰ ਵੀ ਕੈਸ਼ ਕਰਨਾ ਚਾਹੁੰਦੇ ਹਨ। ਦੀਆ ਦੀ ਸ਼ਖਸੀਅਤ ਆਪਣੀ ਸੌਤੇਲੀ ਦਾਦੀ ਰਾਜ ਮਾਤਾ ਗਾਇਤਰੀ ਦੇਵੀ ਵਾਂਗ ਆਕਰਸ਼ਕ ਹੈ, ਜਿਹੜੀ ਸੁਤੰਤਰ ਪਾਰਟੀ ਦੇ ਬਾਨੀਆਂ ਵਿੱਚੋਂ ਇਕ ਸੀ। ਵਿਡੰਬਨਾ ਇਹ ਹੈ ਕਿ ਦੀਆ ਨੂੰ ਵਸੁੰਧਰਾ ਨੇ 2013 ਵਿਚ ਨਰਿੰਦਰ ਮੋਦੀ ਦੀ ਰੈਲੀ ਵਿਚ ਭਾਜਪਾ 'ਚ ਸ਼ਾਮਲ ਕੀਤਾ ਸੀ। ਅਗਸਤ 2016 ਵਿਚ ਵਸੁੰਧਰਾ ਤੇ ਦੀਆ ਵਿਚਾਲੇ ਖੜਕ ਪਈ, ਜਦੋਂ ਜੈਪੁਰ ਡਿਵੈਲਪਮੈਂਟ ਅਥਾਰਟੀ ਨੇ ਦੀਆ ਪਰਵਾਰ ਦੀ ਮਾਲਕੀ ਵਾਲੇ 'ਰਾਜ ਮਹਿਲ ਪੈਲੇਸ' ਹੋਟਲ ਦੇ ਗੇਟ ਸੀਲ ਕਰ ਦਿੱਤੇ। ਉਸ ਤੋਂ ਬਾਅਦ ਵਸੁੰਧਰਾ ਦਾ ਵਿਰੋਧ ਕਰਨ ਵਾਲੇ ਆਰ ਐੱਸ ਐੱਸ ਤੇ ਭਾਜਪਾ ਦੇ ਆਗੂਆਂ ਨੇ ਦੀਆ ਨੂੰ ਵਸੁੰਧਰਾ ਦੇ ਮੁਕਾਬਲੇ ਖੜ੍ਹਾ ਕਰਨਾ ਸ਼ੁਰੂ ਕਰ ਦਿੱਤਾ। ਵਸੁੰਧਰਾ ਦੀ ਆਰ ਐੱਸ ਐੱਸ ਨਾਲ ਬਣਦੀ ਨਹੀਂ। ਭਾਜਪਾ ਵੱਲੋਂ ਹੁਣ ਤਕ ਐਲਾਨੇ ਗਏ ਉਮੀਦਵਾਰਾਂ ਵਿਚ ਵਸੁੰਧਰਾ ਹਮਾਇਤੀ ਕਈ ਆਗੂਆਂ ਦੇ ਨਾਂਅ ਕੱਟੇ ਜਾ ਚੁੱਕੇ ਹਨ। ਜੇ ਪੂਰੀ ਲਿਸਟ ਵਿਚ ਵਸੁੰਧਰਾ ਦੇ ਬਹੁਤੇ ਹਮਾਇਤੀ ਟਿਕਟ ਤੋਂ ਵਾਂਝੇ ਰਹੇ ਤਾਂ ਹੁਣ ਤੱਕ ਹਾਈਕਮਾਨ ਦੀ ਪਰਵਾਹ ਨਾ ਕਰਨ ਵਾਲੀ ਵਸੁੰਧਰਾ ਆਪਣੇ ਹਮਾਇਤੀਆਂ ਨੂੰ ਆਜ਼ਾਦਾਂ ਵਜੋਂ ਖੜ੍ਹੇ ਕਰਕੇ ਚੋਣ ਦਾ ਨਕਸ਼ਾ ਬਦਲ ਸਕਦੀ ਹੈ। ਰਾਜਸਥਾਨ ਅਸੰਬਲੀ ਦੀ ਚੋਣ ਵਿਚ ਰਾਣੀਆਂ ਦੀ ਲੜਾਈ ਹੀ ਸਭ ਤੋਂ ਵੱਧ ਚਰਚਿਤ ਰਹਿਣ ਦੀ ਸੰਭਾਵਨਾ ਹੈ।

ਸਿਆਸਤ ਦੇ ਧੱਕੇ ਚੜ੍ਹੇ ਪੰਜਾਬ ਦੇ ਪਾਣੀ

ਅਮੀਰ ਸਿੰਘ ਜੋਸਨ

ਸਤਲੁਜ-ਜਮੁਨਾ ਲਿੰਕ ਨਹਿਰ, ਜਿਸ ਨੂੰ ਆਮ ਤੌਰ 'ਤੇ ਐੱਸ ਵਾਈ ਐੱਲ ਦੇ ਨਾਂਅ ਨਾਲ ਜਾਣਿਆ ਜਾਂਦਾ ਹੈ, ਜਿਸ ਨੇ ਪੰਜਾਬ ਦੇ ਸਹਿਮਤੀ ਤੋਂ ਬਿਨਾਂ ਧੱਕੇ ਨਾਲ ਸੈਂਟਰ ਵੱਲੋ ਥੋਪੇ ਸਮਝੌਤੇ ਤਹਿਤ ਪਾਣੀ ਹਰਿਆਣਾ ਨੂੰ ਲਿਜਾਣਾ ਹੈ। ਇਹ 92 ਕਿੱਲੋਮੀਟਰ ਹਰਿਆਣਾ ਵਿੱਚ ਹੈ। ਹਰਿਆਣਾ ਆਪਣੇ ਹਿੱਸੇ ਦੀ ਨਹਿਰ ਦਾ ਨਿਰਮਾਣ ਕਰ ਚੁੱਕਾ ਹੈ। ਜਦੋਂ ਕਿ ਪੰਜਾਬ ਦੀ ਧਰਤੀ, ਜਿਸ ਵਿੱਚੋਂ 122 ਕਿੱਲੋਮੀਟਰ ਲਗਣਾ ਹੈ, ਅਧੂਰੀ ਹੈ। ਪੰਜਾਬ ਵਿੱਚ ਇਹ 1966 ਤੋਂ ਅੱਜ ਤੱਕ ਕਈ ਵਾਰ ਇਸ ਵਿੱਚ ਉਤਰਾਅ-ਚੜ੍ਹਾਅ ਆਏ ਕਈ, ਸਮਝੌਤੇ ਹੋਏ ਸਮਝੌਤੇ ਵੀ ਉਹ, ਜੋ ਵਫਾ ਨਾ ਹੋ ਪਾਏ, ਜਿਨ੍ਹਾਂ ਦਾ ਸੋਕ ਪੰਜਾਬ ਤੋਂ ਇਲਾਵਾ ਸਾਰੇ ਦੇਸ਼ ਨੇ ਭੁਗਤਿਆ, ਪਰ ਫੇਰ ਵੀ ਵਾਰ-ਵਾਰ ਇਸ ਮੁੱਦੇ ਨੂੰ ਸਿਆਸੀ ਕਾਰਨਾਂ ਕਰਕੇ ਦੁਬਾਰਾ ਜਿਉਂਦਾ ਕਰ ਦਿੱਤਾ ਜਾਦਾ ਹੈ। ਜਦ ਕੇ ਪੰਜਾਬ ਰਾਜ ਪੁਨਰਗਠਨ ਐਕਟ 1966 ਮੁਤਾਬਕ ਹਰਿਆਣਾ, ਪੰਜਾਬ ਦੇ ਤਿੰਨਾਂ ਦਰਿਆਵਾਂ; ਰਾਵੀ, ਬਿਆਸ ਤੇ ਸਤਲੁਜ ਲਈ ਉਵੇਂ ਹੀ ਨਾਨ ਰਿਪੇਰੀਅਨ ਰਾਜ ਬਣ ਗਿਆ ਹੈ, ਜਿਵੇਂ ਪੰਜਾਬ ਜਮੁਨਾ ਲਈ ਨਾਨ-ਰਿਪੇਰੀਅਨ ਹੈ। ਭੂਗੋਲਿਕ ਤੌਰ ਤੇ ਤਿੰਨਾਂ ਦਰਿਆਵਾਂ ਦਾ ਕੋਈ ਵੀ ਕਿਨਾਰਾ ਹਰਿਆਣਾ ਰਾਜ ਦੀਆਂ ਹੱਦਾਂ ਵਿੱਚ ਨਹੀਂ ਤੇ ਨਾ ਹੀ ਛੂੰਹਦਾ ਹੈ। ਇਸੇ ਤਰ੍ਹਾਂ ਨਾਨ ਰਪੇਰੀਅਨ ਰਾਜਸਥਾਨ ਕੋਲ ਪਾਣੀ ਦਾ ਹਿੱਸਾ ਪ੍ਰਾਪਤ ਕਰਨ ਦਾ ਕੋਈ ਸੰਵਿਧਾਨਿਕ ਅਧਿਕਾਰ ਹੈ ਹੀ ਨਹੀਂ। ਇਸ ਸੰਬੰਧ ਵਿੱਚ ਨਰਬਦਾ ਟ੍ਰਿਬਿਊਨਲ ਦਾ ਫੈਸਲਾ ਸਾਫ ਉਦਾਹਰਣ ਹੈ, ਜਿਸ ਵਿੱਚ ਰਾਜਸਥਾਨ ਨੂੰ ਨਾਨ-ਰਿਪੇਰੀਅਨ ਹੋਣ ਕਾਰਨ ਕੁਝ ਹਿੱਸਾ ਨਹੀਂ ਮਿਲਿਆ। 1966 ਵਿੱਚ ਪੰਜਾਬੀ ਸੂਬਾ ਬਣਨ ਤੋਂ ਬਾਅਦ ਪੰਜਾਬ ਰਾਜ ਕੋਲ 105 ਲੱਖ ਏਕੜ ਰਕਬਾ ਬਚਿਆ। ਇਸ ਵਿੱਚ ਵਾਹੀ ਯੋਗ ਜ਼ਮੀਨ ਲਈ ਖੇਤੀ ਮਾਹਰਾਂ ਮੁਤਾਬਿਕ ਲਗਭਗ 52.5 ਮਿਲੀਅਨ ਏਕੜ ਫੁੱਟ ਪਾਣੀ ਦੀ ਲੋੜ ਹੈ। ਪੰਜਾਬ ਦੇ ਕੁੱਲ 17.17 (ਮਿਲੀਅਨ ਏਰੀਆ ਫੁੱਟ) ਪਾਣੀ ਵਿੱਚੋਂ 8.60 ਰਾਜਸਥਾਨ ਨੂੰ, 3.50 ਹਰਿਆਣਾ ਨੂੰ, 0.65 ਜੰਮੂ-ਕਸ਼ਮੀਰ ਅਤੇ 0.20 ਦਿੱਲੀ ਨੂੰ ਮੁਫਤ ਵਿੱਚ ਦਿੱਤਾ ਜਾ ਰਿਹਾ ਹੈ, ਜੋ ਕਿ ਭਾਰਤੀ ਸੰਵਿਧਾਨ ਅਤੇ ਰਿਪੇਰੀਅਨ ਕਾਨੂੰਨ ਦੇ ਵਿਰੁੱਧ ਹੈ। . ਜੇਕਰ ਐੱਸ ਵਾਈ ਐੱਲ ਬਣ ਜਾਂਦੀ ਹੈ ਤਾਂ ਪੰਜਾਬ ਕੋਲ ਸਿਰਫ 3.50 ਮਿਲੀਅਨ ਏਰੀਆ ਫੁੱਟ ਪਾਣੀ ਬਚਿਆ ਹੈ। 17.1 ਮਿਲੀਅਨ ਏਕੜ ਫੁੱਟ ਤੋਂ ਘਟ ਕੇ 13.1 ਮਿਲੀਅਨ ਏਕੜ ਫੁੱਟ ਰਹਿ ਗਿਆ ਹੈ। ਲੋੜ ਮੁਤਾਬਕ ਤਾਂ ਪਾਣੀ ਪੰਜਾਬ ਕੋਲ ਪਹਿਲਾ ਹੀ ਬਹੁਤ ਘੱਟ ਹੈ। ਜਦੋਂ ਪਾਣੀ ਹੈ ਹੀ ਨਹੀ ਤਾਂ ਪੰਜਾਬ ਪਾਣੀ ਦੇਵੇਗਾ ਕਿੱਥੋ, ਇਸ ਲਈ ਇਸ ਮਸਲੇ ਨਾਲ ਸੰਬੰਧਤ ਧਿਰਾਂ ਨੂੰ ਹਰ ਗੱਲ ਸੋਚ ਕੇ ਹੀ ਕਰਨੀ ਚਾਹੀਦੀ ਹੈ। ਐਵੇਂ ਦੋਹਾਂ ਸੂਬਿਆਂ ਦੇ ਲੋਕਾਂ ਵਿੱਚ ਗਲਤਫਹਿਮੀ ਪੈਦਾ ਕਰ ਕੇ ਇੱਕ-ਦੂਜੇ ਪ੍ਰਤੀ ਨਫਰਤ ਪੈਦਾ ਨਹੀ ਹੋਣ ਦਿੱਤੀ ਜਾਣੀ ਚਾਹੀਦੀ ਹੈ, ਜਦਕਿ ਅਸਿੱਧੇ ਢੰਗ ਨਾਲ ਹਰਿਆਣਾ ਨੂੰ 2015 ਵਿਚ ਪੰਜਾਬ ਦੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਵੇਲੇ ਗੁਪਤ ਸਮਝੌਤਾ ਕਰਕੇ ਭਾਖੜਾ ਦੀ ਨਰਵਾਣਾ ਬਰਾਂਚ ਵਿਚੋਂ ਪੰਜਾਬ ਤੇ ਹਰਿਆਣਾ ਦੀ ਸਰਹੱਦ ਤੇ ਸਰਾਲਾ ਪਿੰਡ ਤੋਂ ਅੱਗੇ ਹਰਿਆਣਾ ਦੇ ਇਸਮਾਈਲਾਬਾਦ ਪਿੰਡ ਕੋਲੋਂ ਨਰਵਾਣਾ ਬਰਾਂਚ ਵਿਚੋਂ ਪਾਣੀ ਡਾਈਵਰਟ ਕਰਕੇ ਹਰਿਆਣਾ ਵਿਚ ਬਣੀ ਐੱਸ.ਵਾਈ. ਐੱਲ ਨਹਿਰ ਵਿਚ ਪਾ ਦਿੱਤਾ ਹੈ। ਦੂਜੇ ਪਾਸੇ ਖਨੌਰੀ ਕੋਲੋਂ ਹਰਿਆਣਾ ਵਿਚ ਜਾਂਦੀ ਭਾਖੜਾ ਮੇਨ ਲਾਈਨ ਨਹਿਰ ਵਿਚੋਂ ਖਨੌਰੀ ਤੋਂ 30 ਕਿਲੋਮੀਟਰ ਦੂਰ

ਘੋੜਸ਼ਾਮ ਪਿੰਡ ਕੋਲੋਂ ਹਰਿਆਣਾ ਨੂੰ ਪਾਣੀ ਡਾਈਵਰਟ ਕਰ ਦਿੱਤਾ। ਭਾਖੜਾ ਮੇਨ ਲਾਈਨ ਵਿਚ ਪਾਣੀ ਪਹਿਲਾਂ ਹੀ ਜ਼ਿਆਦਾ ਸੀ, ਇਸ ਲਈ ਹੋਰ ਪਾਣੀ ਛੱਡਣ ਲਈ ਉਸ ਦੇ ਕੰਢੇ ਡੇਢ ਫੁੱਟ ਉਚੇ ਕਰਨ ਦਾ ਕੰਮ ਬਾਦਲ ਸਰਕਾਰ ਨੇ ਸ਼ੁਰੂ ਕਰ ਦਿੱਤਾ ਸੀ। ਇਹ ਸਾਰਾ ਕੰਮ ਗੁਪਤ ਰੱਖਿਆ ਗਿਆ। ਪਤਾ ਉਦੋਂ ਲੱਗਾ, ਜਦੋਂ ਹਰਿਆਣਾ ਦੇ ਸਾਬਕਾ ਵਿੱਤ ਮੰਤਰੀ ਪ੍ਰੋਫ਼ੈਸਰ ਸੰਪਤ ਸਿੰਘ ਨੇ ਆਰ. ਟੀ. ਆਈ. ਰਾਹੀਂ ਹਰਿਆਣਾ ਸਰਕਾਰ ਤੋਂ ਜਾਣਕਾਰੀ ਮੰਗੀ ਕਿ ਹਰਿਆਣਾ ਵਿਚ ਜਿਹੜੀਆਂ ਨਹਿਰਾਂ ਬਣਨੀਆਂ ਸਨ, ਉਨ੍ਹਾਂ ਦੀ ਕੀ ਪੁਜ਼ੀਸ਼ਨ ਹੈ? ਹਰਿਆਣਾ ਸਰਕਾਰ ਨੇ ਉਸ ਦੀ ਆਰ ਟੀ ਆਈ ਦੇ ਜਵਾਬ ਵਿਚ ਦੱਸਿਆ ਕਿ ਇਹ ਕੰਮ ਚੱਲ ਰਿਹਾ ਹੈ। ਹਰਿਆਣਾ ਨੂੰ ਪਹਿਲਾਂ ਹੀ ਭਾਖੜਾ ਮੈਨੇਜਮੈਂਟ ਬੋਰਡ ਨਰਵਾਣਾ ਬਰਾਂਚ ਅਤੇ ਭਾਖੜਾ ਮੇਨ ਲਾਈਨ ਰਾਹੀਂ ਪਾਣੀ ਮਿਲ ਰਿਹਾ ਹੈ, ਸਿੱਧੇ ਜਾਂ ਅਸਿਧੇ ਤਰੀਕੇ ਨਾਲ, ਜਦ ਕਿ ਪੰਜਾਬ ਕੋਲ ਹਰਿਆਣਾ ਨੂੰ ਦੇਣ ਲਈ ਇਕ ਬੂੰਦ ਵੀ ਵਾਧੂ ਪਾਣੀ ਨਹੀਂ। ਧਰਤੀ ਹੇਠਲੇ ਪਾਣੀ ਦਾ ਪੱਧਰ ਘਟਣ ਕਰਕੇ ਪੰਜਾਬ ਦੇ 150 ਬਲਾਕਾਂ ਵਿੱਚੋਂ 78 ਫੀਸਦੀ ਬਲਾਕ ਗੰਭੀਰ ਖਤਰੇ ਦੇ ਪੱਧਰ ਉਤੇ (ਡਾਰਕ ਜ਼ੋਨ) ਪਹੁੰਚ ਚੁੱਕੇ ਹਨ, ਜਿਸ ਕਰਕੇ ਪੰਜਾਬ ਕਿਸੇ ਹੋਰ ਸੂਬੇ ਨੂੰ ਪਾਣੀ ਨਹੀਂ ਦੇ ਸਕਦਾ, ਪਰ ਜੇ ਫਿਰ ਵੀ ਹਰਿਆਣਾ ਨੂੰ ਪਾਣੀ ਦੀ ਲੋੜ ਹੈ ਤਾਂ ਜੋ ਕੇਂਦਰ ਸਰਕਾਰ ਨੇ ਇਕ ਪ੍ਰੋਜੈਕਟ ਤਿਆਰ ਕੀਤਾ ਹੈ, ਜੋ ਹਰਿਆਣਾ ਸਮੇਤ ਚਾਰ ਰਾਜਾਂ ਨੂੰ ਨਹਿਰੀ ਪਾਣੀ ਦੇਣ ਲਈ 35 ਹਜ਼ਾਰ ਕਰੋੜ ਰੁਪਏ ਦੀ ਲਾਗਤ ਨਾਲ ਉਤਰਾਖੰਡ ਅਤੇ ਨੇਪਾਲ ਦੀ ਸਰਹੱਦ ਤੋਂ ਸ਼ਾਰਦਾ ਦਰਿਆ ਵਿਚੋਂ ਟਨਕਪੁਰ ਕੋਲੋਂ ਬੰਨ੍ਹ ਮਾਰ ਕੇ ਇਕ ਨਹਿਰ ਕੱਢਣ ਦਾ ਪ੍ਰੋਜੈਕਟ ਕੇਂਦਰ ਸਰਕਾਰ ਨੇ ਤਿਆਰ ਕੀਤਾ ਹੈ। ਇਹ ਨਹਿਰ ਉਤਰਾਖੰਡ ਤੇ ਉਤਰ ਪ੍ਰਦੇਸ਼ ਦੇ ਮੁਜ਼ੱਫਰਨਗਰ ਕੋਲੋਂ ਹੁੰਦੀ ਹੋਈ ਹਰਿਆਣਾ ਦੇ ਕਰਨਾਲ ਕੋਲ ਜਮਨਾ ਦਰਿਆ ਵਿਚ ਪੈਣੀ ਹੈ। ਉਥੋਂ ਹਰਿਆਣਾ ਵਿਚੋਂ ਹੁੰਦੀ ਹੋਈ ਗੁਜਰਾਤ ਵਿਚ ਜਾ ਕੇ ਖ਼ਤਮ ਹੋਣੀ ਹੈ। ਸ਼ਾਰਦਾ ਨਹਿਰ ਜਮਨਾ ਦਰਿਆ ਵਿਚ ਕਰਨਾਲ ਕੋਲ ਪਾਣੀ ਪਾਵੇਗੀ। ਸ਼ੁਰੂ ਵਿਚ ਇਸ ਦੀ ਸਮਰੱਥਾ 24845 ਕਿਊਸਕ ਪਾਣੀ ਹੋਵੇਗਾ। ਪੰਜਾਬ ਵਾਲੀ ਸਤਲੁਜ-ਜਮਨਾ ਲਿੰਕ ਨਹਿਰ ਦੀ ਸਮਰੱਥਾ ਸਿਰਫ਼ 5000 ਕਿਊਸਕ ਹੈ, ਭਾਵ ਸ਼ਾਰਦਾ ਨਹਿਰ ਵਿਚੋਂ ਪੰਜਾਬ ਦੀ ਸਤਲੁਜ-ਜਮਨਾ ਨਹਿਰ ਵਰਗੀਆਂ 4 ਨਹਿਰਾਂ ਨਿਕਲ ਸਕਦੀਆਂ ਹਨ। ਨੇਪਾਲ ਦੀ ਸਰਹੱਦ ਤੋਂ ਸ਼ਾਰਦਾ ਦਰਿਆ ਵਿਚੋਂ ਜੋ ਪਾਣੀ ਉਥੇ ਕਿਸੇ ਕੰਮ ਨਹੀ ਆਇਆ, ਉਸ ਨੂੰ ਹਰਿਆਣਾ ਸਮੇਤ ਹੋਰ ਰਾਜਾਂ ਦੀਆ ਲੋੜਾਂ ਲਈ ਵੀ ਕੰਮ ਆ ਸਕਦਾ ਹੈ, ਇਸ ਲਈ ਪੰਜਾਬ ਨੂੰ ਬੰਜਰ ਹੋਣ ਤੋਂ ਬਚਾਉਣ ਲਈ ਇਸ ਪ੍ਰੋਜੈਕਟ ਨੂੰ ਨੇਪਰੇ ਚਾੜਨਾ ਚਾਹੀਦਾ ਹੈ, ਐਵੇਂ ਜ਼ਿੱਦ ਨਹੀ ਕਰਨੀ ਚਾਹੀਦੀ। ਇਨ੍ਹਾਂ ਮਸਲਿਆਂ ਕਰਕੇ ਪੰਜਾਬ ਅਗੇ ਹੀ ਬੜਾ ਸੰਤਾਪ ਭੋਗ ਚੁੱਕਾ ਹੈ ।

8 ਅਪ੍ਰੈਲ 1982 ਨੂੰ ਮਰਹੂਮ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੇ ਪਟਿਆਲਾ ਦੇ ਕਪੂਰੀ ਪਿੰਡ ਇਸ ਨਹਿਰ ਦਾ ਨੀਂਹ ਪੱਥਰ ਰੱਖਿਆ। ਦੂਜੇ ਪਾਸੇ ਨਹਿਰ ਦੇ ਵਿਰੋਧ ਵਿਚ ਸ਼੍ਰੋਮਣੀ ਅਕਾਲੀ ਨੇ ਕਪੂਰੀ ਪਿੰਡ ਵਿੱਚ ਧਰਮ ਯੁੱਧ ਮੋਰਚਾ ਲੱਗਾ ਦਿੱਤਾ, ਜਿਸ ਨੂੰ 'ਕਪੂਰੀ ਦਾ ਮੋਰਚਾ' ਆਖਿਆ ਜਾਂਦਾ ਹੈ। ਜਦ ਕਿ ਸ਼੍ਰੋਮਣੀ ਅਕਾਲੀ ਨੇ 1977 ਵਿੱਚ ਆਪ ਹੀ ਪਹਿਲਾਂ ਸਹਿਮਤੀ ਦਿੱਤੀ ਤੇ ਵਿਰੋਧ ਹੋਣ 'ਤੇ ਆਪ ਹੀ ਅਦਾਲਤ ਵਿੱਚ ਕੇਸ ਕਰ ਦਿੱਤਾ ਪੰਜਾਬ ਵਿੱਚ ਉਸ ਸਮੇਂ ਅੱਤਵਾਦ ਦਾ ਦੌਰ ਸੀ। ਅੱਤਵਾਦੀਆਂ ਵੱਲੋਂ ਨਹਿਰ ਦੇ ਨਿਰਮਾਣ ਵਿੱਚ ਵਿਘਨ ਪਾਉਣ ਲਈ ਮਜ਼ਦੂਰਾਂ ਅਤੇ ਅਫਸਰਾਂ ਨੂੰ ਮਾਰਨਾ ਸੁਰੂ ਕਰ ਦਿੱਤਾ ਗਿਆ। ਆਖਰ 1990 ਵਿੱਚ ਪੰਜਾਬ ਵਿਚ ਨਹਿਰ ਦਾ ਨਿਰਮਾਣ ਬੰਦ ਹੋ ਗਿਆ। ਹੁਣ ਫੇਰ ਅੱਗ ਲਾਉਣ ਦੀ ਤਿਆਰੀ ਕੀਤੀ ਜਾ ਰਹੀ ਹੈ। ਅਮਨਦੀਪ ਸਿੱਧੂ ਦੁਆਰਾ ਲਿਖੀ ਅੰਗਰੇਜ਼ੀ ਵਿੱਚ ਕਿਤਾਬ, ਜਿਸ ਨੂੰ ਪੰਜਾਬੀ ਵਿਚ ਅਨੁਵਾਦ ਕੀਤਾ ਯਾਦਵਿੰਦਰ ਸਿੰਘ ਤੇ ਮੰਗਤ ਰਾਮ ਨੇ 2.4.2023, ਨੂੰ ਜਿਸ ਦਾ ਨਾਂਅ ਹੈ 'ਪੰਜਾਬ, ਜਿਨ੍ਹਾਂ ਰਾਹਾਂ ਦੀ ਮੈਂ ਸਾਰ ਨਾ ਜਾਣਾ, ਉਸ ਵਿੱਚ ਉਹ ਲਿਖਦਾ ਹੈ ਕਿ ਸੈਂਟਰ ਸਰਕਾਰ ਸਤਲੁਜ ਦਾ ਹਿਮਾਚਲ ਵਿੱਚੋਂ ਹੀ ਵਹਾਅ ਮੋੜਨ ਲਈ ਕੰਮ ਕਰ ਰਹੀ ਹੈ। ਇਸ ਦਾ ਸਰਵੇਖਣ ਕਰਕੇ ਇਸ ਦਾ ਹਿਮਾਚਲ ਦੇ ਘੱਗਰ ਤੋਂ ਹਰੀਪੁਰ, ਲੋਹਗੜ੍ਹ ਹੈਂਡ ਤੋਂ ਕੁਰਕਸ਼ੇਤਰ ਤੋਂ ਜਮਨਾ ਦੀ ਸਰਸਵਤੀ ਨਦੀ ਦੀ ਖੁਦਾਈ ਕਰਕੇ ਰਾਹ ਮੋੜ ਦਿੱਤਾ ਜਾਵੇ, ਜੋ 67 ਕਿਲੋਮੀਟਰ ਲੰਮੀ ਹੈ, ਜਿਸ 'ਤੇ 42000 ਕਰੋੜ ਖਰਚ ਆਵੇਗਾ। ਇਹ ਪੰਜਾਬ ਨਾਲ ਵਿਤਕਰਾ ਨਹੀ ਤਾਂ ਹੋਰ ਕੀ ਹੈ । ਰਾਜ ਕਰਦੀ ਕੋਈ ਵੀ ਪਾਰਟੀ ਪੰਜਾਬ ਨਾਲ ਧੋਖਾ ਕਰਨ ਤੋਂ ਪਿਛੇ ਨਹੀ ਰਹੀ, ਜਦੋਂ ਕਿ ਪੰਜਾਬ ਤੇ ਹਰਿਆਣਾ ਦੇ ਲੋਕ ਇਸ ਰੌਲੇ ਵਿੱਚ ਨਹੀ ਪੈਣਾ ਚਾਹੁੰਦੇ। ਇਹ ਦਿੱਲੀ ਅਦੋਲਨ ਨੇ ਦੱਸ ਹੀ ਦਿਤਾ ਹੈ। ਜਦੋਂ ਸੈਂਟਰ ਸਰਕਾਰ ਕੋਲ ਹੋਰ ਰਾਹ ਹੈ ਤਾਂ ਫਿਰ ਕੰਡਿਆਂ ਵਾਲੇ ਰਾਹ ਤੁਰਨ ਦੀ ਕੀ ਲੋੜ ਪਈ ਹੈ। ਸ਼ਾਂਤੀ ਹੋਣ ਨਾਲ ਦੇਸ਼ ਤੱਰਕੀ ਕਰਦਾ ਹੈ। ਲੜਾਈ ਬਰਬਾਦੀ ਦਾ ਦੂਜਾ ਨਾਂਅ ਹੈ, ਭੁੱਖਮਰੀ ਵਿੱਚ ਦੇਸ਼ ਉਪਰਲਿਆਂ ਵਿੱਚ ਆਉਂਦਾ ਹੈ, ਉਧਰ ਧਿਆਨ ਦੀ ਲੋੜ ਹੈ।

ਸੰਪਰਕ : 94179-15875

ਪੁਰਾਣੀਆਂ ਖੁਰਾਕਾਂ !

ਸੂਬੇਦਾਰ ਜਸਵਿੰਦਰ ਸਿੰਘ ਭੁਲੇਰੀਆ

ਸਾਦਾ ਅਤੇ ਚੰਗਾ ਭੋਜਨ ਹੀ ਤੰਦਰੁਸਤੀ ਦਾ ਅਸਲੀ ਖਜ਼ਾਨਾ ਹੈ। ਆਪਾਂ ਜਾਣਦੇ ਹਾਂ ਕਿ ਸਾਡੇ ਬਜ਼ੁਰਗ ਦੁੱਧ, ਦਹੀਂ, ਲੱਸੀ, ਮੱਖਣ, ਦੇਸੀ ਘਿਓ ਅਤੇ ਹੋਰ ਕੁਦਰਤੀ ਚੀਜ਼ਾਂ ਦਾ ਸੇਵਨ ਕਰਦੇ ਸਨ ਅਤੇ ਦੱਬ ਕੇ ਮਿਹਨਤ ਤੇ ਹੱਥੀਂ ਕੰਮ-ਕਾਰ ਨੂੰ ਬਹੁਤ ਉਤਸ਼ਾਹ ਅਤੇ ਲਗਨ ਨਾਲ ਕਰਦੇ ਸਨ, ਜਿਸ ਨਾਲ ਉਨ੍ਹਾਂ ਦਾ ਸਰੀਰ ਤੰਦਰੁਸਤ, ਫੁਰਤੀਲਾ ਅਤੇ ਬਿਮਾਰੀਆਂ ਤੋਂ ਰਹਿਤ ਰਹਿੰਦਾ ਸੀ। ਜੇਕਰ ਕੋਈ ਛੋਟੀ-ਮੋਟੀ ਬਿਮਾਰੀ ਆਉਂਦੀ ਵੀ ਸੀ ਤਾਂ ਉਹ ਘਰ ਵਿੱਚ ਹੀ ਦੇਸੀ ਤਰੀਕਿਆਂ ਅਤੇ ਕੁਦਰਤੀ ਖਾਣ-ਪੀਣ ਨਾਲ ਹੀ ਪਛਾੜ ਦਿੰਦੇ ਸਨ ਅਤੇ ਡਾਕਟਰਾਂ ਕੋਲ

16-OCT-PAGE-5.qxd 10/15/2023 8:58 PM Page 1

ਏਟਕ ਦੀ ਜ਼ਿਲ੍ਹਾ ਕਾਨਫਰੰਸ 'ਚ ਕਾਮਿਆਂ ਦੇ ਹੱਕਾਂ ਦੀ ਰਾਖੀ ਲਈ ਸੰਘਰਸ਼ ਤਿੱਖਾ ਕਰਨ ਦਾ ਅਹਿਦ

ਐੱਮ ਐੱਸ ਭਾਟੀਆ ਜਨਰਲ ਸਕੱਤਰ ਤੇ ਵਿਜੇ ਕੁਮਾਰ ਪ੍ਰਧਾਨ ਚੁਣੇ ਗਏ

ਲੁਧਿਆਣਾ (ਕਬੂਰੀਆ)-ਇੱਥੇ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਹੋਈ ਏਟਕ ਦੀ ਜ਼ਿਲ੍ਹਾ ਕਾਨਫਰਸ ਵਿੱਚ ਕਾਮਿਆਂ ਦੇ ਹੱਕਾਂ ਦੀ ਰਾਖੀ ਲਈ ਸੰਘਰਸ਼ ਨੂੰ ਹੋਰ ਤਿੱਖਾ ਕਰਨ ਦਾ ਅਹਿਦ ਲਿਆ ਗਿਆ। ਕਾਮਰੇਡ ਰਮੇਸ਼ ਰਤਨ, ਡੀ ਪੀ ਮੌੜ, ਕੇਵਲ ਸਿੰਘ ਬਨਵੈਤ, ਚਰਨ ਸਰਾਭਾ ਤੇ ਗੁਰਨਾਮ ਸਿੱਧੂ ਨੇ ਪ੍ਰਧਾਨਗੀ ਕੀਤੀ। ਸਵਾਗਤ ਦੀ ਭਾਸ਼ਾ ਦੇ ਮੌਜੂਦਾ ਪ੍ਰਧਾਨ ਕਾਮਰੇਡ ਰਮੇਸ਼ ਰਤਨ ਨੇ ਸਵਾਗਤੀ ਭਾਸ਼ਣ ਦਿੱਤਾ ਤੇ ਸਭ ਡੈਲੀਗੇਟਾਂ ਨੂੰ ਜੀ ਆਇਆਂ ਕਿਹਾ। ਇਸ ਸੰਮੇਲਨ ਦਾ ਉਦਘਾਟਨ ਏਟਕ ਪੰਜਾਬ ਦੇ ਵਰਕਿੰਗ ਪ੍ਰਧਾਨ ਕਾਮਰੇਡ ਸੁਖਦੇਵ ਸ਼ਰਮਾ ਨੇ ਕੀਤਾ।

ਉਨ੍ਹਾਂ ਨੇ ਕਿਹਾ ਕਿ ਮੋਦੀ ਸਰਕਾਰ ਦੇ ਆਉਣ ਤੋਂ ਬਾਅਦ ਬੇਰੋਜ਼ਗਾਰੀ ਵਧ ਰਹੀ ਹੈ, ਮਹਿੰਗਾਈ ਵਧ ਰਹੀ ਹੈ ਤੇ ਰੋਜ਼ੀ-ਰੋਟੀ ਦੇ ਸਾਧਨ ਖਤਮ ਹੋ ਰਹੇ ਹਨ। ਇਨ੍ਹਾਂ ਕਠਿਨ ਹਾਲਾਤਾਂ ਵਿੱਚ ਕਾਮਿਆਂ ਲਈ ਜੀਵਨ ਹੋਰ ਵੀ ਦੁੱਭਰ ਹੋ ਗਿਆ ਹੈ। ਨਵੇਂ ਵੇਜ ਕੋਡ ਬਿੱਲ ਵਿੱਚ ਮਜ਼ਦੂਰਾਂ ਦੇ ਅਧਿਕਾਰਾਂ ਨੂੰ ਕਾਫੀ ਹੱਦ ਤੱਕ ਖਤਮ ਕੀਤਾ ਗਿਆ ਹੈ। ਕੰਮ ਦਿਹਾੜੀ 8 ਤੋਂ ਵਧਾ ਕੇ 12 ਘੰਟੇ ਕਰਨ ਦਾ ਫੈਸਲਾ ਬਹੁਤ ਹੀ ਮੰਦਭਾਗਾ ਤੇ ਮਜ਼ਦੂਰ ਵਿਰੋਧੀ ਹੈ। ਇਸ ਹੁਕਮ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ। ਉਨ੍ਹਾਂ ਘੱਟੋ-ਘੱਟ ਉਜ਼ਰਤ 26000/- ਰੁਪਏ ਮਹੀਨਾ ਤੈਅ ਕਰਨ ਦੀ ਮੰਗ ਵੀ ਕੀਤੀ। ਪ੍ਰਧਾਨ ਮੰਤਰੀ ਦੇ ਸਾਰੇ ਐਲਾਨ ਝੂਠੇ ਤੇ ਡਰਾਮੇਬਾਜ਼ੀਆਂ ਹਨ। ਉਨ੍ਹਾਂ ਕਿਹਾ ਕਿ 60 ਸਾਲ ਤੋਂ ਵੱਧ ਉਮਰ ਦੇ ਸਾਰੇ ਨਾਗਰਿਕਾਂ ਨੂੰ ਪੈਨਸ਼ਨ ਤੇ ਸਮਾਜਿਕ ਸੁਰੱਖਿਆ ਵਜੋਂ 10000/- ਪ੍ਰਤੀ ਮਹੀਨਾ ਦਿੱਤਾ ਜਾਵੇ। ਬਿਜਲੀ ਸੋਧ ਬਿੱਲ 2020 ਵਾਪਸ ਲਿਆ ਜਾਵੇ, ਜਨਤਕ ਖੇਤਰ ਦੀਆਂ ਇਕਾਈਆਂ ਦਾ ਨਿੱਜੀਕਰਨ ਬੰਦ ਕੀਤਾ ਜਾਵੇ। 200 ਦਿਨਾਂ ਦਾ ਕੰਮ ਅਤੇ 700/- ਪ੍ਰਤੀ ਦਿਨ ਦਿਹਾੜੀ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਇਹ ਸਰਕਾਰ ਸੱਤਾ ਵਿੱਚ ਬਣੀ ਰਹਿੰਦੀ ਹੈ ਤਾਂ ਪੈਨਸ਼ਨ ਖਤਮ ਕਰ ਦਿੱਤੀ ਜਾਵੇਗੀ ਤੇ ਘੱਟੋ-ਘੱਟ ਉਜ਼ਰਤ ਐਲਾਨੀਆ ਫਲੋਰ ਵੇਜ ਦੇ ਮੁਤਾਬਕ 178/- ਰੁਪਏ ਪ੍ਰਤੀ ਦਿਨ ਪੱਕੀ ਕਰ ਦਿੱਤੀ ਜਾਵੇਗੀ, ਜਿਸ ਦਾ ਕਿ ਮਜ਼ਦੂਰਾਂ ਦੀ ਆਮਦਨ 'ਤੇ ਮਾੜਾ ਅਸਰ ਪਏਗਾ। ਕਾਮਰੇਡ ਡੀ ਪੀ ਮੋੜ ਨੇ ਕਿਹਾ, ਕਿਉਂਕਿ ਸਰਕਾਰ ਕਾਰਪੋਰੇਟ ਪੱਖੀ ਤੇ ਮੁਲਾਜ਼ਮ ਵਿਰੋਧੀ ਹੈ, ਕਾਰਪੋਰੇਟ ਟੈਕਸ 30 ਫੀਸਦੀ ਤੋਂ ਘਟਾ ਕੇ 15 ਫੀਸਦੀ ਕਰ ਕੇ ਉਨ੍ਹਾਂ ਨੂੰ ਟੈਕਸ ਰਿਆਇਤਾਂ ਦੇ ਰਹੇ ਹਨ, ਉਨ੍ਹਾਂ ਨੂੰ ਜਾਇਦਾਦ ਟੈਕਸ ਮਾਫ ਕਰ ਦਿੱਤਾ ਹੈ। ਉਸ ਘਾਟੇ ਦੀ ਭਰਪਾਈ ਲਈ ਜ਼ਰੂਰੀ ਵਸਤਾਂ ਦੀਆਂ ਕੀਮਤਾਂ ਖਾਸ ਕਰਕੇ ਗੈਸ ਤੇ ਪੈਟਰੋਲ ਆਦਿ ਦੀਆਂ ਕੀਮਤਾਂ ਕੁਮਵਾਰ 400 ਤੋਂ 1200 ਤੇ 60 ਤੋਂ 100 ਤੱਕ ਵਧਾ ਦਿੱਤੀਆਂ ਹਨ। ਆਸ਼ਾ, ਆਂਗਨਵਾੜੀ ਤੇ ਹੋਰ ਸਕੀਮ ਵਰਕਰਾਂ ਨੂੰ ਅਜੇ ਵੀ ਰੈਗੂਲਰ ਨਹੀਂ ਕੀਤਾ ਗਿਆ, ਅਜਿਹਾ ਕੀਤਾ ਜਾਣਾ ਚਾਹੀਦਾ ਹੈ। ਠੇਕਾ ਪ੍ਰਣਾਲੀ ਨੂੰ ਖਤਮ ਕਰਕੇ ਸਰਕਾਰੀ ਖਾਲੀ ਪਈਆਂ ਅਸਾਮੀਆਂ ਪੱਕੇ ਤੌਰ 'ਤੇ ਭਰੀਆਂ ਜਾਣ। ਸਾਰਿਆਂ ਲਈ ਸਿਹਤ ਤੇ ਸਿੱਖਿਆ ਮੁਫਤ ਯਕੀਨੀ ਬਣਾਈ ਜਾਵੇ। ਕਾਮਨ ਸਕੂਲ ਤੇ ਗੁਆਂਢ ਵਿੱਚ ਸਕੂਲ ਲਈ ਕੋਠਾਰੀ ਕਮਿਸ਼ਨ ਦੀ ਰਿਪੋਰਟ ਨੂੰ ਅਪਣਾਈ ਜਾਵੇ। ਵਿਸ਼ਵਵਿਆਪੀ ਸਿਹਤ ਦੇਖਭਾਲ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਅੱਜ ਕਾਮਿਆਂ ਨੂੰ ਖਾਸ ਤੌਰ 'ਤੇ ਗੈਰ-ਜਥੇਬੰਦ ਖੇਤਰ ਦੇ ਕਾਮਿਆਂ ਨੂੰ ਜਥੇਬੰਦ ਕਰਨਾ ਬਹੁਤ ਵੱਡਾ ਕੰਮ ਹੈ। ਇਸ ਵਿੱਚ ਏਟਕ ਬਹੁਤ ਵੱਡੀ ਭੂਮਿਕਾ ਨਿਭਾਅ ਸਕਦੀ ਹੈ। ਲੁਧਿਆਣਾ ਵਰਗੇ ਉਦਯੋਗਿਕ ਨਗਰ ਦੇ ਵਿੱਚ ਹਾਲਤ ਇਹ ਹੈ ਕਿ ਜੇ ਕੋਈ ਕੰਮ ਟਰੇਡ ਯੂਨੀਅਨ ਕੰਮਾਂ ਵਿੱਚ ਹਿੱਸਾ ਲੈਂਦਾ ਹੈ ਤਾਂ ਉਸ ਨੂੰ ਨੌਕਰੀਓਂ ਕੱਢ ਦਿੱਤਾ ਜਾਂਦਾ ਹੈ। ਇਸ ਲਈ ਸਾਨੂੰ ਕਾਮਿਆਂ ਨੂੰ ਜਥੇਬੰਦ ਕਰਨ ਦੇ ਨਵੇਂ ਕਿਸਮ ਦੇ ਢੰਗ ਤਰੀਕੇ ਲੱਭਣੇ ਪੈਣਗੇ। ਜ਼ਿਲ੍ਹਾ ਜਨਰਲ ਸਕੱਤਰ ਕਾਮਰੇਡ ਵਿਜੇ ਕੁਮਾਰ ਨੇ ਪਿਛਲੇ ਸਮੇਂ ਵਿੱਚ ਕੀਤੇ ਗਏ ਕੰਮਾਂ ਦੀ ਰਿਪੋਰਟ ਪੇਸ਼ ਕੀਤੀ। ਕਾਮਰੇਡ ਚਰਨ ਸਰਾਭਾ ਨੇ ਕਾਮਿਆਂ ਨੂੰ ਦਰਪੇਸ਼ ਸਮੱਸਿਆਵਾਂ ਦਾ ਸਰਮਾਏਦਾਰੀ ਦਾ ਬਹੁਤ ਵੱਡਾ ਹਮਲਾ ਦੱਸਿਆ ਤੇ ਕਾਮਿਆਂ ਨੂੰ ਇੱਕ ਮੁੱਠ ਕਰਨ ਲਈ ਇਹ ਟੈਕ ਨੂੰ ਅੱਗੇ ਆਉਣ ਦਾ ਸੱਦਾ ਦਿੱਤਾ।

ਕਾਨਫਰੰਸ ਵਿੱਚ ਨਵੀਂ ਟੀਮ ਚੁਣੀ ਗਈ, ਜਿਸ ਵਿੱਚ ਕਾਮਰੇਡ ਵਿਜੇ ਕੁਮਾਰ ਪ੍ਰਧਾਨ ਤੇ ਕਾਮਰੇਡ ਐਮ ਐਸ ਭਾਟੀਆ ਜਨਰਲ ਸਕੱਤਰ ਚੁਣੇ ਗਏ। ਨੰਬਰ ਇਸ ਤੋਂ ਇਲਾਵਾ ਆਉਣ ਵਾਲੇ ਸਮੇਂ ਲਈ 37 ਮੈਂਬਰੀ ਵਰਕਿੰਗ ਕਮੇਟੀ ਚੁਣੀ ਗਈ। ਕਾਨਫਰੰਸ ਨੇ ਤਿੰਨ ਨਵੰਬਰ ਨੂੰ ਮੋਹਾਲੀ ਵਿਖੇ ਹੋਣ ਵਾਲੀ ਰੈਲੀ ਵਿੱਚ ਵੱਡੇ ਪੱਧਰ 'ਤੇ ਸ਼ਾਮਲ ਹੋਣ ਦਾ ਫੈਸਲਾ ਕੀਤਾ। ਨਵੇਂ ਚੁਣੇ ਪ੍ਰਧਾਨ ਵਿਜੇ ਕੁਮਾਰ ਤੇ ਜਨਰਲ ਸਕੱਤਰ ਐਮ ਐਸ ਭਾਟੀਆ ਨੇ ਵਿਸ਼ਵਾਸ ਦਿਵਾਇਆ ਕਿ ਤਨਦੇਹੀ ਨਾਲ ਜਥੇਬੰਦੀ ਨੂੰ ਅੱਗੇ ਵਧਾਉਣ ਦਾ ਕੰਮ ਕਰਨਗੇ ਤੇ ਵਿਸ਼ੇਸ਼ ਕਰ ਗੈਰ-ਜਥੇਬੰਦ ਖੇਤਰ ਦੇ ਕਾਮਿਆਂ ਨੂੰ ਤਰਜੀਹ ਦੇਣਗੇ। ਉਨ੍ਹਾਂ ਕਿਹਾ ਕਿ ਵਰਕਿੰਗ ਕਮੇਟੀ ਦੀ ਮੀਟਿੰਗ ਛੇਤੀ ਹੀ ਕਰਕੇ ਬਾਕੀ ਦੇ ਅਹੁਦੇਦਾਰ ਵੀ ਚੁਣ ਲਏ ਜਾਣਗੇ।

ਕਾਨਫਰੰਸ ਨੇ ਫੈਸਲਾ ਕੀਤਾ ਕਿ ਆਉਣ ਵਾਲੇ ਸਮੇਂ ਵਿੱਚ ਮਜ਼ਦੂਰਾਂ ਦੇ ਹੱਕ ਦੇ ਲਈ ਸੰਘਰਸ਼ ਜਾਰੀ ਰੱਖੇ ਜਾਣਗੇ। ਇਨ੍ਹਾਂ ਵਿੱਚੋਂ ਪ੍ਰਮੁੱਖ ਰੇੜੀ ਫੜੀ ਵਾਲਿਆਂ ਦੀ ਵੈਂਡਿੰਗ ਜ਼ੋਨ ਦੀ ਸਮੱਸਿਆ ਨੂੰ ਲੈ ਕੇ ਸੰਘਰਸ਼ ਕੀਤਾ ਜਾਏਗਾ। ਉਸਾਰੀ ਮਜ਼ਦੂਰਾਂ ਦੇ ਮਸਲਿਆਂ ਨੂੰ ਲੈ ਕੇ ਉਨ੍ਹਾਂ ਦੇ ਲਾਭਪਾਤਰੀ ਕਾਰਡ ਬਣਾ ਕੇ ਦਿੱਤੇ ਜਾਣਗੇ। ਵੱਖ ਵੱਖ ਅਦਾਰਿਆਂ ਵਿੱਚ ਠੇਕੇਦਾਰੀ ਪ੍ਰਬੰਧ ਨੂੰ ਸਮਾਪਤ ਕਰਾਉਣ ਲਈ ਅੰਦੋਲਨ ਕੀਤੇ ਜਾਣਗੇ। ਪੱਲੇਦਾਰਾਂ ਦੇ ਨਾਲ ਜੁੜੇ ਮਸਲਿਆਂ ਨੂੰ ਲੈ ਕੇ ਉਨ੍ਹਾਂ ਦੇ ਹੱਕਾਂ ਦੀ ਰਾਖੀ ਲਈ ਉਚੇਚੀ ਕਾਰਵਾਈ ਕੀਤੀ ਜਾਏਗੀ। ਉਦਯੋਗਕ ਮਜ਼ਦੂਰਾਂ ਦੇ ਨਾਲ ਹੋ ਰਹੇ ਧੱਕੇ ਤੇ ਲੋੜ ਨਾਲੋਂ ਵੱਧ ਕੰਮ ਦੇ ਘੰਟੇ 8 ਤੋਂ 12 ਕਰਨ ਦੇ ਮੁੱਦੇ ਨੂੰ ਲੈ ਕੇ 16 ਤਰੀਕ ਨੂੰ ਡਿਪਟੀ ਕਮਿਸ਼ਨਰ ਲੁਧਿਆਣਾ ਨੂੰ ਮੰਗ ਪੱਤਰ ਤੇ 23 ਅਕਤੂਬਰ ਨੂੰ ਲੇਬਰ ਦਫਤਰ ਦੇ ਬਾਹਰ ਧਰਨਾ ਦਿੱਤਾ ਜਾਏਗਾ।

ਰਾਜਸਥਾਨ ਫੀਡਰ ਨਹਿਰ ਕਿਨਾਰੇ ਵਸੇ ਲੋਕਾਂ ਦੇ ਉਜਾੜੇ ਖਿਲਾਫ ਡਟੀ ਪੇਂਡੂ ਮਜ਼ਦੂਰ ਯੂਨੀਅਨ

ਲੋਕਾਂ ਦੀ ਵਸੋਂ ਦੇ ਬਦਲਵੇਂ ਪ੍ਰਬੰਧ ਕਰੇ ਸਰਕਾਰ : ਕਿਰਤੀ

ਮੁਕਤਸਰ (ਸ਼ਮਿੰਦਰਪਾਲ/ਪੂਜਾ)-ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਪਿੰਡ ਵੜਿੰਗ ਬਸਤੀ ਨਹਿਰਾਂ, ਥਾਂਦੇਵਾਲਾ ਤੇ ਕੋਟਲੀ ਸੰਘਰ ਵਿਖੇ ਭਰਵੀਂ ਮੀਟਿੰਗ ਕੀਤੀ ਗਈ। ਜ਼ਿਕਰਯੋਗ ਹੈ ਕਿ ਰਾਜਸਥਾਨ ਫੀਡਰ ਉੱਪ ਮੰਡਲ ਅਫਸਰ ਸ੍ਰੀ ਮੁਕਤਸਰ ਸਾਹਿਬ ਵੱਲੋਂ ਰਾਜਸਥਾਨ ਫੀਡਰ ਨਹਿਰ ਕਿਨਾਰੇ ਵਸੀਆਂ ਮਜ਼ਦੂਰ ਬਸਤੀਆਂ ਵਿੱਚ ਰਹਿੰਦੇ ਮਜ਼ਦੂਰਾਂ ਦੇ ਨਾਂਅ 'ਤੇ 6 ਅਕਤੂਬਰ ਨੋਟਿਸ ਜਾਰੀ ਕੀਤੇ ਗਏ ਹਨ। ਜਾਰੀ ਕੀਤੇ ਗਏ ਨੋਟਿਸ ਅਨੁਸਾਰ 15 ਦਿਨਾਂ ਅੰਦਰ ਮਕਾਨ ਵਾਲੀ ਜਗ੍ਹਾ ਖਾਲੀ ਕਰਨ ਲਈ ਕਿਹਾ ਗਿਆ ਹੈ।

ਪ੍ਰੈੱਸ ਬਿਆਨ ਜਾਰੀ ਕਰਦਿਆਂ ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਲਖਵੰਤ ਕਿਰਤੀ ਨੇ ਕਿਹਾ ਕਿ ਪਿਛਲੇ ਲਗਭਗ ਚਾਰ ਦਹਾਕਿਆਂ ਤੋਂ ਸੈਂਕੜੇ ਪਰਿਵਾਰ ਇਸ ਜਗ੍ਹਾ 'ਤੇ ਰਹਿ ਰਹੇ ਹਨ। ਇਸ ਜਗ੍ਹਾ 'ਤੇ ਲੋਕਾਂ ਨੂੰ ਸਰਕਾਰੀ ਸਹੂਲਤ ਵੀ ਮਿਲਦੀ ਆ ਰਹੀ ਹੈ। ਲੋਕ ਆਪਣੇ ਗੁਜ਼ਾਰੇਯੋਗ ਮਕਾਨ ਬਣਾ ਕੇ ਰਹਿ ਰਹੇ ਹਨ। ਇਸ ਜਗ੍ਹਾ ਰਹਿਣ ਵਾਲੇ ਲੋਕਾਂ ਨੂੰ ਸਰਕਾਰੀ ਬਿਜਲੀ ਮੀਟਰ ਤੇ ਕੁਝ ਪਰਿਵਾਰਾਂ ਨੂੰ ਸਵੱਛ ਭਾਰਤ ਸਕੀਮ ਤਹਿਤ ਫਲੱਸ਼ ਆਦਿ ਸਹੂਲਤ ਮਿਲੀ ਹੋਈ ਹੈ। ਇਨ੍ਹਾਂ ਲੋਕਾਂ ਕੋਲ ਇਨ੍ਹਾਂ ਮਕਾਨਾਂ ਵਾਲੀ ਜਗ੍ਹਾ ਤੋਂ ਬਿਨਾਂ ਰਹਿਣ ਲਈ ਇੱਕ ਮਰਲੇ ਦੀ ਵੀ ਮਾਲਕੀ ਨਹੀਂ ਹੈ ਅਤੇ ਇਨ੍ਹਾਂ ਦੇ ਰਹਿਣ ਲਈ ਬਦਲਵੇਂ ਪ੍ਰਬੰਧ ਕੀਤੇ ਬਿਨਾਂ ਜਗ੍ਹਾ ਖਾਲੀ ਕਰਨ ਦੇ ਨੋਟਿਸ ਜਾਰੀ ਕਰਨਾ ਸਰਾਸਰ ਨਾ-ਇਨਸਾਫੀ ਹੈ। ਸੰਨ 1947 ਵਿੱਚ ਹੋਏ ਲੋਕਾਂ ਦੇ ਉਜਾੜੇ ਨੂੰ ਦੁਹਰਾਇਆ ਜਾ ਰਿਹਾ ਹੈ। ਇਸ ਮੌਕੇ ਨੌਜਵਾਨ ਭਾਰਤ ਸਭਾ ਦੇ ਸੂਬਾ ਜਨਰਲ ਸਕੱਤਰ ਮੰਗਾ ਅਜ਼ਾਦ, ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਮੰਗਲ ਸਿੰਘ ਖੋਖਰ, ਗਿਆਨ ਸਿੰਘ ਝਬੇਲਵਾਲੀ, ਨੌਜਵਾਨ ਭਾਰਤ ਸਭਾ ਦੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਖੋਖਰ, ਜ਼ਿਲ੍ਹਾ ਆਗੂ ਮਹਾਸ਼ਾ ਸਿੰਘ ਸਮਾਘ ਨੇ ਕਿਹਾ ਕਿ ਮਜ਼ਦੂਰਾਂ ਦਾ ਇਸ ਤਰ੍ਹਾਂ ਉਜਾੜਾ ਕਰਨਾ ਸਰਕਾਰ ਦੀ ਅਤਿ ਨਿੰਦਾਯੋਗ ਕਾਰਵਾਈ ਹੈ ਤੇ ਇਸ ਨੂੰ ਕਦੇ ਵੀ ਸਹਿਣ ਨਹੀਂ ਕੀਤਾ ਜਾਵੇਗਾ। ਇਸ ਲਈ ਸਰਕਾਰ ਉਨ੍ਹਾਂ ਲਈ ਬਦਲਵੇਂ ਪ੍ਰਬੰਧ ਕਰੇ। ਇਸ ਮੌਕੇ ਮਜ਼ਦੂਰ ਕਿਸਾਨ ਲੋਕ ਲਹਿਰ ਦੇ ਪ੍ਰਧਾਨ ਜਸਵਿੰਦਰ ਸਿੰਘ ਵੱਟੂ, ਸਕੱਤਰ ਸੁਖਪਾਲ ਸਿੰਘ ਬਰਾੜ, ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਜਗਦੀਪ ਕੌਰ ਵੜਿੰਗ, ਨੌਜਵਾਨ ਭਾਰਤ ਸਭਾ ਦੇ ਆਗੂ ਗੁਰਤੇਜ ਸਿੰਘ ਵੜਿੰਗ, ਪ੍ਰੈੱਸ ਕਰਮੀ ਬਲਵੰਤ ਸਿੰਘ ਹਮਾਇਤ ਦੇਣ ਲਈ ਪਹੁੰਚੇ।

ਕਾਤਰਾਂ

ਆਂਗਨਵਾੜੀ ਵਰਕਰਾਂ ਵੱਲੋਂ ਧਰਨਾ ਮੁਲਤਵੀ

ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)-ਆਂਗਨਵਾੜੀ ਵਰਕਰ ਯੂਨੀਅਨ ਸੀਟੂ ਦੀ ਜ਼ਿਲ੍ਹਾ ਪ੍ਰਧਾਨ ਨੇ ਕਿਹਾ ਕਿ ਸਰਕਾਰ ਦੀ ਵਾਅਦਾ ਖਿਲਾਫੀ ਤੇ ਹੱਕੀ ਮੰਗਾਂ ਨੂੰ ਲੈ ਕੇ 16 ਅਕਤੂਬਰ ਨੂੰ ਕੈਬਨਿਟ ਮੰਤਰੀ ਬਲਜੀਤ ਕੌਰ ਦੀ ਰਿਹਾਇਸ਼ ਅੱਗੇ ਧਰਨਾ ਦਿੱਤਾ ਜਾਣਾ ਸੀ, ਪ੍ਰੰਤੂ ਆਂਗਨਵਾੜੀ ਵਰਕਰ ਯੂਨੀਅਨ ਸੀਟੂ ਦੀ ਸੂਬਾ ਪੱਧਰੀ ਤਿਆਰੀ ਨੂੰ ਦੇਖਦਿਆਂ ਸਰਕਾਰ ਵੱਲੋਂ 26 ਅਕਤੂਬਰ ਨੂੰ ਮੀਟਿੰਗ ਦਾ ਟਾਈਮ ਦਿੱਤਾ ਗਿਆ ਹੈ, ਜਿਸ ਕਾਰਨ 16 ਅਕਤੂਬਰ ਨੂੰ ਲੱਗਣ ਵਾਲਾ ਧਰਨਾ ਮੁਲਤਵੀ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ 26 ਅਕਤੂਬਰ ਵਾਲੀ ਮੀਟਿੰਗ ਵਿੱਚ ਮੰਗਾਂ ਸਬੰਧੀ ਜੇ ਫੈਸਲਾ ਨਾ ਲਿਆ ਗਿਆ ਤਾਂ 28 ਅਕਤੂਬਰ ਨੂੰ ਮਲੋਟ ਵਿਖੇ ਕੈਬਨਿਟ ਮੰਤਰੀ ਬਲਜੀਤ ਕੌਰ ਦੀ ਰਿਹਾਇਸ਼ ਦੇ ਬਾਹਰ ਸੂਬਾ ਪੱਧਰੀ ਧਰਨਾ ਦਿੱਤਾ ਜਾਵੇਗਾ।

ਐਡਵੋਕੇਟ ਜਗਦੀਪ ਪੂਨੀਆਂ ਵੱਲੋਂ ਅਸਤੀਫਾ

ਤਲਵੰਡੀ ਸਾਬੋ (ਜਗਦੀਪ ਗਿੱਲ)-ਐਡਵੋਕੇਟ ਜਗਦੀਪ ਪੂਨੀਆ, ਜੋ ਸ਼੍ਰੋਮਣੀ ਅਕਾਲੀ ਦਲ ਦੇ ਲੀਗਲ ਸੈੱਲ ਹਲਕਾ ਤਲਵੰਡੀ ਸਾਬੋ ਦੇ ਪ੍ਰਧਾਨ ਸਨ, ਨੇ ਸ਼੍ਰੋਮਣੀ ਅਕਾਲੀ ਦਲ ਦੀ ਮੁੱਢਲੀ ਮੈਂਬਰਸ਼ਿਪ ਸਮੇਤ ਸਾਰੇ ਅਹੁਦਿਆਂ ਤੋਂ ਅਸਤੀਫਾ ਦੇ ਦਿੱਤਾ ਹੈ। ਜਾਣਕਾਰੀ ਦਿੰਦਿਆਂ ਪੱਤਰਕਾਰਾਂ ਨੂੰ ਭੇਜੇ ਆਪਣੇ ਅਸਤੀਫਾ ਪੱਤਰ ਵਿੱਚ ਉਨ੍ਹਾਂ ਕਿਹਾ ਕਿ ਉਹ ਹਲਕਾ ਤਲਵੰਡੀ ਸਾਬੋ ਤੋਂ ਚਾਰ ਵਾਰੀਆਂ ਦੇ ਸਾਬਕਾ ਵਿਧਾਇਕ ਸ੍ਰ. ਜੀਤ ਮਹਿੰਦਰ ਸਿੰਘ ਸਿੱਧੂ ਨਾਲ ਸਨ ਤੇ ਉਨ੍ਹਾਂ ਦੇ ਹੀ ਨਾਲ ਹਨ। ਚੇਤੇ ਰਹੇ ਕਿ ਪਿਛਲੇ ਦਿਨੀਂ ਸ੍ਰ. ਜੀਤ ਮਹਿੰਦਰ ਸਿੰਘ ਸਿੱਧੂ ਵੱਲੋਂ ਵੀ ਸ਼੍ਰੋਮਣੀ ਅਕਾਲੀ ਦਲ ਤੋਂ ਆਪਣੇ ਆਪ ਨੂੰ ਵੱਖ ਕਰ ਲਿਆ ਗਿਆ ਸੀ।

ਜ਼ਮੀਨਾਂ 'ਚੋਂ ਰੇਤਾ ਚੁੱਕਣ ਲਈ ਸਮਾਂ ਵਧਾਉਣ ਦੀ ਮੰਗ

ਧਰਮਕੋਟ (ਗੁਰਦੀਪ ਸਿੰਘ ਭੁੱਲਰ) : ਪਿਛਲੇ ਦਿਨੀਂ ਪੰਜਾਬ ਵਿੱਚ ਹੜ੍ਹਾਂ ਦੇ ਪਾਣੀ ਆਉਣ ਕਾਰਨ ਜ਼ਮੀਨਾਂ ਵਿੱਚ ਦੋ ਤਿੰਨ ਫੁੱਟ ਰੇਤਾ ਚੜ੍ਹ ਗਿਆ ਸੀ ਤੇ ਸਾਰੀਆਂ ਫਸਲਾਂ ਤਬਾਹ ਹੋ ਗਈਆਂ ਸਨ। ਪੰਜਾਬ ਸਰਕਾਰ ਨੇ ਖੇਤਾਂ ਵਿੱਚੋਂ ਰੇਤ ਚੁੱਕਣ ਵਾਸਤੇ ਕਿਸਾਨਾਂ ਨੂੰ ਪੰਜ ਦਿਨਾਂ ਦਾ ਸਮਾਂ ਦਿੱਤਾ ਸੀ, ਜੋ ਕਿ ਬਹੁਤ ਘੱਟ ਸੀ। ਪੰਜ ਦਿਨਾਂ ਨਾਲ ਖਰਾਬ ਹੋਈਆਂ ਜ਼ਮੀਨਾਂ ਵਿੱਚੋਂ 10% ਰੇਤ ਚੁੱਕੀ ਗਈ ਸੀ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਸਾਨ ਆਗੂ ਖਾਲਸਾ ਬਲਜਿੰਦਰ ਸਿੰਘ ਨੇ ਕਿਹਾ ਕਿ ਜ਼ਮੀਨਾਂ ਵਿੱਚੋਂ ਰੇਤਾ ਚੁੱਕਣ ਦਾ ਘੱਟ ਤੋਂ ਘੱਟ ਦੋ ਮਹੀਨੇ ਦਾ ਸਮਾਂ ਦਿੱਤਾ ਜਾਵੇ ਤਾਂ ਕਿ ਵਾਹੀਯੋਗ ਜ਼ਮੀਨਾਂ ਬਣ ਸਕਣ। ਉਨ੍ਹਾਂ ਕਿਹਾ ਕਿ ਖਰਾਬ ਹੋਈਆਂ ਜ਼ਮੀਨਾਂ ਵਿੱਚੋਂ ਰੇਤ ਚੁੱਕਣ ਲਈ ਸਰਕਾਰ ਨੂੰ ਕਿਸਾਨਾਂ ਦੀ ਮਦਦ ਕਰਨੀ ਚਾਹੀਦੀ ਹੈ।

ਬੀ ਐੱਸ ਐੱਫ ਨੇ ਪਾਕਿਸਤਾਨੀ ਡਰੋਨ ਫੜਿਆ

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਬੀ ਐੱਸ ਐੱਫ ਨੇ ਫ਼ਿਰੋਜ਼ਪੁਰ ਵਿੱਚ ਭਾਰਤ-ਪਾਕਿਸਤਾਨ ਸਰਹੱਦ ਨੇੜੇ ਇੱਕ ਡਰੋਨ ਬਰਾਮਦ ਕੀਤਾ ਹੈ।ਇਹ ਡਰੋਨ ਬੀ ਐੱਸ ਐੱਫ ਨੇ ਸਰਹੱਦੀ ਪਿੰਡ ਚੱਕ ਭੰਗੇ ਵਾਲਾ ਦੇ ਨੇੜਿਓਂ ਬਰਾਮਦ ਕੀਤਾ ਹੈ। ਬੀ ਐੱਸ ਐੱਸ ਨੂੰ 14 ਅਕਤੂਬਰ ਦੀ ਦੇਰ ਸ਼ਾਮ ਡਰੋਨ ਬਾਰੇ ਜਾਣਕਾਰੀ ਮਿਲੀ, ਜਿਸ ਤੋਂ ਬਾਅਦ ਬੀ ਐੱਸ ਐੱਫ ਵੱਲੋਂ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ ਗਈ। ਤਲਾਸ਼ੀ ਮੁਹਿੰਮ ਦੌਰਾਨ

page-6-16-(OCTO)-2023-G-(BV).qxd 10/15/2023 9:25 PM Page 1

ਪੰਜਾਬ ਪ੍ਰਦੇਸ਼ ਵਪਾਰ ਮੰਡਲ ਵੱਲੋਂ ਵਪਾਰੀ ਸੰਮੇਲਨ

ਮੂਨਕ, (ਰਾਜਪਾਲ ਸਿੰਗਲਾ)-ਪੰਜਾਬ ਪ੍ਰਦੇਸ ਵਪਾਰ ਮੰਡਲ ਵੱਲੋਂ ਮੂਨਕ ਅਗਰਵਾਲ ਧਰਮਸ਼ਾਲਾ ਵਿਖੇ ਵਪਾਰੀ ਸੰਮੇਲਨ ਕੀਤਾ ਗਿਆ । ਜਿਸ ਵਿੱਚ ਮੂਨਕ ਇਕਾਈ ਦੇ ਪ੍ਰਧਾਨ ਕੇਵਲ ਕ੍ਰਿਸ਼ਨ ਹਰਿਆਊ ਅਤੇ ਚੇਅਰਮੈਨ ਕਰਮ ਚੰਦ ਸਿੰਗਲਾ ਸਰਪ੍ਰਸਤ ਭੀਮ ਸੈਨ ਗਰਗ ਦੀ ਅਗਵਾਈ ਹੇਠ ਸੰਮੇਲਨ ਵਿਚ ਮੁੱਖ ਮਹਿਮਾਨ ਏ ਆਰ ਸ਼ਰਮਾ ਚੇਅਰਮੈਨ ਸੰਗਰੂਰ ਇੰਡਸਟਰੀ ਚੈਂਬਰ, ਘਣਸ਼ਿਆਮ ਕਾਂਸਲ ਵਾਈਸ ਚੇਅਰਮੈਨ ਸੰਗਰੂਰ ਇੰਡਸਟਰੀ ਚੈਂਬਰ, ਜਸਵਿੰਦਰ ਸਿੰਘ ਪ੍ਰਿੰਸ ਜ਼ਿਲ੍ਹਾ ਪ੍ਰਧਾਨ ਪੰਜਾਬ ਪ੍ਰਦੇਸ ਵਪਾਰ ਮੰਡਲ ਸੰਗਰੂਰ ਅਤੇ ਉਨ੍ਹਾਂ ਦੇ ਨਾਲ ਤਹਿਸੀਲਦਾਰ ਮੂਨਕ ਪ੍ਰਵੀਨ ਸਿੰਗਲਾ, ਡੀ ਐਸ ਪੀ ਮੂਨਕ ਪਰਮਿੰਦਰ ਸਿੰਘ, ਐਸ ਐਚ ਓ ਮੂਨਕ ਸੁਰਿੰਦਰ ਭੱਲਾ ਵਿਸ਼ੇਸ਼ ਰੂਪ ਵਿੱਚ ਹਾਜ਼ਰ ਹੋਏ । ਮੰਚ ਦਾ ਸੰਚਾਲਨ ਕਰਮਵੀਰ ਸਿੰਗਲਾ ਅਤੇ ਮਨਿਸ ਜੈਨ ਨੇ ਕੀਤਾ। ਸੰਮੇਲਨ ਵਿੱਚ ਏ ਆਰ ਸ਼ਰਮਾ ਨੇ ਦੱਸਿਆ ਕਿ ਵਪਾਰੀ ਵਰਗ ਕਿਸੇ ਵੀ ਦੇਸ਼ ਦੇ ਆਰਥਕ ਆਜ਼ਾਦੀ ਘੁਲਾਟੀਏ ਹੁੰਦੇ ਹਨ। ਉਨ੍ਹਾਂ ਤੋਂ ਬਿਨਾਂ ਕੋਈ ਵੀ ਦੇਸ਼ ਆਰਥਕ ਆਜ਼ਾਦੀ ਨਹੀਂ ਪਾ ਸਕਦਾ। ਇਸ ਮੌਕੇ ਘਣਸ਼ਿਆਮ ਕਾਂਸਲ ਨੇ ਵਪਾਰੀ ਵਰਗ ਨੂੰ ਵਿਸ਼ਵਾਸ ਦਿਵਾਇਆ ਕਿ ਸੰਗਰੂਰ ਇੰਡਸਟਰੀ ਚੈਂਬਰ ਹਮੇਸ਼ਾ ਵਪਾਰੀ ਵਰਗ ਦੇ ਨਾਲ ਖੜ੍ਹਾ ਹੋਵੇਗਾ ਅਤੇ ਜਸਵਿੰਦਰ ਸਿੰਘ ਪ੍ਰਿੰਸ ਨੇ ਦੱਸਿਆ ਕਿ ਏਕੇ ਵਿੱਚ ਬਹੁਤ ਤਾਕਤ ਹੁੰਦੀ ਹੈ। ਇਸ ਮੌਕੇ ਤਹਿਸੀਲਦਾਰ ਪ੍ਰਵੀਨ ਸਿੰਗਲਾ ਅਤੇ ਡੀ ਐਸ ਪੀ ਪਰਮਿੰਦਰ ਸਿੰਘ ਨੇ ਵਪਾਰੀ ਵਰਗ ਨੂੰ ਵਿਸ਼ਵਾਸ ਦਿਵਾਇਆ ਕਿ ਪ੍ਰਸ਼ਾਸਨ ਹਮੇਸ਼ਾ ਉਨ੍ਹਾਂ ਦੇ ਨਾਲ ਖੜ੍ਹਾ ਹੈ। ਇਸ ਮੌਕੇ ਕਰਮ ਚੰਦ ਸਿੰਗਲਾ, ਕੇਵਲ ਕ੍ਰਿਸ਼ਨ, ਮੂਨਕ ਦੇ ਵੱਖ-ਵੱਖ ਐਸੋਸੀਏਸ਼ਨ ਕੱਪੜਾ ਐਸੋਸੀਏਸ਼ਨ, ਕਰਿਆਨਾ ਐਸੋਸੀਏਸ਼ਨ, ਕਮਿਸਟ ਐਸੋਸੀਏਸ਼ਨ , ਭੱਠਾ ਐਸੋਸੀਏਸ਼ਨ, ਸ਼ੈਲਰ ਐਸੋਸੀਏਸ਼ਨ, ਆੜ੍ਹਤੀ ਐਸੋਸੀਏਸ਼ਨ ਦੇ ਨੁਮਾਇੰਦੇ ਵੀ ਆਪਣੇ ਵਪਾਰੀ ਵਰਗ ਦੇ ਨਾਲ ਇਸ ਸੰਮੇਲਨ ਵਿੱਚ ਸ਼ਾਮਲ ਹੋਏ। ਇਸ ਮੌਕੇ ਗੁਰਮੀਤ ਆਸਟਾ, ਰਕੇਸ਼ ਬਾਂਸਲ, ਅਸਰਦੇਵ ਗੋਇਲ, ਪ੍ਰਵੀਨ ਮਦਾਨ, ਗੁਰਦੀਪ ਆਸਟਾ, ਸੰਜੇ ਪਹੂਜਾ, ਗੋਰਾ ਲਾਲ ਖੁਰਮੀ, ਅੰਕੁਰ ਸਿੰਗਲਾ, ਰਕੇਸ਼ ਰਾਉ, ਬਿਨੈ ਕੁਮਾਰ, ਕਸ਼ਿਸ਼ ਅਰੋੜਾ ਅਤੇ ਸਾਰੇ ਮੂਨਕ ਦੇ ਵਪਾਰੀ ਵਰਗ ਹਾਜ਼ਰ ਸਨ।

ਪੰਜਾਬ ਸਰਕਾਰ ਨੌਜਵਾਨਾਂ ਨੂੰ ਨੌਕਰੀਆਂ ਮੁਹੱਈਆ ਕਰਵਾਉਣ ਲਈ ਵਚਨਬੱਧ : ਸਿੰਗਲਾ

ਮਾਨਸਾ (ਪਮਾਰ)-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਾਰਦਰਸ਼ੀ ਢੰਗ ਨਾਲ ਨੌਜਵਾਨਾਂ ਨੂੰ ਨੌਕਰੀਆਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਵਿਧਾਇਕ ਮਾਨਸਾ ਡਾ. ਵਿਜੈ ਸਿੰਗਲਾ ਨੇ ਸਮਾਜਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਵਿਚ ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਨੂੰ ਨਿਯੁਕਤੀ ਪੱਤਰ ਸੌਂਪਣ ਮੌਕੇ ਕੀਤਾ।

ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਮੁਬਾਰਕਬਾਦ ਦਿੰਦਿਆਂ ਵਿਧਾਇਕ ਡਾ. ਵਿਜੈ ਸਿੰਗਲਾ ਨੇ ਉਨ੍ਹਾਂ ਨੂੰ ਪੂਰੀ ਮਿਹਨਤ ਤੇ ਲਗਨ ਨਾਲ ਡਿਊਟੀ ਕਰਨ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਉਹ ਵਿਭਾਗ ਦੀਆਂ ਸਕੀਮਾਂ ਨੂੰ ਜ਼ਮੀਨੀ ਪੱਧਰ ਤੱਕ ਲੈ ਕੇ ਜਾਣ। ਇਸ ਮੌਕੇ ਹਾਜ਼ਰ ਨਵ ਨਿਯੁਕਤ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੇ ਨਿਯੁਕਤੀ ਪੱਤਰ ਮਿਲਣ 'ਤੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਵਿਧਾਇਕ ਡਾ. ਵਿਜੈ ਸਿੰਗਲਾ ਦਾ ਧੰਨਵਾਦ ਕੀਤਾ।

ਕ੍ਰਿਸ਼ੀ ਵਿਗਿਆਨ ਕੇਂਦਰ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਮੇਲਾ

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਝੋਨੇ ਦੀ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਤੇ ਹਾੜੀ ਦੀਆਂ ਫਸਲਾਂ ਦੀ ਕਾਸ਼ਤ ਸਬੰਧੀ ਜਾਗਰੂਕਤਾ ਲਈ ਕ੍ਰਿਸ਼ੀ ਵਿਗਿਆਨ ਕੇਂਦਰ, ਫਿਰੋਜ਼ਪੁਰ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਮੇਲਾ ਲਗਾਇਆ ਗਿਆ।ਇਸ ਮੇਲੇ ਦਾ ਮੁੱਖ ਉਦੇਸ਼ ਕਿਸਾਨਾਂ ਵਿੱਚ ਪਰਾਲੀ ਦੀ ਸਾਂਭ- ਸੰਭਾਲ ਦੇ ਵੱਖ-ਵੱਖ ਢੰਗਾਂ ਤੇ ਪੀਏਯੂ ਵੱਲੋਂ ਖੇਤ ਵਿੱਚ ਪਰਾਲੀ ਸੰਭਾਲਣ ਲਈ ਵਿਕਸਿਤ ਮਸ਼ੀਨਰੀ ਤੋਂ ਜਾਣੂ ਕਰਵਾਉਣਾ ਸੀ।ਇਸ ਕਿਸਾਨ ਮੇਲੇ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਭਾਗ ਲਿਆ।ਇਹ ਕਿਸਾਨ ਮੇਲਾ ਡਾ. ਗੁਰਮੀਤ ਸਿੰਘ ਬੁੱਟਰ, ਨਿਰਦੇਸ਼ਕ, ਪਸਾਰ ਸਿੱਖਿਆ, ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਲੁਧਿਆਣਾ ਦੀ ਪ੍ਰਧਾਨਗੀ ਹੇਠ ਲਵਾਇਆ ਗਿਆ, ਜਦਕਿ ਅਮਨਪ੍ਰੀਤ ਸਿੰਘ ਬਰਾੜ, ਮੈਂਬਰ ਬੋਰਡ ਆਫ ਮੈਨੇਜਮੈਂਟ ਪੀਏਯੂ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਹ ਜਾਣਕਾਰੀ ਕ੍ਰਿਸ਼ੀ ਵਿਗਿਆਨ ਕੇਂਦਰ ਫਿਰੋਜ਼ਪੁਰ ਦੇ ਡਿਪਟੀ ਡਾਇਰੈਕਟਰ ਡਾ. ਗੁਰਪ੍ਰੀਤ ਸਿੰਘ ਮੱਕੜ ਨੇ ਦਿੱਤੀ।ਇਸ ਜ਼ਿਲ੍ਹਾ ਪੱਧਰੀ ਕਿਸਾਨ ਮੇਲੇ ਦੇ ਉਦਘਾਟਨੀ ਸਮਾਰੋਹ ਵਿੱਚ ਰਣਬੀਰ ਸਿੰਘ ਭੁੱਲਰ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਤੇ ਫੌਜਾ ਸਿੰਘ ਸਰਾਰੀ ਵਿਧਾਇਕ ਗੁਰੂ ਹਰਸਹਾਏ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਮੌਕੇ ਕ੍ਰਿਸ਼ੀ ਵਿਗਿਆਨ ਕੇਂਦਰ ਫਿਰੋਜ਼ਪੁਰ, ਖੇਤੀਬਾੜੀ ਵਿਭਾਗ ਫਿਰੋਜ਼ਪੁਰ, ਆਤਮਾ ਤੇ ਬਾਗਬਾਨੀ ਵਿਭਾਗ ਫਿਰੋਜ਼ਪੁਰ ਸਮੇਤ ਹੋਰ ਸਰਕਾਰੀ ਵਿਭਾਗਾਂ ਵੱਲੋਂ ਖੇਤੀਬਾੜੀ ਤੇ ਪਰਾਲੀ ਪ੍ਰਬੰਧਨ ਸੰਬੰਧੀ ਅਤੇ ਵੱਖ-ਵੱਖ ਸਵੈ-ਸਹਾਇਤਾ ਸਮੂਹਾਂ, ਉੱਦਮੀਆਂ, ਮਸ਼ੀਨਰੀ ਉਤਪਾਦਕਾ ਵੱਲੋਂ 40 ਪ੍ਰਦਰਸ਼ਨੀਆਂ ਲਗਾਈਆਂ ਗਈਆਂ।ਪੀਏਯੂ ਤੋਂ ਆਏ ਵੱਖ-ਵੱਖ ਵਿਸ਼ੇ ਦੇ ਮਾਹਰਾਂ ਡਾ. ਕਮਲਜੀਤ ਸਿੰਘ ਕ੍ਰਿਸ਼ੀ ਕੀਟ ਵਿਗਿਆਨੀ, ਡਾ. ਸੁਰੇਸ਼ ਜਿੰਦਲ ਸਬਜ਼ੀ ਮਾਹਰ, ਡਾ. ਅਮਰਜੀਤ ਸਿੰਘ ਪ੍ਰੋਫੈਸਰ ਪੌਦ ਸੁਰੱਖਿਆ ਤੇ ਹੋਰ ਸਰਕਾਰੀ ਵਿਭਾਗਾਂ ਦੇ ਮਾਹਰਾਂ ਵੱਲੋਂ ਤਕਨੀਕੀ ਜਾਣਕਾਰੀ ਮੁੱਖ ਪੰਡਾਲ ਤੋਂ ਪ੍ਰਦਾਨ ਕੀਤੀ ਗਈ।ਇਸ ਦੌਰਾਨ ਫਿਰੋਜ਼ਪੁਰ ਜ਼ਿਲ੍ਹੇ ਦੇ ਪਰਾਲੀ ਪ੍ਰਬੰਧਨ, ਖੇਤੀ ਵਿੰਭਿਨਤਾ ਤੇ ਸਹਾਇਕ ਕਿੱਤਿਆਂ ਵਿੱਚ ਅਗਾਂਹਵਧੂ 72 ਕਿਸਾਨਾਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਧੰਨਵਾਦ ਦੇ ਸ਼ਬਦ ਕ੍ਰਿਸ਼ੀ ਵਿਗਿਆਨ ਕੇਂਦਰ ਫਿਰੋਜ਼ਪੁਰ ਦੇ ਨਿਰਦੇਸ਼ਕ ਡਾ. ਗੁਰਪ੍ਰੀਤ ਸਿੰਘ ਮੱਕੜ ਵੱਲੋਂ ਕਹੇ ਗਏ ਅਤੇ ਅੰਤ ਵਿੱਚ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨ ਨੂੰ ਯਾਦਗਾਰੀ ਚਿੰਨ੍ਹਾਂ ਨਾਲ ਸਨਮਾਨਤ ਕੀਤਾ ਗਿਆ।

ਬਲਵਾੜ ਕਲਾਂ ਦੀ ਸਮੁੱਚੀ ਪੰਚਾਇਤ ਅਕਾਲੀ ਦਲ 'ਚ ਸ਼ਾਮਲ

ਲੌਂਗੋਵਾਲ, (ਪ੍ਰਦੀਪ ਸਿੰਘ ਸੱਪਲ / ਕੁਲਦੀਪ ਅੱਤਰੀ): ਝੂਠੇ ਵਾਅਦੇ ਤੇ ਨਕਲੀ ਇਨਕਲਾਬ ਦਾ ਸੁਪਨਾ ਦਿਖਾ ਕੇ ਸੱਤਾ 'ਤੇ ਕਾਬਜ਼ ਹੋਈ ਆਮ ਆਦਮੀ ਦੀ ਸਰਕਾਰ ਤੋਂ ਲੋਕਾਂ ਦਾ ਮੋਹ ਭੰਗ ਹੋਣਾ ਸ਼ੁਰੂ ਹੋ ਗਿਆ ਹੈ ਅਤੇ ਲੋਕ ਵਾਪਸ ਆਪਣੀ ਖੇਤਰੀ ਪਾਰਟੀ ਅਕਾਲੀ ਦਲ ਵੱਲ ਪਰਤ ਰਹੇ ਹਨ, ਪੰਜਾਬ ਸਰਕਾਰ ਦੀਆਂ ਨਾਕਾਮੀਆਂ ਤੇ ਲੋਕਾਂ ਨਾਲ ਕੀਤੇ ਧੋਖੇ ਦੇ ਖਿਲਾਫ ਅੱਜ ਮੁੱਖ ਮੰਤਰੀ ਦੇ ਜ਼ਿਲ੍ਹੇ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਹਲਕੇ ਦੀ ਪਿੰਡ ਬਲਵਾੜ ਕਲਾਂ ਦੀ ਸਮੁੱਚੀ ਪੰਚਾਇਤ ਰਾਜਿੰਦਰ ਦੀਪਾ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਈ। ਜ਼ਿਲ੍ਹਾ ਪ੍ਰਧਾਨ ਤੇਜਿੰਦਰ ਸਿੰਘ ਸੰਘਰੇੜੀ ਤੇ ਵਿਨਰਜੀਤ ਸਿੰਘ ਗੋਲਡੀ ਹਲਕਾ ਇੰਚਾਰਜ ਸੰਗਰੂਰ ਨੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ 'ਤੇ ਸਮੁੱਚੀ ਪੰਚਾਇਤ ਨੂੰ ਜੀ ਆਇਆਂ ਕਿਹਾ ਅਤੇ ਉਨ੍ਹਾਂ ਨੂੰ ਬਣਦਾ ਮਾਣ ਸਤਿਕਾਰ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਬੀਬਾ ਪਰਮਜੀਤ ਕੌਰ ਵਿਰਕ ਪ੍ਰਧਾਨ ਇਸਤਰੀ ਅਕਾਲੀ ਦਲ ਸੰਗਰੂਰ, ਗੁਰਪ੍ਰੀਤ ਕੌਰ ਪੰਚ, ਬਲਜੀਤ ਸਿੰਘ ਪੰਚ, ਰਣਜੀਤ ਸਿੰਘ ਸਾਬਕਾ ਪੰਚ, ਗੁਰਜੀਤ ਸਿੰਘ ਸਰਪੰਚ ਬਲਵਾੜ ਖੁਰਦ, ਹਰਪ੍ਰੀਤ ਸਿੰਘ ਸਰਪੰਚ ਖੁਰਾਣਾ, ਚੇਤਵੰਤ ਸਿੰਘ ਸੰਘਰੇੜੀ, ਪ੍ਰਿਤਪਾਲ ਸਿੰਘ, ਕਰਨੈਲ ਸਿੰਘ, ਮਹਿੰਦਰ ਸਿੰਘ, ਅਮਰਜੀਤ ਸਿੰਘ, ਕਰਮਜੀਤ ਸਿੰਘ, ਹਰਪਾਲ ਸਿੰਘ, ਸੰਜੂ ਸਿੰਘ, ਕਰਮ ਸਿੰਘ, ਗੁਰਧਿਆਨ ਸਿੰਘ, ਗੁਰਮੇਲ ਸਿੰਘ ਆਦਿ ਹਾਜ਼ਰ ਸਨ।

ਐੱਸ ਐੱਸ ਪੀ ਨੇ ਪੀ ਸੀ ਆਰ ਤੇ ਹੈੱਲਪਲਾਈਨ ਈ ਵੀ ਆਰ ਵਹੀਕਲਾਂ ਨੂੰ ਦਿੱਤੀ ਹਰੀ ਝੰਡੀ

ਹਰੀ ਝੰਡੀ ਦੇ ਕੇ ਰਵਾਨਾ ਕਰਦੇ ਹੋਏ ਐੱਸ ਐੱਸ ਪੀ ਮੋਗਾ ਜੇਥ ਇਲਨਚੇਲੀਅਨ।

ਮੋਗਾ (ਅਮਰਜੀਤ ਬੱਬਰੀ)-ਜ਼ਿਲ੍ਹਾ ਮੋਗਾ ਦੇ ਲੋਕਾਂ ਦੀ ਸੁਰੱਖਿਆ ਲਈ ਐੱਸ ਐੱਸ ਪੀ ਮੋਗਾ ਨੇ ਪੀਸੀਆਰ ਵਹੀਕਲਾਂ ਤੇ 112 ਹੈਲਪਲਾਈਨ ਸਬੰਧੀ ਈਵੀਆਰ ਵਹੀਕਲਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ, ਜੋ ਤਿਉਹਾਰਾਂ ਦੇ ਮੱਦੇਨਜ਼ਰ ਜ਼ਿਲ੍ਹੇ ਵਿੱਚ ਕੋਈ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਪੈਨੀ ਨਜ਼ਰ ਰੱਖਣਗੇ।ਵਹੀਕਲਾਂ ਨੂੰ ਹਰੀ ਝੰਡੀ ਦੇਣ ਤੋਂ ਬਾਅਦ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਐੱਸ ਐੱਸ ਪੀ ਮੋਗਾ ਜੇਥ ਇਲਨਚੇਲੀਅਨ, ਆਈਪੀਐਸ, ਐੱਸ ਐੱਸ ਪੀ ਨੇ ਦੱਸਿਆ ਕਿ ਮਨਮੀਤ ਸਿੰਘ ਢਿੱਲੋਂ, ਐੱਸ ਪੀ (ਹੈੱਡਕਵਾਟਰ) ਦੀ ਨਿਗਰਾਨੀ ਹੇਠ ਮੋਗਾ ਪੁਲਸ ਵੱਲੋਂ ਆਉਣ ਵਾਲੇ ਤਿਉਹਾਰਾਂ ਤੇ ਧਾਰਮਿਕ ਸਮਾਗਮਾਂ ਸਬੰਧੀ ਹੋਣ ਵਾਲੇ ਇਕੱਠਾਂ ਦੇ ਮੱਦੇਨਜ਼ਰ ਮੋਗਾ ਪੁਲਸ ਵੱਲੋਂ ਬਜ਼ਾਰਾਂ ਵਿੱਚ ਲੋਕਾਂ ਦੀ ਸੁਰੱਖਿਆ ਤੇ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਹੋਣ ਤੋਂ ਰੋਕਣ ਲਈ ਐਮਰਜੈਂਸੀ ਵਹੀਕਲਾਂ ਦੀ ਗਿਣਤੀ ਵਿੱਚ ਵਾਧਾ ਕੀਤਾ ਗਿਆ ਹੈ।ਅਪਰਾਧ ਦੀ ਰੋਕਥਾਮ ਸਬੰਧੀ ਜ਼ਿਲ੍ਹਾ ਪੁਲਸ ਦਫਤਰਾਂ ਵਿੱਚੋਂ 40 ਪੁਲਸ ਮੁਲਜ਼ਮਾਂ ਨੂੰ ਪੀਸੀਆਰ ਮੋਟਰਸਾਈਕਲ, ਲੇਡੀ ਪੀਸੀਆਰ ਤੇ 112 ਈਵੀਆਰ ਵਹੀਕਲਾਂ 'ਤੇ ਤਾਇਨਾਤ ਕਰਕੇ ਗਿਣਤੀ ਵਿੱਚ ਵਾਧਾ ਕੀਤਾ ਗਿਆ ਹੈ।ਸਬ ਡਵੀਜ਼ਨ ਸਿਟੀ ਮੋਗਾ, ਧਰਮਕੋਟ, ਬਾਘਾ ਪੁਰਾਣਾ ਤੇ ਨਿਹਾਲ ਸਿੰਘ ਵਾਲਾ ਦੇ ਭੀੜ ਵਾਲੇ ਇਲਾਕਿਆਂ ਵਿੱਚ ਕੁੱਲ 19 ਪੁਰਸ਼ ਤੇ ਲੇਡੀ ਪੀਸੀਆਰ ਤਾਇਨਾਤ ਕੀਤੇ ਗਏ ਹਨ, ਜੋ ਸ਼ਰਾਰਤੀ ਅਨਸਰਾਂ 'ਤੇ ਪੂਰੀ ਨਜ਼ਰ ਰੱਖਣਗੇ ਤੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਗੇ। ਇਸ ਦੇ ਨਾਲ ਜ਼ਿਲ੍ਹਾ ਵਿੱਚੋਂ ਲੰਘਣ ਵਾਲੇ ਹਾਈਵੇਅ 'ਤੇ ਪਹਿਲਾਂ 112 ਈਵੀਆਰ ਦੇ 02 ਵਹੀਕਲ ਹੀ ਤਾਇਨਾਤ ਸਨ, ਪ੍ਰੰਤੂ ਅੱਜ 08 ਹੋਰ ਨਵੇਂ 112 ਈਵੀਆਰ ਵਹੀਕਲਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ, ਜੋ ਬੀਟ ਏਰੀਆ ਗਸ਼ਤ/ਪੈਟ੍ਰੋਲਿੰਗ ਕਰਨਗੇ।ਇਸ ਤੋਂ ਇਲਾਵਾ ਜ਼ਿਲ੍ਹਾ ਮੋਗਾ 'ਚ 04 ਸਿਟੀ ਮੋਗਾ ਤੇ 01 ਬਾਘਾ ਪੁਰਾਣਾ ਸ਼ਹਿਰ ਲਈ ਵੋਮੈਨ ਆਰਮਡ ਸਪੈਸ਼ਲ ਪ੍ਰੋਟੈਕਸ਼ਨ ਸਕਾਡ ਨੂੰ ਚਾਲੂ ਕੀਤਾ ਗਿਆ ਹੈ, ਜਿਸ ਨਾਲ ਹੁਣ ਜ਼ਿਲ੍ਹੇ ਵਿੱਚ ਕੁੱਲ 15 ਪੀਸੀਆਰ ਮੋਟਰਸਾਈਕਲ, 05 ਵੋਮੈਨ ਆਰਮਡ ਸਪੈਸ਼ਲ ਪ੍ਰੋਟੈਕਸ਼ਨ ਸਕਾਡ ਤੇ 10, 112 ਈਵੀਆਰ ਵਹੀਕਲ ਬੀਟ ਵਾਈਜ਼ ਤਾਇਨਾਤ ਕੀਤੇ ਗਏ ਹਨ।

Civil Courts Ludhiana

In the Court of Shri
Sumit Makkar
Civil Judge (Senior Division), Ludhiana.
CNR No. PBLD02013849-2023
Peshi : 30.10.2023
Bandeep Singh
Versus
General Public & Others
Petition for Grant of Succession Certificate
Publication issued to : General Public

Whereas the above named petitioner Bandeep Singh has filed petition for the gra0nt of Succession Certificate regarding the assets left by the deceased Rajinder Singh S/o S. Ajaib Singh who died on 28.2.2023.

Notice is issued in the name of General Public that in case anybody has any objection for the grant of succession certifidate, he/she can file objection to the same on or before 30.10.2023, failing which the petition shall be decided in accordance with law.

Given under my hand and the seal of the Court, this 4.10.2023

For details logon to : https://highcourtchd.gov.in/?trs=district notice&district=Ludhiana

Civil Judge (Senior Divison) Ludhiana.

ਕਾਂਗਰਸੀ ਆਗੂਆਂ ਦੀ ਵਾਪਸੀ ਨਾਲ ਮਿਲੇਗੀ ਪਾਰਟੀ ਨੂੰ ਮਜ਼ਬੂਤੀ : ਗਿਰਧਰ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)-ਪੰਜਾਬ ਪ੍ਰਦੇਸ਼ ਕਾਂਗਰਸ ਪਾਰਟੀ ਦੇ ਸਾਬਕਾ ਜਨਰਲ ਸਕੱਤਰ ਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਗੁਰਦਾਸ ਗਿਰਧਰ ਸ੍ਰੀ ਮੁਕਤਸਰ ਸਾਹਿਬ ਨੇ ਕਾਂਗਰਸ ਪਾਰਟੀ 'ਚ ਵਾਪਸ ਆਏ ਆਗੂਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਇਸ ਨਾਲ ਪਾਰਟੀ ਮਜ਼ਬੂਤ ਹੋਵੇਗੀ ਤੇ ਆਉਣ ਵਾਲੀਆਂ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਪੰਜਾਬ ਅੰਦਰ ਕਾਂਗਰਸ ਤੇਰਾਂ ਦੀਆਂ ਤੇਰਾਂ ਸੀਟਾਂ 'ਤੇ ਜਿੱਤ ਦਰਜ ਕਰੇਗੀ। ਜੋ ਹੋਰ ਪੁਰਾਣੇ ਲੀਡਰ ਕਿਸੇ ਮਜ਼ਬੂਰੀ ਕਰਕੇ ਪਾਰਟੀ ਛੱਡ ਗਏ ਸਨ ਉਨ੍ਹਾਂ ਨੂੰ ਅਪੀਲ ਕੀਤੀ ਕਿ ਉਹ ਵਾਪਸ ਪਾਰਟੀ 'ਚ ਆ ਕੇ ਪਾਰਟੀ ਨੂੰ ਹੋਰ ਮਜ਼ਬੂਤ ਕਰਨ। ਉਨ੍ਹਾਂ ਜਿੱਥੇ ਕਾਂਗਰਸ 'ਚ ਵਾਪਸ ਆਏ ਆਗੂਆਂ ਦਾ ਸਵਾਗਤ ਕੀਤਾ ਉੱਥੇ ਹੀ ਕਾਂਗਰਸ ਹਾਈ ਕਮਾਂਡ ਦਾ ਵੀ ਧੰਨਵਾਦ ਕੀਤਾ।

ਪ੍ਰਿਤਪਾਲ ਬੱਲ ਦੇ ਹੱਕ 'ਚ 'ਆਪ' ਵਰਕਰਾਂ ਵੱਲੋਂ ਇਕੱਤਰਤਾ

ਮਜੀਠਾ (ਸੋਇਮ ਅਨੰਦ)-ਆਮ ਆਦਮੀ ਪਾਰਟੀ ਦੇ ਆਗੂਆਂ/ਵਰਕਰਾਂ ਨੇ ਬਲਾਕ ਇੰਚਾਰਜ ਪ੍ਰਿਤਪਾਲ ਸਿੰਘ ਬੱਲ ਦੇ ਹੱਕ ਵਿੱਚ ਇਕੱਤਰਤਾ ਕਰਕੇ ਬੱਲ ਲਈ ਅਹੁਦੇ ਦੀ ਮੰਗ ਕੀਤੀ। ਆਗੂਆਂ ਦੱਸਿਆ ਕਿ ਪਾਰਟੀ ਦੇ ਕੌਮੀ ਜਨਰਲ ਸਕੱਤਰ ਸੰਗਠਨ ਡਾ: ਸੰਦੀਪ ਪਾਠਕ, ਪਾਰਟੀ ਦੇ ਸੂਬਾ ਪ੍ਰਧਾਨ ਭਗਵੰਤ ਮਾਨ ਅਤੇ ਕਾਰਜਕਾਰੀ ਪ੍ਰਧਾਨ ਪ੍ਰੋ. ਬੁੱਧ ਰਾਮ ਵੱਲੋਂ ਹੁਕਮ ਜਾਰੀ ਕਰਕੇ ਆਮ ਆਦਮੀ ਪਾਰਟੀ ਨੇ ਸ

16-OCT-PAGE-7.qxd 10/15/2023 8:57 PM Page 1

ਮਾਛੀਵਾੜਾ ਅਨਾਜ ਮੰਡੀ 'ਚ 6 ਲੱਖ ਬੋਰੀ ਖੁੱਲ੍ਹੇ ਅਸਮਾਨ ਹੇਠ

ਸ਼ੈਲਰ ਮਾਲਕਾਂ ਦੀ ਹੜਤਾਲ ਕਾਰਨ ਕਿਸਾਨ ਤੇ ਆੜ੍ਹਤੀ ਹੋ ਰਹੇ ਨੇ ਖੱਜਲ-ਖੁਆਰ

ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਪੰਜਾਬ ਦੀਆਂ ਵੱਡੀਆਂ ਅਨਾਜ ਮੰਡੀਆਂ ਵਿਚ ਜਾਣੀ ਜਾਂਦੀ ਇਤਿਹਾਸਕ ਸ਼ਹਿਰ ਮਾਛੀਵਾੜਾ ਦੀ ਦਾਣਾ ਮੰਡੀ ਵਿੱਚ ਵੀ ਸ਼ੈਲਰ ਮਾਲਕਾਂ ਦੀ ਹੜਤਾਲ ਦੇ ਮੱਦੇਨਜ਼ਰ ਖੁੱਲ੍ਹੇ ਅਸਮਾਨ ਹੇਠ ਵਿਕੀ ਹੋਈ ਫਸਲ ਦੀਆਂ ਬੋਰੀਆਂ ਦੇ ਅੰਬਾਰ ਲੱਗਣੇ ਸ਼ੁਰੂ ਹੋ ਚੁੱਕੇ ਹਨ ਤੇ ਹੁਣ ਤੱਕ 6 ਲੱਖ ਤੋਂ ਉੱਪਰ ਬੋਰੀਆਂ ਢੋਆ-ਢੁਆਈ ਦੀ ਉਡੀਕ ਵਿੱਚ ਹਨ। ਇਕੱਤਰ ਕੀਤੀ ਜਾਣਕਾਰੀ ਮੁਤਾਬਿਕ ਸ਼ੈਲਰ ਮਾਲਕਾਂ ਦੀ ਹੜਤਾਲ ਚੌਥੇ ਦਿਨ ਵਿੱਚ ਦਾਖਲ ਹੋ ਗਈ ਤੇ ਮੰਡੀਆਂ 'ਚੋਂ ਇੱਕ ਵੀ ਬੋਰੀ ਲਿਫਟਿੰਗ ਨਹੀਂ ਹੋਈ, ਜਿਸ ਕਾਰਨ ਸਾਰੇ ਪਾਸੇ ਬੋਰੀ ਦੀਆਂ ਧਾਕਾਂ ਦੇਖਣ ਨੂੰ ਮਿਲ ਰਹੀਆਂ ਹਨ। ਲਿਫਟਿੰਗ ਨਾ ਹੋਣ ਕਾਰਨ ਮੰਡੀਆਂ ਵਿੱਚ ਫਸਲ ਵੇਚਣ ਆਉਣ ਵਾਲੇ ਕਿਸਾਨਾਂ ਨੂੰ ਫੜ੍ਹਾਂ ਦੀ ਘਾਟ ਵੀ ਪੈਣ ਲੱਗ ਪਈ ਹੈ ਤੇ ਜੇਕਰ ਹਾਲਾਤ ਇਹੀ ਰਹੇ ਤਾਂ ਕਿਸਾਨਾਂ ਨੂੰ ਝੋਨਾ ਮੰਡੀ ਦੇ ਬਾਹਰ ਸੜਕਾਂ 'ਤੇ ਉਤਾਰਨਾ ਪਵੇਗਾ। ਅੱਜ ਆੜ੍ਹਤੀ ਐਸੋ. ਦੇ ਪ੍ਰਧਾਨ ਹਰਜਿੰਦਰ ਸਿੰਘ ਖੇੜਾ, ਕਪਿਲ ਆਨੰਦ, ਅਰਵਿੰਦਰਪਾਲ ਸਿੰਘ ਵਿੱਕੀ, ਸ਼ਸ਼ੀ ਭਾਟੀਆ, ਮਨੋਜ ਬਾਂਸਲ, ਗਰੇਵਾਲ ਮਿਲਕੋਵਾਲ, ਅਕਾਊਂਟੈਂਟ ਭਜਨ ਸਿੰਘ ਨੇ ਦੱਸਿਆ ਕਿ ਹੁਣ ਤੱਕ 9 ਲੱਖ 40 ਹਜ਼ਾਰ ਝੋਨੇ ਦੀ ਬੋਰੀ ਖਰੀਦ ਹੋ ਚੁੱਕੀ ਹੈ ਜਿਸ 'ਚੋਂ ਕਰੀਬ 3.50 ਲੱਖ ਦੀ ਲਿਫਟਿੰਗ ਹੋਈ, ਜਦਕਿ ਕਰੀਬ 6 ਲੱਖ ਬੋਰੀ ਖੁੱਲ੍ਹੇ ਅਸਮਾਨ ਹੇਠ ਢੋਆ-ਢੁਆਈ ਦਾ ਇੰਤਜ਼ਾਰ ਕਰ ਰਹੀ ਹੈ। ਪ੍ਰਧਾਨ ਖੇੜਾ ਨੇ ਦੱਸਿਆ ਕਿ ਕਰੀਬ 1 ਲੱਖ ਕੁਇੰਟਲ ਤੋਂ ਵੱਧ ਫਸਲ ਕਿਸਾਨ ਮੰਡੀਆਂ ਵਿੱਚ ਵੇਚਣ ਨੂੰ ਲੈ ਕੇ ਆਏ ਬੈਠੇ ਹਨ, ਪਰ ਸ਼ੈਲਰ ਮਾਲਕਾਂ ਦੀ ਹੜਤਾਲ ਕਾਰਨ ਉਹ ਬੋਰੀਆਂ 'ਚ ਨਹੀਂ ਭਰ ਰਹੇ। ਉਨ੍ਹਾਂ ਦੱਸਿਆ ਕਿ ਸਰਕਾਰ ਨੂੰ ਸ਼ੈਲਰ ਮਾਲਕਾਂ ਨਾਲ ਮੀਟਿੰਗ ਕਰ ਤੁਰੰਤ ਉਨ੍ਹਾਂ ਦੀਆਂ ਮੰਗਾਂ ਦਾ ਹੱਲ ਕੱਢਣਾ ਚਾਹੀਦਾ ਹੈ ਨਹੀਂ ਤਾਂ ਆਉਣ ਵਾਲੇ ਦਿਨਾਂ 'ਚ ਵੱਡੀ ਪ੍ਰੇਸ਼ਾਨੀ ਖੜੀ ਹੋ ਸਕਦੀ ਹੈ। ਦੂਸਰੇ ਪਾਸੇ ਕਿਸਾਨਾਂ ਨੇ ਕਿਹਾ ਕਿ ਜਦੋਂ ਵੀ ਉਹ ਮੰਡੀਆਂ ਵਿੱਚ ਫਸਲ ਲੈ ਕੇ ਆਉਂਦੇ ਹਨ ਤਾਂ ਕਦੇ ਮਜ਼ਦੂਰ, ਕਦੇ ਆੜ੍ਹਤੀ ਤੇ ਕਦੇ ਸ਼ੈਲਰ ਮਾਲਕ ਹੜਤਾਲ 'ਤੇ ਚਲੇ ਜਾਂਦੇ ਹਨ ਅਤੇ ਪ੍ਰੇਸ਼ਾਨੀ ਉਨ੍ਹਾਂ ਨੂੰ ਝੱਲਣੀ ਪੈਂਦੀ ਹੈ।

ਗੁੜਗਾਉਂ ਪਟੌਦੀ ਦੇ ਸਿੱਖ ਕਤਲੇਆਮ ਮਾਮਲੇ ਦੀ ਸੁਣਵਾਈ ਭਲਕੇ

39 ਸਾਲ ਬਾਅਦ ਵੀ ਪੀੜਤ ਪਰਵਾਰ ਇਨਸਾਫ ਦੀ ਉਡੀਕ 'ਚ : ਭਾਈ ਘੋਲੀਆ

ਅਜੀਤਵਾਲ (ਨਛੱਤਰ ਸੰਧੂ) 1984 'ਚ ਹਰਿਆਣਾ ਵਿਖੇ ਹੋਏ ਸਿੱਖ ਕਤਲੇਆਮ ਦੇ ਪੀੜਤਾਂ ਨੂੰ ਇਨਸਾਫ ਦਿਵਾਉਣ ਲਈ ਲੰਮੇ ਸਮੇਂ ਤੋਂ ਕਾਨੂੰਨੀ ਚਾਰਾਜੋਈ ਰਾਹੀ ਲੜਾਈ ਲੜ ਰਹੇ ਹੋਦ ਚਿੱਲੜ ਸਿੱਖ ਇਨਸਾਫ਼ ਕਮੇਟੀ ਦੇ ਪ੍ਰਧਾਨ ਭਾਈ ਦਰਸਨ ਸਿੰਘ ਘੋਲੀਆ ਨੇ ਕਿਹਾ ਕਿ ਹਰਿਆਣਾ ਦੇ ਗੁੜਗਾਉਂ ਅਤੇ ਪਟੌਦੀ 'ਚ ਹੋਏ 47 ਸਿੱਖਾਂ ਦੇ ਕਤਲੇਆਮ ਸਮੇਤ 83 ਹੋਰ ਪੀੜਤਾਂ ਦੇ ਮਾਮਲਿਆਂ ਨੂੰ ਲੈ ਕੇ ਪੰਜਾਬ ਤੇ ਹਰਿਆਣਾ ਹਾਈਕੋਰਟ 'ਚ ਦਾਇਰ ਕੀਤੇ 133 ਮਾਮਲਿਆਂ ਦੀ ਮਾਣਯੋਗ ਪੰਜਾਬ ਹਰਿਆਣਾ ਹਾਈਕੋਰਟ ਵਿਖੇ ਸੁਣਵਾਈ 17 ਅਕਤੂਬਰ ਨੂੰ ਹੋਵੇਗੀ।

ਉਨ੍ਹਾਂ ਦੱਸਿਆ ਕਿ ਹੋਦ ਚਿੱਲੜ ਵਿੱਚ 32 ਸਿੱਖਾਂ ਦੇ ਕਤਲੇਆਮ ਦੇ ਮਾਮਲੇ ਦੀ ਲੜਾਈ ਦੇ ਨਾਲ ਨਾਲ ਹੁਣ ਗੜਗਾਉਂ ਤੇ ਪਟੌਦੀ 'ਚ ਹੋਏ 47 ਸਿੱਖਾਂ ਦੇ ਕਤਲੇਆਮ ਦੇ ਪੀੜਤਾਂ ਨੂੰ ਇਨਸਾਫ ਦਿਵਾਉਣ ਲਈ ਇਹ ਕਨੂੰਨੀ ਚਾਰਾਜੋਈ ਰਾਹੀ ਮੁੱਦਾ ਚੁੱਕਿਆ ਹੈ।

ਭਾਈ ਘੋਲੀਆ ਨੇ ਕਿਹਾ ਕਿ ਉਪਰੋਕਤ ਦੋਨੋਂ ਸ਼ਹਿਰਾਂ ਵਿੱਚ ਹੋਏ ਕਤਲੇਆਮ ਦੌਰਾਨ 297 ਸਿੱਖਾਂ ਦੇ ਘਰਾਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ ਤੇ 6 ਸਿੱਖਾਂ ਦੀਆਂ ਫੈਕਟਰੀਆਂ ਨੂੰ ਵੀ ਸਾੜ ਦਿੱਤਾ ਸੀ, ਜਿਸ ਦੌਰਾਨ 47 ਸਿੱਖਾਂ ਨੂੰ ਕਤਲ ਕਰ ਦਿੱਤਾ ਗਿਆ ਸੀ, ਜਦੋਂਕਿ ਬਹੁਤ ਸਾਰੇ ਲੋਕਾਂ ਨੂੰ ਜ਼ਖ਼ਮੀ ਕਰਕੇ ਉਨ੍ਹਾਂ ਦੇ ਘਰਾਂ ਨੂੰ ਅੱਗ ਦੀ ਭੇਟ ਚੜ੍ਹਾ ਦਿੱਤਾ ਗਿਆ ਸੀ।

ਹੋਦ ਚਿੱਲੜ ਸਿੱਖ ਇਨਸਾਫ ਕਮੇਟੀ ਵੱਲੋਂ ਮੌਕੇ ਦੇ ਗਵਾਹ ਪੀੜਤ ਸੰਤੋਖ ਸਿੰਘ ਸਾਹਨੀ ਰਾਹੀ ਰਿਟ ਨੰਬਰ 10904 ਮਾਣਯੋਗ ਹਾਈਕੋਰਟ ਵਿਖੇ ਕੇਸ ਲਾਏ ਗਏ ਹਨ। ਇਸ ਮਾਮਲੇ ਦੀ ਕਾਨੂੰਨੀ ਪੈਰਵੀ ਹਾਈਕੋਰਟ ਦੇ ਸੀਨੀਅਰ ਐਡਵੋਕੇਟ ਗਗਨ ਪ੍ਰਦੀਪ ਸਿੰਘ ਬੱਲ ਕਰ ਰਹੇ ਹਨ। ਭਾਈ ਘੋਲੀਆ ਨੇ ਕਿਹਾ ਕਿ ਨਾਨਾਵਤੀ ਕਮਿਸ਼ਨ ਦੀ ਰਿਪੋਰਟ ਮੁਤਾਬਕ ਪਹਿਲਾ ਸਿੱਖ ਕਤਲੇਆਮ ਗੁੜਗਾਉਂ ਤੋਂ ਸ਼ੁਰੂ ਹੋਇਆ ਸੀ, ਜੋ ਗਿਣੀਮਿਥੀ ਸਾਜ਼ਿਸ਼ ਰਾਹੀਂ ਕੀਤਾ ਗਿਆ। ਜ਼ਾਲਮਾਂ ਦੀ ਭੀੜ ਨੇ ਦਿੱਲੀ ਤੋ ਹੋਦ ਚਿੱਲੜ ਪਿੰਡ ਵਿੱਚ ਸ਼ਰਨ ਲੈਣ ਆਏ ਭਾਰਤੀ ਫੌਜ ਦੇ ਜਵਾਨ ਇੰਦਰਜੀਤ ਸਿੰਘ ਬਟਾਲਾ ਨੂੰ ਵੀ ਮੌਤ ਦੇ ਘਾਟ ਉਤਾਰ ਦਿੱਤਾ, ਜੋ ਭਾਰਤ ਲਈ ਬਹੁਤ ਹੀ ਸ਼ਰਮਨਾਕ ਅਤੇ ਘਿਨੌਣੀ ਘਟਨਾ ਹੈ।

ਇਸ ਮੌਕੇ ਗੁਰਦੀਪ ਸਿੰਘ ਕੁਰੂਕਸੇਤਰ, ਬਲਕਰਨ ਸਿੰਘ ਢਿੱਲੋਂ, ਗੁਰਪ੍ਰੀਤ ਸਿੰਘ ਗੁੜਗਾਉਂ, ਲਖਵੀਰ ਸਿੰਘ ਰੰਡਿਆਲਾ, ਲਖਵਿੰਦਰ ਸਿੰਘ ਰੌਲੀ ਤੇ ਸੁਖਰਾਜ ਸਿੰਘ ਗੁਰਦਾਸਪੁਰ ਆਦਿ ਹਾਜ਼ਰ ਸਨ।

ਵਪਾਰ ਮੰਡਲ ਵੱਲੋਂ ਜੱਜ ਬਣੀ ਨਿਹਾਰਿਕਾ ਸਿੰਗਲਾ ਦਾ ਸਨਮਾਨ

ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਸਥਾਨਕ ਸ਼ਹਿਰ ਲਈ ਮਾਣ ਤੇ ਸਤਿਕਾਰ ਲੈ ਕੇ ਪੰਜਾਬ ਸਿਵਲ ਸੇਵਾਵਾਂ (ਜੁਡੀਸ਼ਰੀ) ਦੀ ਪ੍ਰੀਖਿਆ ਵਿੱਚੋਂ ਅੱਵਲ ਰਹੀ ਸਥਾਨਕ ਸ਼ਹਿਰ ਦੇ ਜੇ. ਪੀ. ਰਾਈਸ ਮਿੱਲਜ਼ ਦੇ ਮਾਲਕ ਪ੍ਰਦੀਪ ਸਿੰਗਲਾ ਦੀ ਬੇਟੀ ਨਿਹਾਰਿਕਾ ਸਿੰਗਲਾ ਦਾ ਵਪਾਰ ਮੰਡਲ ਧੂਰੀ ਦੇ ਪ੍ਰਧਾਨ ਵਿਕਾਸ ਜੈਨ ਦੀ ਅਗਵਾਈ ਹੇਠ ਸਨਮਾਨ ਕੀਤਾ ਗਿਆ ਤੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾ ਕੇ ਮੁਬਾਰਕਬਾਦ ਦਿੱਤੀ ਗਈ। ਇਸ ਮੌਕੇ ਜਨਰਲ ਸਕੱਤਰ ਹੰਸ ਰਾਜ ਬਜਾਜ, ਨਰੇਸ਼ ਕੁਮਾਰ ਮੰਗੀ, ਸੰਜੇ ਸਿੰਗਲਾ, ਪ੍ਰਦੀਪ ਸਿੰਗਲਾ, ਪ੍ਰਦੀਪ ਖੰਨਾ, ਸੁਰੇਸ਼ ਬਾਂਸਲ, ਚੰਦਨਦੀਪ ਸਿੰਗਲਾ ਆਦਿ ਹਾਜ਼ਰ ਸਨ। ਬੁਲਾਰਿਆਂ ਨੇ ਨਿਹਾਰਿਕਾ ਸਿੰਗਲਾ ਦੀ ਮਿਹਨਤ 'ਤੇ ਮਾਣ ਮਹਿਸੂਸ ਕਰਦਿਆਂ ਕਿਹਾ ਕਿ ਨਿਹਾਰਿਕਾ ਸਿੰਗਲਾ ਸਮੇਤ ਹੋਰਨਾਂ ਤਿੰਨ ਬੱਚਿਆਂ ਨੇ ਸਾਡੇ ਸ਼ਹਿਰ ਦਾ ਨਾਮ ਉੱਚਾ ਕਰਕੇ ਪੂਰੇ ਸ਼ਹਿਰ ਨੂੰ ਮਾਣ ਬਖਸ਼ਿਆ ਹੈ।

ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ ਵਿਖੇ ਵਰਕਸ਼ਾਪ ਲਗਾਈ

ਬਾਘਾ ਪੁਰਾਣਾ (ਮਨੀ ਸਿੰਗਲਾ)-ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ ਵਿਖੇ ਅਧਿਆਪਕਾਂ ਨੂੰ ਪੜ੍ਹਾਈ ਦੇ ਆਧੁਨਿਕ ਤਰੀਕਿਆਂ ਬਾਰੇ ਜਾਣੂ ਕਰਵਾਉਣ ਤੇ ਲਾਗੂ ਕਰਵਾਉਣ ਲਈ ਵਰਕਸ਼ਾਪ ਲਗਾਈ ਗਈ। ਵਰਕਸ਼ਾਪ ਵਿੱਚ ਇਫੈਕਟਿਵ ਟੀਚਿੰਗ ਤੇ ਕਲਾਸਰੂਮ ਮੈਨੇਜਮੈਂਟ ਬਾਰੇ ਦੱਸਿਆ ਗਿਆ। ਇਹ ਵਰਕਸ਼ਾਪ ਮੈਡਮ ਸਾਨੀਆ ਨਾਥ ਸ਼ਰਮਾ, ਵਰੁਣ ਕੋਹਲੀ ਵੱਲੋਂ ਲਗਾਈ ਗਈ, ਜਿਸ ਵਿੱਚ ਉਨ੍ਹਾ ਅਧਿਆਪਕਾਂ ਨੂੰ ਸਿੱਖਿਆ ਪ੍ਰਣਾਲੀ ਬਦਲਣ ਲਈ ਹਦਾਇਤਾਂ ਦਿੱਤੀਆਂ ਤੇ ਅਧਿਆਪਕਾਂ ਵੱਲੋਂ ਵੀ ਪੜ੍ਹਾਉਣ ਸਮੇਂ ਆਉਣ ਵਾਲੀਆਂ ਦਿੱਕਤਾਂ ਸਬੰਧੀ ਵਿਚਾਰ ਕੀਤਾ ਗਿਆ। ਸਕੂਲ ਦੇ ਪ੍ਰਿੰਸੀਪਲ ਮੈਡਮ ਜੀਨਮ ਗਰਗ ਤੇ ਮਨੋਜ ਕੁਮਾਰ ਨੇ ਦੱਸਿਆ ਕਿ ਸਕੂਲ ਦੇ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਹਰ ਸਾਲ ਇਸ ਤਰ੍ਹਾਂ ਦੀਆਂ ਵਰਕਸ਼ਾਪਾਂ ਲਗਵਾ ਕੇ ਅਧਿਆਪਕਾਂ ਦੇ ਗਿਆਨ ਵਿੱਚ ਵਾਧਾ ਕੀਤਾ ਜਾਂਦਾ ਹੈ, ਜਿਸ ਨਾਲ ਉਨ੍ਹਾਂ ਨੂੰ ਪੜ੍ਹਾਉਣ ਦੇ ਨਵੇਂ ਤਰੀਕਿਆਂ ਬਾਰੇ ਜਾਣਕਾਰੀ ਮਿਲਦੀ ਰਹਿੰਦੀ ਹੈ।

ਪਰਾਲੀ ਸਾੜਨ ਵਾਲੇ ਕਿਸਾਨਾਂ ਖਿਲਾਫ ਕੇਸ ਦਰਜ

ਫਿਰੋਜ਼ਪੁਰ (ਅਸ਼ੋਕ ਸ਼ਰਮਾ)- ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦੱਸਿਆ ਕਿ ਇਸ ਵਾਰ ਪਰਾਲੀ ਸਾੜਨ ਦੀਆਂ ਘਟਨਾਵਾਂ 'ਤੇ ਸਰਕਾਰ ਦੀ ਤਿੱਖੀ ਨਜ਼ਰ ਹੈ ਤੇ ਪਰਾਲੀ ਸਾੜਨ ਵਾਲਿਆਂ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ।ਉਨ੍ਹਾ ਦੱਸਿਆ ਕਿ ਬੀਤੇ ਦਿਨੀਂ ਹਬੀਬ ਕੇ ਰੋਡ 'ਤੇ ਇੱਕ ਅੱਗ ਲੱਗਣ ਦੀ ਘਟਨਾ ਪਾਈ ਗਈ, ਜਿਸ ਦੀ ਲੋਕੇਸ਼ਨ ਦਾ ਮੁਆਇਨਾ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ, ਸਬੰਧਤ ਕਲੱਸਟਰ ਅਫ਼ਸਰ ਤੇ ਸਬੰਧਤ ਪਟਵਾਰੀ ਵੱਲੋਂ ਕੀਤਾ ਗਿਆ ਤੇ ਮੌਕੇ 'ਤੇ ਹੀ ਸਬੰਧਤ ਕਿਸਾਨਾਂ ਸੁਖਜੀਤ ਸਿੰਘ ਤੇ ਜਸਵੰਤ ਸਿੰਘ ਵਾਸੀ ਫ਼ਿਰੋਜ਼ਪੁਰ ਸ਼ਹਿਰ ਦਾ ਚਲਾਨ ਕੱਟਿਆ ਗਿਆ ਅਤੇ 188 ਸੀਆਰਪੀਸੀ ਤਹਿਤ ਐੱਫਆਈਆਰ ਸਬੰਧਤ ਪੁਲਸ ਥਾਣੇ 'ਚ ਦਰਜ ਕਰਵਾਈ ਗਈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਭਵਿੱਖ ਵਿੱਚ ਵੀ ਜੇਕਰ ਕਿਸੇ ਵੀ ਕਿਸਾਨ ਦੁਆਰਾ ਝੋਨੇ ਦੀ ਪਰਾਲੀ ਨੂੰ ਅੱਗ ਲਗਾਈ ਜਾਂਦੀ ਹੈ ਤਾਂ ਉਸ ਵਿਰੁੱਧ ਬਣਦੀ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਜੱਜ ਬਣੇ ਅਭਿਸ਼ੇਕ ਪਾਠਕ ਦਾ ਕੀਤਾ ਸਨਮਾਨ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਦਾਦਾ ਵੈਦ ਸਵ. ਸਾਧੂ ਰਾਮ ਪਾਠਕ, ਦਾਦੀ ਸਵ. ਸੀਤਾ ਦੇਵੀ ਤੇ ਨਾਨਾ ਪ੍ਰਿੰਸੀਪਲ ਸਵ. ਆਰ ਪੀ ਸ਼ਰਮਾ ਦੇ ਵਿਵੇਕਸ਼ੀਲ ਬੱਚੇ ਅਭਿਸ਼ੇਕ ਪਾਠਕ ਨੇ ਪੰਜਾਬ ਪਬਲਿਕ ਸਰਵਿਸ ਕਮਿਸ਼ਨ ਅਧੀਨ ਜੁਡੀਸ਼ੀਰੀ ਪ੍ਰੀਖਿਆ ਪਹਿਲੀ ਵਾਰ ਵਿੱਚ ਕਲੀਅਰ ਕੀਤੀ। ਅਭਿਸ਼ੇਕ ਪਾਠਕ ਨੇ ਜੱਜ ਬਣ ਕੇ ਆਪਣੇ ਮਾਤਾ ਨੀਲਮ ਸ਼ਰਮਾ ਤੇ ਪਿਤਾ ਸੁਸ਼ੀਲ ਕੁਮਾਰ ਪਾਠਕ ਦਾ ਨਾਂਅ ਰੌਸ਼ਨ ਕੀਤਾ। ਅਭਿਸ਼ੇਕ ਪਾਠਕ ਨੇ ਦੱਸਿਆ ਕਿ ਉਸ ਦੇ ਮਾਮਾ ਰਜਨੀਸ਼ ਸ਼ਰਮਾ ਏ ਡੀ ਜੇ ਤੇ ਮਾਮਾ ਵਿਕਾਸ ਸ਼ਰਮਾ ਏ ਡੀ ਏ ਦੀ ਪ੍ਰੇਰਣਾ ਸਦਕਾ ਜੱਜ ਬਣਿਆ ਹੈ। ਅਭਿਸ਼ੇਕ ਪਾਠਕ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਐੱਲ ਐੱਲ ਬੀ ਦਾ ਕੋਰਸ ਪੂਰਾ ਕੀਤਾ ਹੈ। ਉਹ ਅੱਜਕੱਲ੍ਹ ਐੱਲ ਐੱਲ ਐੱਮ ਦਾ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਵਿਦਿਆਰਥੀ ਹੈ। ਉਨ੍ਹਾਂ ਦੇ ਘਰ ਵਧਾਈਆਂ ਦੇਣ ਵਾਲੇ ਵੱਡੀ ਪੱਧਰ ਉੱਤੇ ਪਹੁੰਚ ਰਹੇ ਹਨ। ਅਭਿਸ਼ੇਕ ਪਾਠਕ ਨੂੰ ਪੂਰੇ ਜੋਸ਼ੀ, ਸਪੈਂਲਗ ਸਟੋਨ ਤੇ ਸੈਫਰਨ ਪਰਿਵਾਰਾਂ ਵੱਲੋਂ ਇਸ ਮੌਕੇ ਵਿਸ਼ੇਸ਼ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ। ਇਸ ਮੌਕੇ ਸਮਾਜ ਸੇਵੀ ਜਸਵੀਰ ਸਿੰਘ ਜੱਸੀ ਨੇ ਅਭਿਸ਼ੇਕ ਪਾਠਕ ਦੀ ਸਫ਼ਲਤਾ ਨੂੰ ਮਿਹਨਤ ਦਾ ਫ਼ਲ ਦੱਸਦਿਆਂ ਕਿਹਾ ਕਿ ਕੀਤੀ ਗਈ ਮਿਹਨਤ ਕਦੇ ਵੀ ਅਜਾਈਂ ਨਹੀਂ ਜਾਂਦੀ ਤੇ ਸੰਘਰਸ਼, ਸਫ਼ਲਤਾ ਤੇ ਮਿਹਨਤ ਦਾ ਮੁੱਲ ਜ਼ਰੂਰ ਪੈਂਦਾ ਹੈ। ਇਸ ਮੌਕੇ ਜਸਵੀਰ ਸਿੰਘ ਜੱਸੀ, ਭਗਵੰਤ ਰਾਏ, ਬਲਜੀਤ ਜੋਸ਼ੀ, ਲੈਕਚਰਾਰ ਰਾਮ ਚੰਦ ਜੱਖਲਾਂ ਆਦਿ ਹਾਜ਼ਰ ਸਨ।

ਕਾਤਰਾਂ

35 ਪਰਵਾਰਾਂ ਨੂੰ ਰਾਸ਼ਨ ਵੰਡਿਆ

ਜਗਰਾਓਂ (ਅਮਿਤ ਖੰਨਾ)-ਲਾਜਪਤ ਰਾਏ ਕੁਸ਼ਟ ਆਸ਼ਰਮ ਜਗਰਾਓਂ ਦੇ 35 ਪਰਿਵਾਰਾਂ ਨੂੰ ਹਰ ਮਹੀਨੇ ਦੇ ਦੂਜੇ ਸ਼ਨੀਵਾਰ ਪੀ ਡੀ ਜੈਨ ਚੈਰੀਟੇਬਲ ਜਗਰਾਓਂ ਵੱਲੋਂ ਰਾਸ਼ਨ ਵੰਡਿਆ ਜਾਂਦਾ ਹੈ। ਇਹ ਰਾਸ਼ਨ ਸਮਾਜ ਸੇਵੀ ਸ੍ਰੀ ਰਜਿੰਦਰ ਜੈਨ ਨੇ ਅਪਣੇ ਸਵਰਗੀ ਮਾਤਾ-ਪਿਤਾ ਦੀ ਯਾਦ ਵਿੱਚ ਦਿੱਤਾ। ਇਸ ਮੌਕੇ ਕੈਪਟਨ ਨਰੇਸ਼ ਵਰਮਾ, ਗੁਰਿੰਦਰ ਸਿੰਘ ਸਿੱਧੂ, ਗੁਲਸ਼ਨ ਅਰੋੜਾ, ਰਾਜ ਕੁਮਾਰ ਭੱਲਾ, ਪਰਮਿੰਦਰ ਸਿੰਘ ਗੀਡਰ ਐੱਸ.ਪੀ. ਹੈੱਡਕੁਆਰਟਰ, ਮੈਡਮ ਕੰਚਨ ਗੁਪਤਾ, ਰਮੇਸ਼ ਜੈਨ ਤੇ ਮੋਹਿਤ ਜੈਨ ਹਾਜ਼ਰ ਸਨ। ਸਭ ਨੇ ਰਾਜਿੰਦਰ ਜੈਨ ਦੇ ਇਸ ਨੇਕ ਉਪਰਾਲੇ ਦੀ ਸ਼ਲਾਘਾ ਕੀਤੀ।

ਹਾਈਕੋਰਟ ਦੇ ਹੁਕਮਾਂ ਤੋਂ ਬਾਅਦ ਘਨੌਰੀ ਕਲਾਂ ਦਾ ਸਰਪੰਚ ਬਹਾਲ

ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਪੰਜਾਬ ਦੇ ਡਾਇਰੈਕਟਰ ਵੱਲੋਂ ਪਿੰਡ ਘਨੌਰੀ ਕਲਾਂ ਦੇ ਸਰਪੰਚ ਗੁਰਜੰਟ ਸਿੰਘ ਹੈਪੀ ਨੂੰ ਇੱਕ ਮਾਮਲੇ ਵਿੱਚ ਮੁਅੱਤਲ ਕਰ ਦਿੱਤਾ ਸੀ, ਪਰ ਇਸ ਫ਼ੈਸਲੇ ਨੂੰ ਗੁਰਜੰਟ ਸਿੰਘ ਹੈਪੀ ਵੱਲੋਂ ਮਾਣਯੋਗ ਹਾਈਕੋਰਟ ਵਿੱਚ ਦਿੱਤੀ ਚੁਣੌਤੀ ਤੋਂ ਬਾਅਦ ਮਾਣਯੋਗ ਹਾਈਕੋਰਟ ਨੇ ਫ਼ੈਸਲੇ 'ਤੇ ਰੋਕ ਲਗਾਉਂਦਿਆਂ ਉਸ ਨੂੰ ਬਹਾਲ ਕੀਤਾ ਹੈ। ਬਤੌਰ ਸਰਪੰਚ ਬਹਾਲ ਹੋਣ 'ਤੇ ਗੁਰਜੰਟ ਸਿੰਘ ਹੈਪੀ ਨੇ ਹਾਈਕੋਰਟ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾ ਨੂੰ ਮਾਣਯੋਗ ਹਾਈਕੋਰਟ ਨੇ ਇਨਸਾਫ਼ ਦਿੱਤਾ ਹੈ ਤੇ ਉਨ੍ਹਾ ਨੂੰ ਪੂਰਨ ਆਸ ਸੀ ਕਿ ਉਨ੍ਹਾ ਨੂੰ ਇਨਸਾਫ ਮਿਲੇਗਾ। ਉਨ੍ਹਾ ਕਿਹਾ ਕਿ ਉਹ ਲੋਕਾਂ ਦੀ ਸੇਵਾ ਵਿੱਚ ਮੁੜ ਪਹਿਲਾਂ ਦੀ ਤਰ੍ਹਾਂ ਹਾਜ਼ਰ ਰਹਿਣਗੇ।

ਵਰਲਡ ਕੈਂਸਰ ਚੈਰੀਟੇਬਲ ਟਰੱਸਟ ਵੱਲੋਂ ਲਾਏ ਮੁਫ਼ਤ ਕੈਂਪ 'ਚ 500 ਮਰੀਜ਼ਾਂ ਦੀ ਜਾਂਚ

ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ) ਵਰਲਡ ਕੈਂਸਰ ਚੈਰੀਟੇਬਲ ਟਰੱਸਟ ਵੱਲੋਂ ਸ਼ਮਸ਼ੇਰ ਸਿੰਘ ਬਾਜਵਾ ਯੂ ਐਸ ਏ, ਗ੍ਰਾਮ ਪੰਚਾਇਤ, ਗੁਰਦੁਆਰਾ ਕਮੇਟੀ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਦੋ ਰੋਜ਼ਾ ਕੈਂਸਰ ਚੌਕਅਪ

16-Oct-PAGE-8.qxd 10/15/2023 9:03 PM Page 1

ਪ੍ਰਸ਼ਾਸਨ ਨੇ ਜਲੰਧਰ ਨਗਰ ਨਿਗਮ ਦੀਆਂ ਚੋਣਾਂ ਲਈ ਤਿਆਰੀਆਂ ਵਿੱਢੀਆਂ

ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)

ਸਟੇਟ ਚੋਣ ਕਮਿਸ਼ਨ ਪੰਜਾਬ ਵਲੋਂ ਨਗਰ ਨਿਗਮ ਚੋਣਾਂ ਵਾਸਤੇ ਵੋਟਰ ਸੂਚੀਆਂ ਲਈ ਜਾਰੀ ਸਮਾਂ ਸਾਰਣੀ ਦੇ ਮੱਦੇਨਜ਼ਰ ਜਲੰਧਰ ਨਗਰ ਨਿਗਮ ਦੀਆਂ ਚੋਣਾਂ ਨੂੰ ਮੁੱਖ ਰੱਖਦਿਆਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਆਪਣੀਆਂ ਤਿਆਰੀਆਂ ਵਿੱਢ ਦਿੱਤੀਆਂ ਗਈਆਂ ਹਨ। ਇਸ ਸਬੰਧੀ ਅੱਜ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਚੋਣਾਂ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਦੱਸਿਆ ਕਿ ਜਲੰਧਰ ਨਗਰ ਨਿਗਮ ਦੀ ਵਾਰਡ ਅਨੁਸਾਰ ਵੋਟਰ ਸੂਚੀ ਯੋਗਤਾ ਮਿਤੀ 1-1-2023 ਦੇ ਆਧਾਰ 'ਤੇ ਤਿਆਰ ਕੀਤੀ ਜਾਣੀ ਹੈ। ਉਨ੍ਹਾਂ ਦੱਸਿਆ ਕਿ ਸਟੇਟ ਚੋਣ ਕਮਿਸ਼ਨ ਵੱਲੋਂ ਜਾਰੀ ਪ੍ਰੋਗਰਾਮ ਅਨੁਸਾਰ 21 ਅਕਤੂਬਰ ਨੂੰ ਡਰਾਫਟ ਵੋਟਰ ਸੂਚੀ ਦੀ ਪ੍ਰਕਾਸ਼ਨਾ ਕੀਤੀ ਜਾਣੀ ਹੈ, ਜਿਸ 'ਤੇ 31 ਅਕਤੂਬਰ ਤੱਕ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕੀਤੇ ਜਾਣਗੇ। ਇਨਾਂ ਦਾਅਵੇ ਤੇ ਇਤਰਾਜ਼ਾਂ ਦਾ ਨਿਪਟਾਰਾ 8 ਨਵੰਬਰ ਤੱਕ ਕਰਨ ਉਪਰੰਤ 10 ਨਵੰਬਰ ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾਵੇਗੀ। ਵੋਟਰ ਸੂਚੀ ਦੀ ਤਿਆਰੀ ਲਈ 15 ਚੋਣਕਾਰ ਰਜਿਸਟ੍ਰੇਸ਼ਨ ਅਫਸਰ ਅਤੇ 15 ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫਸਰ ਲਗਾਏ ਗਏ ਹਨ। ਉਨ੍ਹਾਂ ਦੱਸਿਆ ਕਿ ਜਨਰਲ ਮੈਨੇਜਰ ਇੰਡਸਟਰੀ ਜਲੰਧਰ, ਐਸ.ਡੀ.ਐਮ. ਜਲੰਧਰ-1 ਤੇ 2, ਸਕੱਤਰ ਆਰ.ਟੀ.ਏ., ਏ.ਸੀ.ਏ. ਪੁੱਡਾ, ਡਿਪਟੀ ਕਮਿਸ਼ਨਰ ਸਟੇਟ ਟੈਕਸ (ਐਕਸਾਈਜ਼) ਜਲੰਧਰ, ਐਕਸੀਅਨ ਜਲ ਸਪਲਾਈ ਤੇ ਸੀਵਰੇਜ ਬੋਰਡ ਜਲੰਧਰ-1, ਜ਼ਿਲ੍ਹਾ ਮਾਲ ਅਫਸਰ, ਡਿਪਟੀ ਡਾਇਰੈਕਟਰ ਲੈਂਡ ਰਿਕਾਰਡ, ਡਿਪਟੀ ਰਜਿਸਟਰਾਰ ਕੋਆਪ੍ਰੇਟਿਵ ਸੁਸਾਇਟੀਜ਼, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਜ਼ਿਲ੍ਹਾ ਟਾਊਨ ਪਲਾਨਰ, ਐਕਸੀਅਨ ਜਲ ਸਪਲਾਈ ਅਤੇ ਸੈਨੀਟੇਸ਼ਨ ਜਲੰਧਰ-1 ਤੇ 2 ਅਤੇ ਸਹਾਇਕ ਐਕਸਾਈਜ਼ ਕਮਿਸ਼ਨਰ ਸਟੇਟ ਟੈਕਸ ਆਡਿਟ-1 ਜਲੰਧਰ ਨੂੰ ਚੋਣਕਾਰ ਰਜਿਸਟ੍ਰੇਸ਼ਨ ਅਫਸਰ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸੇ ਤਰ੍ਹਾਂ ਡਿਪਟੀ ਡਾਇਰੈਕਟਰ ਫੈਕਟਰੀ ਜਲੰਧਰ-1, ਤਹਿਸੀਲਦਾਰ ਜਲੰਧਰ-1 ਤੇ 2, ਜੀ.ਐਮ. ਪੰਜਾਬ ਰੋਡਵੇਜ਼ ਜਲੰਧਰ-2, ਅਸਟੇਟ ਅਫਸਰ ਪੁੱਡਾ, ਸਹਾਇਕ ਟੈਕਸੇਸ਼ਨ ਕਮਿਸ਼ਨਰ ਜਲੰਧਰ-1, ਐਸ.ਡੀ.ਓ. ਜਲ ਸਪਲਾਈ ਤੇ ਸੀਵਰੇਜ ਬੋਰਡ ਜਲੰਧਰ-1, ਜ਼ਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ), ਕਾਰਜਕਾਰੀ ਇੰਜੀਨੀਅਰ ਪੰਜਾਬ ਮੰਡੀ ਬੋਰਡ, ਸਹਾਇਕ ਰਜਿਸਟਰਾਰ ਕੋਆਪ੍ਰੇਟਿਵ ਸੁਸਾਇਟੀਜ਼ ਜਲੰਧਰ-1, ਸਹਾਇਕ ਲੇਬਰ ਕਮਿਸ਼ਨਰ, ਸਹਾਇਕ ਟਾਊਨ ਪਲਾਨਰ, ਐਸ.ਡੀ.ਓ. ਜਲ ਸਪਲਾਈ ਤੇ ਸੈਨੀਟੇਸ਼ਨ ਜਲੰਧਰ-1 ਤੇ 2 ਅਤੇ ਸਹਾਇਕ ਐਕਸਾਈਜ਼ ਕਮਿਸ਼ਨਰ ਸਟੇਟ ਟੈਕਸ ਆਡਿਟ-2 ਨੂੰ ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫਸਰ ਲਗਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਚੋਣਕਾਰ ਰਜਿਸਟ੍ਰੇਸ਼ਨ ਅਫਸਰਾਂ ਅਤੇ ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫਸਰਾਂ ਦਰਮਿਆਨ ਵਾਰਡਾਂ ਦੀ ਬਕਾਇਦਾ ਵੰਡ ਕੀਤੀ ਗਈ ਹੈ ਤਾਂ ਜੋ ਵੋਟਰ ਸੂਚੀ ਦੀ ਤਿਆਰੀ ਦੇ ਕੰਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਗੱਲ ਵੀ ਯਕੀਨੀ ਬਣਾਈ ਜਾਣੀ ਚਾਹੀਦੀ ਹੈ ਕਿ ਕੋਈ ਯੋਗ ਵਿਅਕਤੀ ਵੋਟਰ ਵਜੋਂ ਰਜਿਸਟਰ ਹੋਣ ਤੋਂ ਵਾਂਝਾ ਨਾ ਰਹਿ ਜਾਵੇ। ਉਨ੍ਹਾਂ ਈ.ਆਰ.ਓਜ਼ ਅਤੇ ਏ.ਈ.ਆਰ.ਓਜ਼ ਨੂੰ ਬੀ.ਐਲ.ਓਜ਼ ਅਤੇ ਨਗਰ ਨਿਗਮ ਦੇ ਅਧਿਕਾਰੀਆਂ ਦੇ ਤਾਲਮੇਲ ਨਾਲ ਉਨ੍ਹਾਂ ਨੂੰ ਸੌਂਪੇ ਗਏ ਵਾਰਡਾਂ ਦਾ ਵਿਅਕਤੀਗਤ ਤੌਰ 'ਤੇ ਦੌਰਾ ਕਰਨ ਲਈ ਵੀ ਕਿਹਾ ਤਾਂ ਜੋ ਤਰੁਟੀ ਰਹਿਤ ਵੋਟਰ ਸੂਚੀ ਤਿਆਰ ਕੀਤੀ ਜਾ ਸਕੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਵਰਿੰਦਰਪਾਲ ਸਿੰਘ ਬਾਜਵਾ, ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫਸਰ ਤੇ ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫਸਰ ਵੀ ਮੌਜੂਦ ਸਨ।

ਥਾਣਾ ਮੇਹਟੀਆਣਾ ਦੇ ਐਸ ਐਚ ਓ ਨੇ ਨਸ਼ਾ ਤਸਕਰਾਂ ਤੇ ਗਲਤ ਅਨਸਰਾਂ ਨੂੰ ਪਾਈਆਂ ਭਾਜੜਾਂ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)

ਥਾਣਾ ਮੇਹਟੀਆਣਾ ਦੇ ਐਸ ਐਸ ਓ ਨੇ ਨਸ਼ਾ ਤਸਕਰਾਂ ਅਤੇ ਗਲਤ ਅਨਸਰਾਂ ਨੂੰ ਇੱਕ ਮਹੀਨੇ 'ਚ ਪਾਈਆਂ ਭਾਜੜਾਂ। ਥਾਣਾ ਮੇਹਟੀਆਣਾ ਪੁਲਸ ਦੇ ਇਲਾਕੇ ਵਿੱਚ ਲੋਕਾਂ 'ਚ ਇਹ ਖੂਬ ਚਰਚਾ ਦਾ ਵਿਸ਼ਾ ਬਣੀ ਹੋਈ ਹੈ ਕਿ ਥਾਣਾ ਮੇਹਟੀਆਣਾ ਦੇ ਨਵੇਂ ਆਏ ਐਸ ਐਚ ਓ ਨੇ ਨਸ਼ਾ ਤਸਕਰਾਂ ਗਲਤ ਅਨਸਰਾਂ ਅਤੇ ਲੁੱਟ ਖੋਹ ਦੀਆਂ ਵਾਰਦਾਤਾਂ ਕਰਨ ਵਾਲਿਆਂ ਦੀਆਂ ਭਾਜੜਾਂ ਪਵਾ ਦਿੱਤੀਆਂ। ਸਾਡੇ ਪੱਤਰਕਾਰ ਜਗਤਾਰ ਸਿੰਘ ਭੁੰਗਰਨੀ ਨਾਲ ਥਾਣਾ ਮੁੱਖੀ ਨਾਲ ਵਿਸ਼ੇਸ਼ ਤੌਰ 'ਤੇ ਗੱਲਬਾਤ ਕੀਤੀ।

ਇਸ ਮੌਕੇ ਥਾਣਾ ਮੁਖੀ ਜਗਜੀਤ ਸਿੰਘ ਨੇ ਕਿਹਾ ਕਿ ਭਾਵੇਂ ਇਹ ਕਿਹਾ ਜਾ ਰਿਹਾ ਹੈ ਕਿ ਪੰਜਾਬ ਇਸ ਵੇਲੇ ਨਸ਼ਿਆਂ ਦੀ ਜਕੜ 'ਚ ਆ ਰਿਹਾ ਹੈ। ਇਸ ਨੂੰ ਹੱਲ ਵੀ ਪਬਲਿਕ ਸਹਿਯੋਗ ਨਾਲ ਕੀਤਾ ਜਾ ਸਕਦਾ ਹੈ। ਉਨ੍ਹਾ ਮੈਂ 9 ਸਤੰਬਰ ਨੂੰ ਥਾਣਾ ਮੇਹਟੀਆਣਾ ਦਾ ਚਾਰਜ ਸੰਭਾਲਿਆ। ਅਗਲੇ ਦਿਨ ਪ੍ਰੈੱਸ ਮਿਲਣੀ ਦੌਰਾਨ ਪੱਤਰਕਾਰਾਂ ਦੇ ਕੀਤੇ ਸਵਾਲ ਕਿ ਨਸ਼ਿਆਂ, ਲੁੱਟ ਖੋਹ ਅਤੇ ਚੋਰੀਆਂ ਦੀਆਂ ਲਗਾਤਾਰ ਵੱਧ ਰਹੀਆਂ ਵਾਰਦਾਤਾਂ ਨਹੀਂ ਰੁੱਕ ਰਹੀਆਂ? ਦੇ ਸਬੰਧ 'ਚ ਵਿਸ਼ਵਾਸ਼ ਦੁਵਾਇਆ ਸੀ ਕਿ ਮੈਨੂੰ ਕੁਝ ਸਮਾਂ ਦਿਓ, ਫਿਰ ਨਤੀਜੇ ਦੇਖਿਓ। ਸਭ ਤੋਂ ਪਹਿਲਾਂ ਮੈਂ ਪਬਲਿਕ ਤੋਂ ਸਹਿਯੋਗ ਦੀ ਮੰਗ ਕਰਨ ਲਈ ਵੱਖ-ਵੱਖ 35 ਕੁ ਪਿੰਡਾਂ 'ਚ ਪਬਲਿਕ ਮੀਟਿੰਗਾਂ ਕੀਤੀਆਂ ਜਿੱਥੋਂ ਮੈਨੂੰ ਚੰਗਾ ਹੁੰਗਾਰਾ ਮਿਲਿਆ। ਇਸਦੇ ਨਾਲ ਮੈਨੂੰ ਮੇਰੇ ਕਰਮਚਾਰੀਆਂ ਵੱਲੋਂ ਚੰਗਾ ਸਹਿਯੋਗ ਮਿਲਿਆ। ਪੰਜਾਬ ਸਰਕਾਰ ਵੱਲੋਂ ਨਸ਼ਿਆ ਵਿਰੱਧ ਡੱਟ ਜਾਣ ਲਈ ਜਿਲ੍ਹਾ ਪੁਲਸ ਮੁਖੀ ਹੁਸ਼ਿਆਰਪੁਰ ਆਈ ਪੀ ਐਸ ਸਰਤਾਜ ਸਿੰਘ ਚਾਹਲ ਵੱਲੋਂ ਦਿੱਤੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਇਲਾਕੇ 'ਚ ਬਾਜ ਅੱਖ ਨਾਲ ਦਿਨ ਰਾਤ ਨਜ਼ਰ ਰੱਖਦਿਆਂ ਇੱਕ ਮਹੀਨੇ 'ਚ 11 ਅਕਤੂਬਰ ਤੱਕ ਨਸ਼ਾ ਤਸਕਰੀ ਦੇ 12 ਮੁਕੱਦਮੇ ਜਿੰਨ੍ਹਾਂ 'ਚ 7 ਔਰਤਾਂ ਅਤੇ 10 ਵਿਆਕਤੀਆਂ ਨੂੰ ਕਾਬੂ ਕਰਕੇ ਜੇਲ੍ਹ ਭੇਜਿਆ ਗਿਆ।

ਇਸੇ ਤਰ੍ਹਾਂ ਇੰਨ੍ਹਾ ਕੋਲੋਂ 2108 ਗ੍ਰਾਮ ਨਸ਼ੀਲਾ ਪਦਾਰਥ ਅਤੇ 1080 ਨਸ਼ੇ ਦੇ ਕੈਪਸੂਲ ਬਰਾਮਦ ਕੀਤੇ ਗਏ। ਇਸੇ ਤਰ੍ਹਾਂ ਲੁੱਟ ਖੋਹ ਅਤੇ ਚੋਰੀ ਦੀਆਂ ਵਾਰਦਾਤਾਂ 'ਚ ਚੋਰਾਂ ਤੋਂ 7 ਮੋਟਰ ਸਾਈਕਲ ਅਤੇ 12 ਮੋਬਾਇਲ ਫੋਨ ਵੀ ਬ੍ਰਾਮਦ ਕੀਤੇ ਗਏ ਸ਼ਾਇਦ ਇਸ ਥਾਣੇ 'ਚ ਪਹਿਲਾਂ ਕਦੇ ਵੀ ਅਜਿਹਾ ਨਹੀਂ ਹੋਇਆ। ਇਹ ਸਭ ਪਬਲਿਕ ਦੇ ਸਹਿਯੋਗ ਅਤੇ ਸਟਾਫ ਦੀ ਮਿਹਨਤ ਸਦਕਾ ਹੋਇਆ। ਇਸ ਮੌਕੇ ਉਨ੍ਹਾਂ ਪ੍ਰੈੱਸ ਅਤੇ ਪਬਲਿਕ ਤੋਂ ਸਹਿਯੋਗ ਮੰਗਦਿਆਂ ਗਲਤ ਅਨਸਰਾਂ ਅਤੇ ਨਸ਼ਾ ਤਸਕਰਾਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜਾਂ ਉਹ ਗਲਤ ਕੰਮ ਛੱਡ ਜਾਣ ਜਾਂ ਇਲਾਕਾ ਛੱਡ ਜਾਣ ਉਨ੍ਹਾਂ ਨੂੰ ਕਿਸੇ ਵੀ ਕੀਮਤ 'ਤੇ ਨਹੀਂ ਬਖਸ਼ਿਆ ਜਾਵੇਗਾ।

ਪਿੰਡਾਂ ਦਾ ਸ਼ਹਿਰਾਂ ਦੀ ਤਰਜ਼ 'ਤੇ ਹੋਵੇਗਾ ਵਿਕਾਸ : ਬਲਕਾਰ ਸਿੰਘ

ਜਲੰਧਰ, (ਸ਼ੈਲੀ ਐਲਬਰਟ)

ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਿੰਡਾਂ ਦਾ ਵੀ ਸ਼ਹਿਰਾਂ ਦੀ ਤਰਜ਼ ਉੱਪਰ ਸਰਬਪੱਖੀ ਵਿਕਾਸ ਹੋਵੇਗਾ ਜਿਸ ਤਹਿਤ ਸੰਪਰਕ ਸੜਕਾਂ, 100 ਫੀਸਦੀ ਆਬਾਦੀ ਨੂੰ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣਾ ਤੇ ਸੀਵਰੇਜ ਤੇ ਸਟ੍ਰੀਟ ਲਾਈਟਾਂ ਦੀ ਸਹੂਲਤ ਦਿੱਤੀ ਜਾਵੇਗੀ। ਅੱਜ ਇੱਥੇ ਜਲੰਧਰ ਜ਼ਿਲ੍ਹੇ ਦੇ ਪਿੰਡ ਮਦਾਰ, ਧੋਗੜੀ ਤੇ ਨੂਰਪੁਰ ਵਿਖੇ ਵੱਖ-ਵੱਖ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖਣ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਹਿਰਾਂ ਵਾਂਗ ਘਰ-ਘਰ ਤੋਂ ਕੂੜਾ ਇਕੱਠਾ ਕਰਕੇ ਉਹਦੇ ਨਿਪਟਾਰੇ ਲਈ ਜ਼ਿਲ੍ਹੇ ਦੇ ਲਗਭਗ 813 ਪਿੰਡਾਂ ਅੰਦਰ ਪ੍ਰਾਜੈਕਟ ਸ਼ੁਰੂ ਕੀਤੇ ਜਾਣਗੇ। ਉਨਾਂ ਦੱਸਿਆ ਕਿ ਜ਼ਿਲ੍ਹੇ ਦੇ ਅਨੇਕਾਂ ਪਿੰਡਾਂ ਅੰਦਰ ਸੁੱਕੇ ਤੇ ਗਿੱਲੇ ਕੂੜੇ ਨੂੰ ਅਲੱਗ-ਅਲੱਗ ਕਰਕੇ ਨਿਪਟਾਰਾ ਕਰਨ ਦੀ ਵਿਵਸਥਾ ਲਾਗੂ ਕਰ ਦਿੱਤੀ ਗਈ ਹੈ। ਕੈਬਨਿਟ ਮੰਤਰੀ ਨੇ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁਫਤ ਬਿਜਲੀ ਯੋਜਨਾ, ਪੈਨਸ਼ਨਾਂ, ਸਰਬੱਤ ਸਿਹਤ ਬੀਮਾ ਯੋਜਨਾ, ਸ਼ਗਨ ਸਕੀਮ ਤਹਿਤ ਲੋੜਵੰਦਾਂ ਨੂੰ ਲਾਭ ਜ਼ਮੀਨੀ ਪੱਧਰ ਉੱਪਰ ਪੁੱਜਦਾ ਕਰਨ ਲਈ ਅਧਿਕਾਰੀਆਂ ਨੂੰ ਪਿੰਡ ਪੱਧਰ 'ਤੇ ਵਿਸ਼ੇਸ਼ ਕੈਂਪ ਲਾਉਣ ਦੇ ਹੁਕਮ ਦਿੱਤੇ ਗਏ ਹਨ। ਬਲਕਾਰ ਸਿੰਘ ਨੇ ਇਹ ਵੀ ਕਿਹਾ ਕਿ ਪਿੰਡਾਂ ਅੰਦਰ ਚੱਲ ਰਹੇ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਮੁਕੰਮਲ ਕਰਨ ਤੇ ਗੁਣਵੱਤਾ ਨੂੰ ਬਰਕਰਾਰ ਰੱਖਣ ਲਈ ਲੋਕ ਨਿਗਰਾਨ ਦੀ ਭੂਮਿਕਾ ਨਿਭਾਉਣ ਤਾਂ ਜੋ ਲੋਕਾਂ ਦਾ ਇੱਕ ਇੱਕ ਪੈਸਾ ਉਨ੍ਹਾਂ ਦੀ ਭਲਾਈ ਲਈ ਲੱਗ ਸਕੇ। ਇਸ ਮੌਕੇ ਉਨ੍ਹਾਂ ਵੱਖ - ਵੱਖ ਪਿੰਡਾਂ ਦੇ ਲੋਕਾਂ ਨਾਲ ਗੱਲਬਾਤ ਕੀਤੀ ਤੇ ਉਨ੍ਹਾਂ ਨੂੰ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਤੁਰੰਤ ਦਿਸ਼ਾ ਨਿਰਦੇਸ਼ ਜਾਰੀ ਕੀਤੇ। ਪਿੰਡਾਂ ਅੰਦਰ ਸ਼ੁਰੂ ਕੀਤੇ ਗਏ ਵਿਕਾਸ ਕਾਰਜਾਂ ਵਿੱਚ ਮਦਾਰਾਂ ਵਿਖੇ 2 ਲੱਖ, ਧੋਗੜੀ ਵਿਖੇ 8 ਲੱਖ ਤੇ ਨੂਰਪੁਰ ਵਿਖੇ 3 ਲੱਖ ਰੁਪਏ ਦੀ ਲਾਗਤ ਨਾਲ ਅੰਦਰੂਨੀ ਗਲੀਆਂ ਬਣਾਉਣ ਤੇ ਇੰਟਰਲਾਕ ਟਾਇਲਾਂ ਲਾਈਆਂ ਜਾਣਗੀਆਂ।

ਸ਼ਿਵ ਕਲਾ ਮੰਚ ਰਾਮਲੀਲ੍ਹਾ ਕਮੇਟੀ ਵੱਲੋਂ ਰਾਮਲੀਲ੍ਹਾ ਸ਼ੁਰੂ

ਜਲੰਧਰ (ਰਾਜੇਸ਼ ਥਾਪਾ)

ਸ਼ਿਵ ਕਲਾ ਮੰਚ ਰਜਿ. ਰਾਮਲੀਲ੍ਹਾ ਕਮੇਟੀ ਮਾਡਲ ਹਾਊਸ ਵੱਲੋਂ ਰਾਮਲੀਲ੍ਹਾ ਦਾ ਪੂਜਨ ਅਤੇ ਗਣੇਸ਼ ਵੰਦਨਾ ਦੇ ਜੈਕਾਰਿਆਂ ਨਾਲ ਰਾਮਲੀਲ੍ਹਾ ਦੁਸਹਿਰਾ ਗਰਾਊਂਡ ਵਿਖੇ ਵਰਿੰਦਾਵਨ ਦੇ ਪ੍ਰਸਿੱਧ ਕਲਾਕਾਰ ਵੱਲੋਂ ਨਾਰਦ ਮੋਹ ਨਾਈਟ ਦੀ ਸ਼ੁਰੂਆਤ ਕੀਤੀ। ਇਸ ਮੌਕੇ ਮੁੱਖ ਮਹਿਮਾਨ ਵਜੋਂ ਭਾਜਪਾ ਦੇ ਸੀਨੀਅਰ ਨੇਤਾ ਡਾਕਟਰ ਸ਼ਿਵ ਦਿਆਲ ਮਾਲੀ ਅਤੇ ਵਿਸ਼ੇਸ਼ ਮਹਿਮਾਨ ਵਜੋਂ ਲਕਸ਼ਮੀ ਨਰਾਇਣ ਮੰਦਰ ਦੇ ਪ੍ਰਧਾਨ ਦਿਨੇਸ਼ ਸ਼ਰਮਾ, ਐਸ ਐਚ ਓ ਹਰਦੇਵ ਸਿੰਘ, ਲਕਸ਼ਮੀ ਨਰਾਇਣ ਸ਼ਰਮਾ ਨਇੰਪਨ ਪੇਂਟ ਸ਼ਾਮਲ ਹੋਏ। ਇਸ ਮੌਕੇ ਸ਼ਿਵ ਕਲਾ ਮੰਚ ਦੇ ਪ੍ਰਧਾਨ ਗਣੇਸ਼ ਭਗਤ, ਚੇਅਰਮੈਨ ਸੁਰਿੰਦਰ ਸ਼ਰਮਾ, ਜਨਰਲ ਸਕੱਤਰ ਵਰਿੰਦਰ ਮਲਹੋਤਰਾ, ਮੁੱਖ ਸਲਾਹਕਾਰ ਕੁਲਵਿੰਦਰ ਚੀਮਾ, ਕੈਸ਼ੀਅਰ ਵੀਰਭਾਨ ਭਗਤ, ਹਿੰਮਤ ਸ਼ਰਮਾ ਪ੍ਰੈਸ ਸਕੱਤਰ, ਸਤਨਾਮ ਸਿੰਘ ਭਾਟੀਆ, ਪਰਵੀਨ ਜੈਨ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ। ਮੁੱਖ ਮਹਿਮਾਨ ਡਾਕਟਰ ਸ਼ਿਵ ਦਿਆਲ ਮਾਲੀ ਨੇ ਰਿਬਨ ਕੱਟ ਰਾਮਲੀਲ੍ਹਾ ਦੀ ਸ਼ੁਰੂਆਤ ਕੀਤੀ। ਇਸ ਮੌਕੇ ਤੇ ਸ਼ਿਵ ਕਲਾ ਮੰਚ ਰਾਮਲੀਲ੍ਹਾ ਕਮੇਟੀ ਦੇ ਪ੍ਰਧਾਨ ਗਣੇਸ਼ ਭਗਤ ਆਹੁਦੇਦਾਰਾਂ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਹਰਸ਼ ਬਿੰਦਰਾ, ਸਰਵਨ ਸਿੰਘ, ਅਮਨ ਖੁਰਾਣਾ, ਨਰਿੰਦਰ ਭੁਪਿੰਦਰ ਨਾਰੰਗ, ਇੰਦਰਜੀਤ ਝਾਅ, ਅਮਰੀਕ ਸਿੰਘ ਮੀਕਾ, ਆਦਿ ਹਾਜ਼ਰ ਸਨ।

ਸਾਇਬਰ ਅਪਰਾਧ ਨੂੰ ਰੋਕਣ ਲਈ ਹੈਲਪਲਾਈਨ ਨੰਬਰ ਨੇ ਦਿੱਤੇ ਵਧੀਆ ਨਤੀਜੇ : ਸ਼ਤਰੂਜੀਤ ਕਪੂਰ

ਚੰਡੀਗੜ੍ਹ (ਕ੍ਰਿਸ਼ਨ ਗਰਗ)

ਪੁਲਸ ਡਾਇਰੈਕਟਰ ਜਰਨਲ ਸ਼ਤਰੂਜੀਤ ਕਪੂਰ ਨੇ ਦਸਿਆ ਕਿ ਹਰਿਆਣਾ ਪੁਲਸ ਨੇ ਸਾਇਬਰ ਹੈਲਪਲਾਇਨ ਟੀਮ ਦੇ ਯਤਨਾਂ ਨਾਲ ਵਧੀਆ ਨਤੀਜੇ ਦੇਣੇ ਸ਼ੁਰੂ ਕਰ ਦਿੱਤੇ ਹਨ। ਸਤੰਬਰ ਮਹੀਨੇ ਵਿਚ ਸਾਇਬਰ ਹੈਲਪਲਾਇਨ ਨੰਬਰ ਰਾਹੀਂ ਪ੍ਰਾਪਤ 6247 ਸ਼ਿਕਾਇਤਾਂ ਦਾ ਤੇਜੀ ਨਾਲ ਨਿਪਟਾਰਾ ਕਰਦੇ ਹੋਏ 4 ਕਰੋੜ 14 ਲੱਖ 15 ਹਜ਼ਾਰ 82 ਤੋਂ ਵੱਧ ਦੀ ਰਕਮ ਦਾ ਫਰਾਡ ਹੋਣ ਤੋਂ ਬਚਾਇਆ ਗਿਆ, ਜੋ ਕਿ ਇਸ ਸਾਲ ਦਾ ਰਿਕਾਰਡ ਆਂਕੜਾ ਹੈ। ਪੁਲਸ ਦੇ ਬੁਲਾਰੇ ਨੇ ਦਸਿਆ ਕਿ ਸਾਇਬ ਫਰਾਡ ਸਬੰਧੀ ਸ਼ਿਕਾਇਤਾਂ ਦੇ ਹੱਲ ਲਈ ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਚਲਾਏ ਜਾ ਰਹੇ ਹੈਲਪਲਾਇਨ ਨੰਬਰ 1930 'ਤੇ ਮੈਨਪਾਵਰ ਨੂੰ ਵਧਾਇਆ ਗਿਆ ਹੈ ਤਾਂ ਜੋ ਗੋਲਡਨ ਓਵਰ ਅਰਥਾਤ ਜਿਸ ਸਮੇਂ ਦੌਰਾਨ ਰੁਪਾਇਆ ਹੋਲਡ ਕਰਨ ਦੀ ਸੰਭਾਵਨਾਵਾਂ ਵੱਧ ਹੁੰਦੀ ਹੈ, ਵਿਚ ਕਾਰਵਾਈ ਕਰਦੇ ਹੋਏ ਲੋਕਾਂ ਦੀ ਜਮ੍ਹਾਂ ਪੂੰਜੀ ਨੂੰ ਸਾਇਬਰ ਫਰਾਡ ਤੋਂ ਬਚਾਇਆ ਜਾ ਸਕੇ। ਇਸ ਤੋਂ ਇਲਾਵਾ, ਪੁਲਸ ਡਾਇਰੈਕਟਰ ਜਰਨਲ ਦੀ ਪ੍ਰਧਾਨਗੀ ਹੇਠ ਨਿੱਜੀ ਬੈਂਕ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਹੋਏ ਕੰਮ ਯੋਜਨਾ ਤਿਆਰ ਕੀਤੀ ਗਈ ਤਾਂ ਜੋ ਬੈਂਕ ਕਰਮਚਾਰੀਆਂ ਅਤੇ ਸਾਇਬਰ ਹੈਲਪਲਾਇਲ ਦੀ ਟੀਮ ਇਕਜੁੱਟਤਾ ਨਾਲ ਯਤਨ ਕਰਦੇ ਹੋਏ ਤੇਜੀ ਕਰਵਾਈ ਕਰ ਸਕੇ। ਉਨ੍

16-Oct-PAGE-9.qxd 10/15/2023 9:02 PM Page 1

ਸ਼ਿੰਦਾ ਡਰੱਗ ਮਨੀ ਸਮੇਤ ਕਾਬੂ

ਕਿੱਲੋ ਹੈਰੋਇਨ, ਪਿਸਟਲ, 5 ਜ਼ਿੰਦਾ ਰੌਂਦ, 2 ਕਾਰਾਂ ਤੇ 8,50,000 ਰੁਪਏ ਬਰਾਮਦ

ਫਿਲੌਰ, (ਨਿਰਮਲ)

ਡੀ.ਐੱਸ.ਪੀ ਫਿਲੌਰ ਸਿਮਰਨਜੀਤ ਸਿੰਘ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇੰਸਪੈਕਟਰ ਸੁਰਿੰਦਰ ਕੁਮਾਰ ਮੁੱਖ ਅਫਸਰ ਥਾਣਾ ਫਿਲੌਰ ਨੇ ਸਮੇਤ ਪੁਲਸ ਪਾਰਟੀ 14 ਅਕਤੂਬਰ ਨੂੰ ਗੁਪਤ ਸੂਚਨਾ ਦੇ ਅਧਾਰ 'ਤੇ ਥਾਣਾ ਫਿਲੌਰ ਵਿੱਚ ਲੋੜੀਂਦੇ ਮੁੱਖ ਦੋਸ਼ੀ ਸੁਰਿੰਦਰ ਸਿੰਘ ਉਰਫ ਸ਼ਿੰਦਾ ਪੁੱਤਰ ਹਰਬੰਸ ਸਿੰਘ ਵਾਸੀ ਬੁਰਜ ਹਸਨ ਥਾਣਾ ਬਿਲਗਾ ਜ਼ਿਲ੍ਹਾ ਜਲੰਧਰ ਦਿਹਾਤੀ ਨੂੰ ਗ੍ਰਿਫਤਾਰ ਕਰਨ ਲਈ ਥਾਣਾ ਨੂਰਮਹਿਲ ਪੁਲਸ ਨੂੰ ਨਾਲ ਲੈ ਕੇ ਸ਼ਿਵਾ ਟੈਂਟ ਹਾਊਸ ਨੂਰਮਹਿਲ ਨੇੜੇ ਇੱਕ ਬੰਦ ਪਈ ਕੋਠੀ ਵਿੱਚ ਸਪੈਸ਼ਲ ਆਪ੍ਰੇਸ਼ਨ ਕਰਕੇ ਰੇਡ ਕੀਤਾ ਗਿਆ। ਜਿੱਥੇ ਕੋਠੀ ਵਿੱਚ ਬਣੇ ਕਮਰੇ ਵਿੱਚ ਉਕਤ ਦੋਸ਼ੀ ਦੇ ਮੌਜੂਦ ਹੋਣ ਬਾਰੇ ਪੁਖਤਾ ਜਾਣਕਾਰੀ ਸੀ ਜੋ ਦੋਸ਼ੀ ਨੇ ਪੁਲਸ ਪਾਰਟੀ ਨੂੰ ਕੋਠੀ ਅੰਦਰ ਦਾਖਲ ਹੁੰਦਿਆਂ ਦੇਖ ਕੇ ਆਪਣੀ ਗ੍ਰਿਫਤਾਰੀ ਤੋਂ ਬਚਣ ਲਈ ਫਾਇਰਿੰਗ ਕਰ ਦਿੱਤੀ। ਇਸ ਦੌਰਾਨ ਪੁਲਸ ਪਾਰਟੀ ਜਿਸ ਵਿੱਚ ਥਾਣਾ ਨੂਰਮਹਿਲ ਦੇ ਕਰਮਚਾਰੀ ਵੀ ਨਾਲ ਸੀ, ਨੇ ਬੜੀ ਹੀ ਹੁਸ਼ਿਆਰੀ ਨਾਲ ਦੋਸ਼ੀ ਸੁਰਿੰਦਰ ਉਰਫ ਸ਼ਿੰਦਾ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਅਤੇ ਦੋਸ਼ੀ ਪਾਸੋਂ ਇੱਕ ਪਿਸਟਲ 9 ਐਮ.ਐਮ ਸਮੇਤ 5 ਜ਼ਿੰਦਾ ਰੌਂਦ 9 ਐਮ.ਐਮ, 2 ਚੱਲੇ ਹੋਏ ਰੌਂਦ ਬਰਾਮਦ ਕੀਤੇ ਗਏ। ਜੋ ਉਕਤ ਦੋਸ਼ੀ ਨੂੰ ਗ੍ਰਿਫਤਾਰ ਕਰਨ ਤੋਂ ਬਾਅਦ ਹੁਣ ਤੱਕ ਇੱਕ ਕਿੱਲੋ ਹੈਰੋਇਨ, 2 ਕਾਰਾਂ ਅਤੇ 8,50,000 ਰੁਪਏ ਡਰੱਗ ਮਨੀ, ਇੱਕ ਪਿਸਟਲ 9 ਐਮ.ਐਮ ਸਮੇਤ 5 ਜ਼ਿੰਦਾ ਰੌਂਦ 9 ਐਮ.ਐਮ, 2 ਚੱਲੇ ਹੋਏ ਰੌਂਦ ਬਰਾਮਦ ਹੋ ਚੁੱਕੇ ਹਨ। ਮੁਢਲੀ ਪੁੱਛਗਿੱਛ ਤੋਂ ਇਹ ਗੱਲ ਸਾਹਮਣੇ ਆਈ ਹੈ ਕਿ ਸੁਰਿੰਦਰ ਸਿੰਘ ਉਰਫ ਸ਼ਿੰਦਾ ਵੱਡੇ ਪੱਧਰ 'ਤੇ ਨਸ਼ੇ ਦਾ ਕਾਰੋਬਾਰ ਲੁਕ ਛਿਪ ਕੇ ਕਾਫੀ ਸਮੇਂ ਤੋਂ ਆਸ-ਪਾਸ ਦੇ ਪਿੰਡਾਂ ਵਿੱਚ ਨਸ਼ਾ ਵੇਚਣ ਦਾ ਕਾਰੋਬਾਰ ਕਰ ਰਿਹਾ ਸੀ ਅਤੇ ਇਸ ਨੇ ਇਸ ਕਾਰੋਬਾਰ ਤੋਂ ਕਾਫੀ ਜਾਇਦਾਦ ਬਣਾਈ ਹੋਈ ਹੈ ਅਤੇ ਇਹ ਵੱਡੇ ਪੱਧਰ 'ਤੇ ਡੋਡੇ ਚੂਰਾ ਪੋਸਤ ਅਤੇ ਹੈਰੋਇਨ ਦੂਜੇ ਰਾਜਾਂ ਵਿੱਚੋਂ ਸਸਤੇ ਭਾਅ ਲਿਆ ਕੇ ਮਹਿੰਗੇ ਭਾਅ ਵੇਚਦਾ ਹੈ। ਇਸ ਦਾ ਪੁਲਸ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ। ਜਿਸ ਤੋਂ ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

ਖਪਤਕਾਰ ਸ਼ਿਕਾਇਤ ਨਿਵਾਰਨ ਭਲਕੇ ਪੰਚਕੂਲਾ 'ਚ

ਪੰਚਕੂਲਾ, (ਕ੍ਰਿਸ਼ਨ ਗਰਗ) - ਉੱਤਰ ਹਰਿਆਣਾ ਬਿਜਲੀ ਵੰਡ ਨਿਗਮ ਪੰਚਕੂਲਾ ਦੇ ਖਪਤਕਾਰ ਸ਼ਿਕਾਇਤ ਹਲ ਮੰਚ ਦੇ ਚੇਅਰਮੈਨ ਤੇ ਮੈਂਬਰ ਮੰਚ ਦੀ ਕਾਰਵਾਈ 17 ਅਕਤੂਬਰ ਨੂੰ ਸਵੇਰੇ 11:30 ਵਜੇ ਤੋਂ ਸੁਪਰਡੈਂਟ ਇੰਜੀਨੀਅਰ, ਪੰਚਕੂਲਾ ਦੇ ਦਫਤਰ, ਪੰਚਕੂਲਾ ਵਿਚ ਕੀਤੀ ਜਾਵੇਗੀ. ਇਸ ਵਿਚ ਜਿਲਾ ਪੰਚਕੂਲਾ ਦੇ ਖਪਤਕਾਰਾਂ ਦੀ ਸਮੱਸਿਆਵਾਂ ਜਿਵੇਂ ਬਿਲਿੰਗ, ਵੋਲਟੇਜ, ਮੀਟਰਿੰਗ ਨਾਲ ਸਬੰਧਤ ਸ਼ਿਕਾਇਤਾਂ, ਕੁਨੈਕਸ਼ਨ ਕੱਟਣ ਅਤੇ ਜੋੜਣ ਬਿਜਲੀ ਸਪਲਾਈ ਵਿਚ ਰੁਕਾਵਟ, ਸੁਰੱਖਿਆ, ਭਰੋਸੇ ਵਿਚ ਕਮੀ ਅਤੇ ਹਰਿਆਣਾ ਬਿਜਲੀ ਰੈਗੂਲਿਟਰੀ ਕਮਿਸ਼ਨ ਦੇ ਆਦੇਸ਼ਾਂ ਦੀ ਉਲੰਘਣਾ ਸ਼ਾਮਲ ਹਨ, ਦੀ ਸੁਣਵਾਈ ਕੀਤੀ ਜਾਵੇਗੀ।

ਭੰਡਾਲਾ 'ਚ ਛਿੰਝ ਮੇਲਾ 27 ਨੂੰ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)-ਪਿੰਡ ਭੰਡਾਲਾ ਵਿਖੇ ਲੱਖ ਦਾਤਾ ਲਾਲਾਂ ਵਾਲਾ ਪੀਰ ਦਾ ਸਲਾਨਾ ਜੋੜ ਮੇਲਾ 27 ਅਕਤੂਬਰ ਨੂੰ ਕਰਵਾਇਆ ਜਾਵੇਗਾ। ਇਸ ਦਰਬਾਰ 'ਤੇ ਛਿੰਝ ਦੀ ਪ੍ਰਬੰਧਕ ਕਮੇਟੀ ਅਤੇ ਦੋਨੋਂ ਪਿੰਡ ਭੰਡਾਲਾ ਦੀਆਂ ਗ੍ਰਾਮ ਪੰਚਾਇਤਾਂ ਵੱਲੋਂ ਚਾਦਰ, ਚਿਰਾਗ ਅਤੇ ਝੰਡੇ ਦੀ ਰਸਮ ਅਦਾ ਕੀਤੀ ਜਾਵੇਗੀ। ਰਾਤ ਦੀ ਕਵਾਲ ਮਹਿਫ਼ਲ ਹੋਵੇਗੀ। ਛਿੰਝ ਮੇਲਾ ਦੀ ਸ਼ੁਰੂਆਤ 2.00 ਵਜੇ ਦੁਪਹਿਰ ਹੋਵੇਗੀ। ਪੰਜਾਬ ਦੇ ਰੁਸਤਮੇ ਪਹਿਲਵਾਨ ਆਪਣੀ ਕੁਸ਼ਤੀ ਦਾ ਜੌਹਰ ਦਿਖਾਉਣਗੇ। ਦਰਬਾਰ 'ਤੇ ਸੰਗਤਾਂ ਲਈ ਗੁਰੂ ਦਾ ਅਤੂੱਟ ਲੰਗਰ ਵੀ ਵਰਤਾਇਆ ਜਾਵੇਗਾ।

ਬੱਬਰਾਂ ਦੀ ਯਾਦ 'ਚ ਕੀਰਤਨ ਦਰਬਾਰ ਸੰਬੰਧੀ ਕੋਟ ਫਤੂਹੀ ਵਿਖੇ ਮੀਟਿੰਗ

ਮਾਹਿਲਪੁਰ (ਸਫਰੀ)-ਸਿੰਘ ਵੈੱਲਫੇਅਰ ਸੋਸਾਇਟੀ ਮਾਹਿਲਪੁਰ-ਚੱਬੇਵਾਲ-ਗੜ੍ਹਸ਼ੰਕਰ ਅਤੇ ਸੇਵਕ ਜਥਾ ਕੋਟ ਫਤੂਹੀ ਵੱਲੋਂ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਸਮੂਹ ਬੱਬਰਾਂ ਦੀ ਸ਼ਹਾਦਤ ਦੇ 100 ਸਾਲਾ ਸ਼ਤਾਬਦੀ ਸਮਾਗਮ ਸਬੰਧੀ ਜੋ ਕੀਰਤਨ ਦਰਬਾਰ ਬੱਬਰਾਂ ਦੀ ਚੀਫ ਕੋਰਟ ਕਸਬਾ ਕੋਟ ਫਤੂਹੀ ਵਿਖੇ 1 ਨਵੰਬਰ ਦਿਨ ਬੁੱਧਵਾਰ ਨੂੰ ਸ਼ਾਮ 6 ਵਜੇ ਤੋਂ ਰਾਤ 11 ਵਜੇ ਤੱਕ ਜਥੇਦਾਰ ਇਕਬਾਲ ਸਿੰਘ ਖੇੜਾ, ਪਰਮਜੀਤ ਸਿੰਘ ਪੰਮਾ ਰੱਕੜ ਕੋਟ ਫਤੂਹੀ, ਅਮਰਜੀਤ ਸਿੰਘ ਰਾਜਾ ਜਾਂਗਲੀਆਣਾ, ਨਰਿੰਦਰ ਸਿੰਘ ਬੂਟਾ ਕੋਟ ਫਤੂਹੀ ਤੇ ਹਰਜਿੰਦਰਪਾਲ ਸਿੰਘ ਕਾਕਾ ਦੀ ਅਗਵਾਈ 'ਚ ਕਰਵਾਇਆ ਜਾ ਰਿਹਾ ਹੈ, ਸਬੰਧੀ ਇੱਕ ਵਿਸ਼ੇਸ਼ ਮੀਟਿੰਗ ਜਥੇਦਾਰ ਇਕਬਾਲ ਸਿੰਘ ਖੇੜਾ ਦੀ ਪ੍ਰਧਾਨਗੀ ਹੇਠ ਗੁਰਦਵਾਰਾ ਸ੍ਰੀ ਗੁਰੂ ਸਿੰਘ ਸਭਾ ਕਸਬਾ ਕੋਟ ਫਤੂਹੀ ਵਿਖੇ ਹੋਈ। ਮੀਟਿੰਗ ਦੌਰਾਨ ਸਮਾਗਮ ਨੂੰ ਸੁਚੱਜੇ ਤੇ ਵਧੀਆ ਢੰਗ ਨਾਲ ਨੇਪਰੇ ਚਾੜ੍ਹਨ ਸਬੰਧੀ ਜਿੱਥੇ ਸਮੂਹ ਮੈਂਬਰਾਂ ਨਾਲ ਵਿਚਾਰ-ਵਟਾਂਦਰਾ ਕਰਨ ਉਪਰੰਤ ਸਮੁੱਚੇ ਸਮਾਗਮ ਦੀ ਰੂਪ-ਰੇਖਾ ਉਲੀਕੀ ਗਈ ਉੱਥੇ ਸਾਰੇ ਮੈਂਬਰਾਂ ਦੀਆਂ ਡਿਊਟੀਆਂ ਵੀ ਲਗਾਈਆਂ ਗਈਆਂ। ਜਥੇਦਾਰ ਇਕਬਾਲ ਸਿੰਘ ਖੇੜਾ ਨੇ ਦੱਸਿਆ ਕਿ ਇਸ ਮਹਾਨ ਕੀਰਤਨ ਦਰਬਾਰ ਵਿਚ ਸਿੰਘ ਸਾਹਿਬ ਗਿਆਨੀ ਰਘਵੀਰ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਕਥਾਵਾਚਕ ਭਾਈ ਸਰਬਜੀਤ ਸਿੰਘ ਲੁਧਿਆਣੇ ਵਾਲੇ, ਭਾਈ ਗੁਰਕੀਰਤ ਸਿੰਘ ਬੂਟਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਢਾਡੀ ਗਿਆਨੀ ਤਰਸੇਮ ਸਿੰਘ ਮੋਰਾਂਵਾਲੀ, ਭਾਈ ਰਣਜੋਧ ਸਿੰਘ ਨਡਾਲੋਂ ਤੇ ਭਾਈ ਸੁਖਦੇਵ ਸਿੰਘ ਨਡਾਲੋਂ ਆਦਿ ਦੇ ਜਥੇ ਸੰਗਤਾਂ ਨੂੰ ਗੁਰਬਾਣੀ ਕਥਾ-ਕੀਰਤਨ ਤੇ ਢਾਡੀ ਵਾਰਾਂ ਰਾਹੀਂ ਨਿਹਾਲ ਕਰਨਗੇ। ਇਸ ਮੌਕੇ ਪਰਮਜੀਤ ਸਿੰਘ ਪੰਜੌੜ, ਹਰਜਿੰਦਰ ਸਿੰਘ ਪੰਡੋਰੀ ਗੰਗਾ ਸਿੰਘ, ਜੋਗਾ ਸਿੰਘ ਦਾਤਾ, ਬਲਜਿੰਦਰ ਸਿੰਘ ਪੰਜੌੜ, ਹਰਮਨ ਸਿੰਘ ਬੈਂਸ, ਦਲਵਿੰਦਰ ਸਿੰਘ ਢਿੱਲੋਂ, ਮਨਪ੍ਰੀਤ ਸਿੰਘ, ਜਤਿੰਦਰ ਸਿੰਘ ਕੈਂਥ, ਪ੍ਰਭਜੋਤ ਸਿੰਘ ਮਾਹਲ, ਲੱਖਾ ਸਿੰਘ ਪਾਲਦੀ, ਲਖਵੀਰ ਸਿੰਘ ਰਾਣਾ ਡਾਨਸੀਵਾਲ, ਜਸਬੀਰ ਸਿੰਘ ਭੱਟੀ ਨਡਾਲੋਂ, ਬਾਬਾ ਜਰਨੈਲ ਸਿੰਘ ਨਡਾਲੋਂ, ਗੁਰਜਿੰਦਰ ਸਿੰਘ ਸਰਹਾਲਾ, ਸੁਖਜਿੰਦਰਪਾਲ ਸਿੰਘ, ਗੁਰਪਾਲ ਸਿੰਘ ਨਡਾਲੋਂ, ਜਤਿੰਦਰ ਸਿੰਘ ਢਿੱਲੋਂ, ਜੋਗਿੰਦਰ ਸਿੰਘ ਮਾਹਲ, ਰਵਿੰਦਰ ਸਿੰਘ ਢਿੱਲੋਂ, ਮੱਖਣ ਸਿੰਘ, ਮਨਜੀਤ ਸਿੰਘ ਢਿੱਲੋਂ, ਭਾਈ ਕਰਨੈਲ ਸਿੰਘ, ਅਮ੍ਰਿਤਪਾਲ ਸੰਧੂ, ਜਸਪ੍ਰੀਤ ਸਿੰਘ ਜੱਸੂ, ਕਮਲਜੀਤ ਸਿੰਘ ਭੋਲਾ, ਕਰਨੈਲ ਸਿੰਘ ਮੰਨਣਹਾਨਾ, ਸੰਦੀਪ ਸਿੰਘ ਜੀਵਨਪੁਰ, ਕਿਰਪਾਲ ਸਿੰਘ ਅਜਨੋਹਾ, ਪਰਮਜੀਤ ਸਿੰਘ ਭਾਮ, ਇੰਦਰਜੀਤ ਸਿੰਘ ਗੋਂਦਪੁਰ, ਹਰਦੀਪ ਸਿੰਘ ਬੱਡੋਂ, ਹਰਦੀਪ ਸਿੰਘ ਬਾਹੋਵਾਲ ਆਦਿ ਹਾਜਰ ਸਨ।

ਐਸ ਵਾਈ ਐਲ ਨਹਿਰ ਦੀ ਉਸਾਰੀ ਹਰਗਿਜ਼ ਨਹੀਂ ਹੋਣ ਦਿੱਤੀ ਜਾਵੇਗੀ : ਭੁੰਗਰਨੀ

ਫਗਵਾੜਾ (ਜਸਵਿੰਦਰ ਢੱਡਾ)-ਸ਼੍ਰੋਮਣੀ ਅਕਾਲੀ ਦਲ (ਬ) ਜ਼ਿਲ੍ਹਾ ਕਪੂਰਥਲਾ ਦੇ ਸਰਪ੍ਰਸਤ ਗਿ. ਭਗਤ ਸਿੰਘ ਭੁੰਗਰਨੀ ਨੇ ਇੱਥੇ ਜਾਰੀ ਇਕ ਬਿਆਨ ਵਿਚ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੂੰ ਉਜਾੜ ਕੇ ਹਰਿਆਣੇ ਨੂੰ ਪਾਣੀ ਦੇਣ ਲਈ ਸਤਲੁਜ ਯਮੁਨਾ ਲਿੰਕ ਨਹਿਰ ਕਿਸੇ ਕੀਮਤ 'ਤੇ ਬਣਨ ਨਹੀਂ ਦਿੱਤੀ ਜਾਵੇਗੀ। ਉਹਨਾਂ ਕਿਹਾ ਕਿ ਜੇਕਰ ਕੇਂਦਰ ਦੀ ਸਰਕਾਰ ਨੇ ਧੱਕੇਸ਼ਾਹੀ ਨਾਲ ਨਹਿਰ ਬਨਾਉਣ ਦੀ ਕੋਸ਼ਿਸ਼ ਕੀਤੀ ਤਾਂ ਇਹ ਨਾ ਸਿਰਫ ਪੰਜਾਬ ਦੇ ਕਿਸਾਨਾਂ ਬਲਕਿ ਸਮੂਹ ਪੰਜਾਬੀਆਂ ਦੇ ਖਿਲਾਫ ਬਹੁਤ ਵੱਡੀ ਸਾਜਿਸ਼ ਹੋਵੇਗੀ। ਉਹਨਾਂ ਕਿਹਾ ਕਿ ਪੰਜਾਬ ਦੇ ਪਾਣੀਆਂ ਦਾ ਪੱਧਰ ਤਾਂ ਪਹਿਲਾਂ ਹੀ ਧਰਤੀ ਹੇਠਾਂ ਲਗਾਤਾਰ ਘੱਟਦਾ ਜਾ ਰਿਹਾ ਹੈ, ਇਸ ਲਈ ਪੰਜਾਬ ਕੋਲ ਤਾਂ ਕਿਸੇ ਨੂੰ ਦੇਣ ਲਈ ਇਕ ਬੂੰਦ ਵੀ ਫਾਲਤੂ ਪਾਣੀ ਨਹੀਂ ਹੈ। ਜੇਕਰ ਫਿਰ ਵੀ ਨਹਿਰ ਬਣਾਈ ਗਈ ਤਾਂ ਇਹ ਪੰਜਾਬੀਆਂ ਦੀ ਮੌਤ ਦਾ ਵਾਰੰਟ ਸਾਬਿਤ ਹੋਵੇਗੀ। ਗਿਆਨੀ ਭੁੰਗਰਨੀ ਨੇ ਤਲਖ ਲਹਿਜੇ ਵਿਚ ਕਿਹਾ ਕਿ ਪੰਜਾਬੀ ਇਕ ਬਹਾਦਰ ਕੌਮ ਹੈ ਜਿਸਨੇ ਭਾਰਤ ਨੂੰ ਹਮੇਸ਼ਾ ਬਾਹਰੀ ਹਮਲਿਆਂ ਤੋਂ ਬਚਾਇਆ। ਪਰ ਭਾਰਤ ਦੀ ਕੇਂਦਰੀ ਲੀਡਰਸ਼ਿਪ ਨੇ ਹਮੇਸ਼ਾ ਪੰਜਾਬੀਆਂ ਦੇ ਨਾਲ ਧੱਕਾ ਕੀਤਾ ਹੈ। ਅੱਜ ਵੀ ਪੰਜਾਬੀ ਨੌਜਵਾਨ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਦੇ ਹਨ ਜਿਸਦਾ ਲੋਹਾ ਦੁਸ਼ਮਣ ਫੌਜਾਂ ਵੀ ਮੰਨਦੀਆਂ ਹਨ ਪਰ ਕੇਂਦਰ ਦੀਆਂ ਸਰਕਾਰਾਂ ਨੇ ਪੰਜਾਬ ਦੀ ਜਵਾਨੀ ਖਾਸ ਕਰਕੇ ਸਿੱਖ ਨੌਜਵਾਨਾਂ ਤੇ ਬਹੁਤ ਅਤਿਆਚਾਰ ਕੀਤੇ ਹਨ। ਇਸ ਲਈ ਮੌਜੂਦਾ ਕੇਂਦਰ ਸਰਕਾਰ ਨੂੰ ਪੰਜਾਬੀਆਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਨਹੀਂ ਕਰਨਾ ਚਾਹੀਦਾ, ਨਹੀਂ ਤਾਂ ਇਸ ਦੇ ਨਤੀਜੇ ਪੰਜਾਬ ਤੇ ਭਾਰਤ ਦੋਵਾਂ ਲਈ ਖਤਰਨਾਕ ਹੋ ਸਕਦੇ ਹਨ।

ਰੋਇਨਕਾ ਸਕੂਲ ਦੇ ਪ੍ਰਿੰਸੀਪਲ ਅਮਰੀਕਨ 'ਵਰਸਿਟੀ ਵੱਲੋਂ ਸਨਮਾਨਤ

ਕਪੂਰਥਲਾ, (ਹਨੀ)

ਸਿੱਖਿਆ ਦੇ ਖੇਤਰ ਵਿੱਚ ਪਾਏ ਅਹਿਮ ਯੋਗਦਾਨ ਲਈ ਸੈਂਟਰਲ ਅਮਰੀਕਾ ਦੀ ਯੂਨੀਵਰਸਿਟੀ ਵੱਲੋਂ ਡਾ. ਪਵਲਜੀਤ ਕੌਰ ਨੂੰ ਡਾਕਟਰ ਆਫ ਲੈਟਰਸ- ਡੀ.ਲਿਟ (ਆਨਰੇਰੀ) ਦੀ ਡਿਗਰੀ ਨਾਲ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਡਾ. ਪਵਲਜੀਤ ਕੌਰ ਨੂੰ ਇਹ ਖ਼ਿਤਾਬ ਨਿਆਂਪੂਰਨ ਤੇ ਬਰਾਬਰੀ ਵਾਲੇ ਸਮਾਜ ਦੀ ਸਥਾਪਨਾ ਲਈ ਸਿੱਖਿਆ ਨੂੰ ਉਤਸਾਹਿਤ ਕਰਨ ਅਤੇ ਜਨਤਕ ਜੀਵਨ ਵਿੱਚ ਉਨ੍ਹਾਂ ਦੀਆਂ ਪ੍ਰਾਪਤੀਆਂ ਵਜੋਂ ਪ੍ਰਾਪਤ ਹੋਇਆ ਹੈ। ਇਸ ਸਮੇਂ ਡਾ. ਕੌਰ ਜੀ ਡੀ ਗੋਇਨਕਾ ਇੰਟਰਨੈਸ਼ਨਲ ਸਕੂਲ ਕਪੂਰਥਲਾ ਵਿਖੇ ਬਤੌਰ ਪ੍ਰਿੰਸੀਪਲ ਵਜੋਂ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਉਹ ਸਿੱਖਿਆ ਦੇ ਖੇਤਰ ਦੀ ਇੱਕ ਨਾਮਵਰ ਸਖਸੀਅਤ ਹਨ। ਉਨ੍ਹਾਂ ਦੀ ਇਸ ਪ੍ਰਾਪਤੀ 'ਤੇ ਸਕੂਲ ਦੇ ਚੇਅਰਮੈਨ ਸੁਖਦੇਵ ਸਿੰਘ ਨਾਨਕਪੁਰ, ਸਕੱਤਰ ਪਰਮਿੰਦਰ ਕੌਰ ਅਤੇ ਸਮੂਹ ਸਟਾਫ ਨੇ ਡਾ. ਕੌਰ ਨੂੰ ਵਧਾਈ ਦਿੱਤੀ। ਜਿਕਰਯੋਗ ਹੈ ਸਿੱਖਿਆ ਦੇ ਖੇਤਰ 'ਚ ਸ਼ਾਨਦਾਰ ਸੇਵਾਵਾਂ ਲਈ ਉਹ ਕਈ ਸੰਸਥਾਵਾਂ ਵਲੋਂ ਸਨਮਾਨਿਤ ਕੀਤੇ ਗਏ ਹਨ।

ਕੰਬੋਜ ਸਮਾਜ ਨੂੰ ਪੱਛੜੀਆਂ ਸ਼੍ਰੇਣੀਆਂ ਤੋਂ ਬਾਹਰ ਕੱਢਣ ਦਾ ਯਤਨ ਮੰਦਭਾਗਾ : ਐਡਵੋਕੇਟ ਧੰਜੂ

ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)

ਕੰਬੋਜ ਭਾਈਚਾਰੇ ਨੂੰ ਪੱਛੜੀਆਂ ਸ਼੍ਰੇਣੀਆਂ 'ਚੋਂ ਬਾਹਰ ਕੱਢਣ ਦੇ ਮਕਸਦ ਨਾਲ ਪੰਜਾਬ ਸਰਕਾਰ ਦੇ ਸਮਾਜਿਕ ਨਿਆਂ ਅਧਿਕਾਰਤਾ ਅਤੇ ਅੰਡਰ ਕਾਊਂਟਿੰਗ ਵਿਭਾਗ ਦੇ ਰਿਜ਼ਰਵੇਸ਼ਨ ਸੈੱਲ ਵੱਲੋਂ ਵੱਖ ਵੱਖ ਜਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਕੋਲੋਂ ਲੁਕਵੇਂ ਢੰਗ ਨਾਲ ਸਰਵੇ ਕਰਵਾਇਆ ਜਾ ਰਿਹਾ ਹੈ ਜਿਸ 'ਚ ਕੰਬੋਜ ਸਮਾਜ ਦੇ ਆਰਥਿਕ, ਸਮਾਜਿਕ ਅਤੇ ਵਿੱਦਿਅਕ ਪੱਧਰ ਦੀ ਜਾਣਕਾਰੀ ਲਈ ਜਾ ਰਹੀ ਹੈ, ਜਿਸ ਨੂੰ ਕੰਬੋਜ ਸਮਾਜ ਕੰਬੋਜ ਕਿਸੇ ਵੀ ਹਾਲਤ 'ਚ ਬਰਦਾਸਤ ਨਹੀਂ ਕਰੇਗਾ। ਸਰਕਾਰ ਦੇ ਇਸ ਕਦਮ ਦਾ ਸਖਤ ਵਿਰੋਧ ਕਰਦਿਆਂ ਕੰਬੋਜ ਵੈਲਫੇਅਰ ਬੋਰਡ ਪੰਜਾਬ ਦੇ ਸਾਬਕਾ ਚੇਅਰਮੈਨ ਐਡਵੋਕੇਟ ਜਸਪਾਲ ਸਿੰਘ ਧੰਜੂ ਨੇ ਕਿਹਾ ਕਿ ਗਿਣਤੀ ਦੇ ਕੁਝ ਲੋਕਾਂ ਵੱਲੋਂ ਮਾਣਯੋਗ ਪੰਜਾਬ ਐਂਡ ਹਰਿਆਣਾ ਹਾਈਕੋਰਟ 'ਚ ਰਿ੟ ਪਾ ਕਿ ਕੰਬੋਜ ਜਾਤੀ ਨੂੰ ਪੱਛੜੀਆਂ ਸ਼੍ਰੇਣੀਆਂ 'ਚੋਂ ਬਾਹਰ ਕੱਢਣ ਦੀ ਅਪੀਲ ਕੀਤੀ ਗਈ, ਜੋ ਕਿ ਸਰਾਸਰਾ ਗਲਤ ਕਦਮ ਹੈ। ਐਡਵੋਕੇਟ ਧੰਜੂ ਨੇ ਕਿਹਾ ਕਿ ਕੰਬੋਜ ਸਮਾਜ ਨੇ ਬਹੁਤ ਕਰੜੀ ਮਿਹਨਤ ਕੀਤੀ ਹੈ, ਪਰ ਅਜੇ ਵੀ ਕੰਬੋਜ ਜਾਤੀ ਰਾਜਨੀਤਕ, ਆਰਥਿਕ, ਸਮਾਜਿਕ ਅਤੇ ਵਿੱਦਿਅਕ ਪੱਖੋਂ ਬਹੁਤ ਕਮਜੋਰ ਹੈ। ਜੇਕਰ ਕੰਬੋਜ ਸਮਾਜ ਨੂੰ ਪੱਛੜੀਆਂ ਸ਼੍ਰੇਣੀਆਂ ਤੋਂ ਬਾਹਰ ਕੱਢ ਦਿੱਤਾ ਗਿਆ ਤਾਂ ਇਸ ਸਮਾਜ ਦੇ ਲੋਕ ਅਤੇ ਅਗਲੀ ਨੌਜਵਾਨ ਪੀੜ੍ਹੀ ਮਿਲਣ ਵਾਲੇ ਹੱਕਾਂ ਤੋਂ ਵਾਂਝੀ ਹ�ो ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਕੁਝ ਗਿਣਤੀ ਦੇ ਲੋਕਾਂ ਨੇ ਕੰਬੋਜ ਸਮਾਜ ਦੀ ਪਿੱਠ ਵਿੱਚ ਛੁਰਾ ਮਾਰਦਿਆਂ ਇਸ ਨੂੰ ਪੱਛੜੀਆਂ ਸ਼੍ਰੇਣੀਆਂ 'ਚੋਂ ਬਾਹਰ ਕੱਢਣ ਦੀਆਂ ਕੋਸ਼ੀਆਂ ਚਾਲਾਂ ਚੱਲ ਰਹੇ ਹਨ, ਜਿਸ ਵਿੱਚ ਉਹ ਕਾਮਯਾਬ ਨਹੀਂ ਹੋਣਗੇ। ਉਨ੍ਹਾਂ ਨੇ ਕਿਹਾ ਕਿ ਸਰਕਾਰ ਇਸ ਸੰਬੰਧੀ ਮਰਦਮਸ਼ੁਮਾਰੀ ਕਰਵਾ ਕੇ ਕੰਬੋਜ ਭਾਈਚਾਰੇ ਦੀ ਮੌਜੂਦਾ ਹਾਲਤ ਨੂੰ ਜਾਣ ਸਕਦੀ ਹੈ,ਪਰ ਸਰਕਾਰ ਇਸ ਪ੍ਰਤੀ ਗੰਭੀਰ ਨਹੀ ਹੈ ਅਤੇ ਲੁਕਵੇਂ ਢੰਗ ਨਾਲ ਬੀ.ਸੀ ਕੈਟਾਗਰੀ 'ਚੋਂ ਕੱਢਣ ਲਈ ਕੇਵਲ ਕੰਬੋਜ ਜਾਤੀ ਨੂੰ ਨਿਸਾਨਾ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਹਲਕਾ ਸੁਲਤਾਨਪੁਰ ਲੋਧੀ ਵਿੱਚ ਸਭ ਤੋਂ ਵੱਧ ਕੰਬੋਜ ਭਾਈਚਾਰਾ ਮੌਜੂਦ ਹੈ ਅਤੇ ਇੱਥੋਂ ਹੀ

16-OCT-PAGE-10.qxd-ADVT.qxd 10/15/2023 8:56 PM Page 1

ਸੇਲਾ ਪਲਾਂਟਾਂ ਦੇ ਮਾਲਕਾਂ ਤੇ ਟਰੱਕ ਯੂਨੀਅਨ 'ਚ ਫਸਲ ਦੀ ਢੋਆ-ਢੁਆਈ ਨੂੰ ਕੇ ਲੈ ਤਕਰਾਰ

ਵਪਾਰੀਆਂ ਵੱਲੋਂ ਮਾਰਕੀਟ ਕਮੇਟੀ ਦਫਤਰ ਅੱਗੇ ਧਰਨਾ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)- ਅਨਾਜ ਮੰਡੀ ਪਾਤੜਾਂ ਵਿੱਚੋਂ ਸੇਲਾ ਪਲਾਂਟਾਂ ਵੱਲੋਂ ਖਰੀਦ ਕੀਤੀ ਗਈ ਬਾਸਮਤੀ ਦੀ ਫਸਲ ਦੀ ਢੋਅ ਢੁਆਈ ਲਈ ਸੇਲਾ ਪਲਾਂਟਾਂ ਦੇ ਮਾਲਕਾਂ ਵੱਲੋਂ ਵਰਤੀਆਂ ਜਾ ਰਹੀਆਂ ਟਰਾਲੀਆਂ ਨੂੰ ਟਰੱਕ ਯੂਨੀਅਨ ਦੇ ਕੁਝ ਉਪਰੇਟਰਾਂ ਵੱਲੋਂ ਫੜ ਕੇ ਲੈਣ ਜਾਣ ਦੀ ਕੀਤੀ ਗਈ ਧੱਕੇਸ਼ਾਹੀ ਮਗਰੋਂ ਅਨਾਜ ਮੰਡੀ ਪਾਤੜਾਂ ਵਿੱਚ ਪਹਿਲਾਂ ਤੋਂ ਹੀ ਬੰਦ ਪਈ ਝੋਨੇ ਦੀ ਸਰਕਾਰੀ ਖਰੀਦ ਦੇ ਚਲਦਿਆਂ ਮੰਡੀ ਵਿੱਚੋਂ ਬਾਸਮਤੀ ਦੀ ਖਰੀਦ ਵੀ ਠੱਪ ਹੋ ਕੇ ਰਹਿ ਗਈ, ਜਿਸ ਮਗਰੋਂ ਸੇਲਾ ਪਲਾਂਟ ਐਸੋਸੀਏਸ਼ਨ ਤੇ ਆੜ੍ਹਤੀਆ ਐਸੋਸੀਏਸ਼ਨ ਵੱਲੋਂ ਮਾਰਕੀਟ ਕਮੇਟੀ ਦਫਤਰ ਪਾਤੜਾਂ ਅੱਗੇ ਧਰਨਾ ਦੇ ਦਿੱਤਾ ਗਿਆ। ਸੇਲਾ ਪਲਾਂਟਾਂ ਦੇ ਮਾਲਕਾਂ ਤੇ ਟਰੱਕ ਯੂਨੀਅਨ ਦੇ ਵਰਕਰਾਂ ਦਰਮਿਆਨ ਹੋਏ ਤਕਰਾਰ ਤਕਰਾਰ ਦਾ ਪਤਾ ਲੱਗਦਿਆਂ ਹੀ ਐੱਸ ਡੀ ਐੱਮ ਪਾਤੜਾਂ ਨਵਦੀਪ ਕੁਮਾਰ ਤੇ ਨਾਇਬ ਤਹਸੀਲਦਾਰ ਕਰਮਜੀਤ ਸਿੰਘ ਨੇ ਮਾਰਕੀਟ ਕਮੇਟੀ ਦੇ ਦਫਤਰ ਵਿਖੇ ਪਹੁੰਚ ਕੇ ਦੋਨਾਂ ਧਿਰਾਂ ਦਾ ਪੱਖ ਸੁਣਦਿਆਂ ਮਾਮਲੇ ਦਾ ਹੱਲ ਕੀਤਾ, ਜਿਸ ਮਗਰੋਂ ਸੇਲਾ ਪਲਾਂਟਾਂ ਮਾਲਕਾਂ ਵੱਲੋਂ ਸੋਮਵਾਰ ਤੋਂ ਬੋਲੀ ਸ਼ੁਰੂ ਕਰਨ ਦਾ ਭਰੋਸਾ ਦਿੱਤਾ ਗਿਆ।

ਮਾਰਕੀਟ ਕਮੇਟੀ ਦਫਤਰ ਪਾਤੜਾਂ ਸਾਹਮਣੇ ਧਰਨਾ ਦੇ ਰਹੇ ਸੇਲਾ ਪਲਾਂਟ ਐਸੋਸੀਏਸ਼ਨ ਦੇ ਪ੍ਰਧਾਨ ਓਮ ਪ੍ਰਕਾਸ਼ ਪੱਪੂ, ਜਸਵਿੰਦਰ ਡਿੰਪਲ, ਸੁਰੇਸ਼ ਕੁਮਾਰ ਕਾਕਾ ਤੇ ਅਮਨ ਗੋਇਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿਛਲੀ ਕਾਂਗਰਸ ਸਰਕਾਰ ਦੇ ਸਮੇਂ ਤੋਂ ਟਰੱਕ ਯੂਨੀਅਨਾਂ ਭੰਗ ਹੋਣ ਦੇ ਬਾਵਜੂਦ ਪਾਤੜਾਂ ਦੀ ਟਰੱਕ ਯੂਨੀਅਨ ਦੇ ਆਪਰੇਟਰ ਸਰੇਆਮ ਗੁੰਡਾਗਰਦੀ ਉੱਤੇ ਉੱਤਰ ਹੋਏ ਹਨ। ਉਨ੍ਹਾਂ ਕਿਹਾ ਕਿ ਪਾਤੜਾਂ ਦੀ ਅਨਾਜ ਮੰਡੀ ਬਾਸਮਤੀ ਦੀ ਖਰੀਦ ਵਿੱਚ ਉੱਤਰੀ ਭਾਰਤ ਵਿੱਚ ਪ੍ਰਸਿੱਧ ਹੋਣ ਕਰਕੇ ਇੱਥੇ ਵੱਡੀ ਪੱਧਰ ਉੱਤੇ ਬਾਸਮਤੀ ਦੀ ਫਸਲ ਆਉਂਦੀ ਹੈ ਅਤੇ ਸੇਲਾ ਪਲਾਂਟਾਂ ਦੇ ਮਾਲਕਾਂ ਵੱਲੋਂ ਖਰੀਦੇ ਗਏ ਮਾਲ ਦੀ ਢੋਅ ਢੁਆਈ ਟਰਾਲੀਆਂ ਰਾਹੀਂ ਕੀਤੀ ਜਾਂਦੀ ਹੈ, ਪਰ ਪਾਤੜਾਂ ਦੇ ਟਰੱਕ ਆਪ੍ਰੇਟਰ ਵਪਾਰੀਆਂ ਨੂੰ ਅਕਸਰ ਖੱਜਲ ਕਰਦੇ ਹਨ। ਉਨ੍ਹਾਂ ਦੱਸਿਆ ਕਿ ਟਰੱਕ ਆਪ੍ਰੇਟਰ ਅੱਜ ਦੁਪਹਿਰ ਸਮੇਂ ਅਚਾਨਕ ਗੁੰਡਾਗਰਦੀ ਕਰਦਿਆਂ ਸੇਲਾ ਪਲਾਂਟਾਂ ਦੀ ਖਰੀਦ ਕੀਤੀ ਗਈ ਬਾਸਮਤੀ ਦੀਆਂ ਭਰੀਆਂ ਦੋ ਟਰਾਲੀਆਂ ਨੂੰ ਘੇਰ ਕੇ ਲੈ ਗਏ, ਜਿਸ ਸੇਲਾ ਪਲਾਂਟ ਦੇ ਮਾਲਕਾਂ ਤੇ ਆੜ੍ਹਤੀਆਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ।

ਦੂਜੇ ਪਾਸੇ ਟਰੱਕ ਯੂਨੀਅਨ ਪਾਤੜਾਂ ਦੇ ਪ੍ਰਧਾਨ ਰਣਜੀਤ ਸਿੰਘ ਡਰੋਲੀ ਨੇ ਕਿਹਾ ਕਿ ਸੇਲਾ ਪਲਾਂਟਾਂ ਦੇ ਮਾਲਕਾਂ ਵੱਲੋਂ ਅਨਾਜ ਮੰਡੀ ਵਿੱਚੋਂ ਮਾਲ ਦੀ ਢੋਵਾਈ ਲਈ ਟਰਾਲੀਆਂ ਦੀ ਵਰਤੋਂ ਕੀਤੇ ਜਾਣ ਕਾਰਨ ਟਰੱਕ ਆਪ੍ਰੇਟਰਾਂ ਨੂੰ ਭਾਰੀ ਨੁਕਸਾਨ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਇਸ ਬਾਰੇ ਉਨ੍ਹਾਂ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਂਦਾ ਸੀ। ਉਨ੍ਹਾਂ ਟਰਾਲੀਆਂ ਨੂੰ ਘੇਰ ਕੇ ਲੈ ਜਾਣ ਸਬੰਧੀ ਕੋਈ ਠੋਸ ਜਵਾਬ ਨਹੀਂ ਦਿੱਤਾ।

ਐੱਸ ਡੀ ਐੱਮ ਪਾਤੜਾਂ ਨਵਦੀਪ ਕੁਮਾਰ ਨੇ ਕਿਹਾ ਕਿ ਮੰਡੀ ਵਿੱਚੋਂ ਬਾਸਮਤੀ ਦੀ ਖਰੀਦ ਮਗਰੋਂ ਉਸ ਦੀ ਢੋਅ ਢੁਆਈ ਨੂੰ ਲੈ ਕੇ ਦੋ ਧਿਰਾਂ ਦਾ ਦਰਮਿਆਨ ਹੋਏ ਤਕਰਾਰ ਨੂੰ ਹੱਲ ਕਰ ਲਿਆ ਗਿਆ ਹੈ। ਸੇਲਾ ਪਲਾਂਟਾਂ ਦੇ ਮਾਲਕ ਦੂਰ ਦੀ ਢੋਅ ਢੁਆਈ ਨੂੰ ਲੈ ਕੇ ਟਰੱਕ ਯੂਨੀਅਨ ਤੋਂ ਗੱਡੀਆਂ ਲੈਣਗੇ, ਜਦੋਂ ਕਿ ਲੋਕਲ ਮੰਡੀ ਵਿੱਚੋਂ ਸੇਲਾ ਪਲਾਂਟਾਂ ਵਾਲੇ ਟਰਾਲੀਆਂ ਰਾਹੀਂ ਮਾਲ ਲੈ ਜਾ ਸਕਣਗੇ। ਉਨ੍ਹਾਂ ਦੱਸਿਆ ਕਿ ਦੋਨਾਂ ਧਿਰਾਂ ਦਰਮਿਆਨ ਹੋਏ ਸਮਝੌਤੇ ਮਗਰੋਂ ਵਪਾਰੀਆਂ ਵੱਲੋਂ ਮੰਡੀ ਵਿੱਚੋਂ ਬਾਸਮਤੀ ਦੀ ਖਰੀਦ ਆਮ ਦੀ ਤਰ੍ਹਾਂ ਸ਼ੁਰੂ ਕਰ ਦਿੱਤੀ ਗਈ ਹੈ।

ਜੇ ਐੱਮ ਐੱਸ ਇੰਮੀਗ੍ਰੇਸ਼ਨ ਨੇ ਕੈਨੇਡਾ ਦਾ ਵਿਜ਼ਿਟਰ ਵੀਜ਼ਾ ਲਵਾਇਆ

ਬਾਘਾ ਪੁਰਾਣਾ (ਮਨੀ ਸਿੰਗਲਾ)-ਸਥਾਨਕ ਸ਼ਹਿਰ ਦੀ ਮੰਨੀ-ਪ੍ਰਮੰਨੀ ਸੰਸਥਾ ਜੇ.ਐੱਮ.ਐੱਸ. ਇੰਮੀਗ੍ਰੇਸ਼ਨ, ਜੋ ਕਿ ਰਿਫਿਊਜ਼ ਕੇਸਾਂ ਨੂੰ ਹੱਲ ਕਰਨ ਵਿੱਚ ਮਾਹਰ ਜਾਣੀ ਜਾਂਦੀ ਹੈ, ਹੁਣ ਸੰਸਥਾ ਵੱਲੋਂ ਘੱਟ ਉਮਰ ਦੇ ਬੱਚਿਆਂ ਦਾ ਵਿਦੇਸ਼ਾਂ ਵਿੱਚ ਜਾਣ ਦਾ ਸੁਪਨਾ ਵੀ ਪੂਰਾ ਕੀਤਾ ਜਾ ਰਿਹਾ ਹੈ, ਜਿਸ ਦੇ ਤਹਿਤ ਸੰਸਥਾ ਵੱਲੋਂ ਜਸ਼ਨਪ੍ਰੀਤ ਕੌਰ (19 ਸਾਲ) ਤੇ ਉਸ ਦੀ ਮਾਤਾ ਜਸਵਿੰਦਰ ਕੌਰ ਦਾ ਕੈਨੇਡਾ ਦਾ ਵਿਜ਼ਿਟਰ ਵੀਜ਼ਾ ਬਹੁਤ ਹੀ ਘੱਟ ਸਮੇਂ ਵਿੱਚ ਲਗਵਾ ਕੇ ਦਿੱਤਾ ਗਿਆ ਹੈ। ਜਸ਼ਨਪ੍ਰੀਤ ਕੌਰ ਨੇ ਖੁਸ਼ੀ ਸਾਂਝੀ ਕਰਦਿਆਂ ਕਿਹਾ ਕਿ ਮੈਨੂੰ ਛੋਟੀ ਉਮਰ ਵਿੱਚ ਹੀ ਕੈਨੇਡਾ ਦਾ ਵਿਜ਼ਿਟਰ ਵੀਜ਼ਾ ਪ੍ਰਾਪਤ ਹੋਇਆ ਹੈ। ਸੰਸਥਾ ਦੇ ਡਾਇਰੈਕਟਰ ਹਰਲਾਲ ਸਿੰਘ ਮਾਨ ਨੇ ਦੱਸਿਆ ਕਿ ਮਾਹਰਾਂ ਦੀ ਦੇਖ-ਰੇਖ ਹੇਠ ਪਹਿਲਾ ਵੀਜ਼ੇ ਲਈ ਸਾਰੇ ਦਸਤਾਵੇਜ਼ ਤਸੱਲੀਬਖਸ਼ ਪੂਰੇ ਕੀਤੇ ਜਾਂਦੇ ਹਨ ਤੇ ਫਿਰ ਪਹਿਲੀ ਵਾਰ ਵਿੱਚ ਹੀ ਸੰਸਥਾ ਵੱਲੋਂ ਵੀਜ਼ਾ ਪ੍ਰਾਪਤ ਹੋ ਜਾਂਦਾ ਹੈ। ਸੰਸਥਾ ਵੱਲੋਂ ਵਿਜ਼ਿਟਰ ਵੀਜ਼ਾ, ਸਪਾਊਸ ਓਪਨ ਵਰਕਪਰਮਿਟ, ਸਟੱਡੀ ਵੀਜ਼ਾ ਬਹੁਤ ਹੀ ਘੱਟ ਸਮੇਂ ਵਿੱਚ ਲਗਵਾ ਕੇ ਦਿੱਤੇ ਜਾਂਦੇ ਹਨ। ਜੇਕਰ ਕੋਈ ਵੀ ਵਿਦੇਸ਼ ਘੁੰਮਣ ਜਾਣਾ ਚਾਹੁੰਦਾ ਹੈ ਤਾਂ ਇੱਕ ਵਾਰ ਸੰਸਥਾ ਨਾਲ ਆਪਣੇ ਦਸਤਾਵੇਜ਼ ਸਾਂਝੇ ਕਰੋ।

ਬਲਵਾੜ ਕਲਾਂ ਦੀ ਪੰਚਾਇਤ ਨੇ ਸ਼੍ਰੋਮਣੀ ਅਕਾਲੀ ਦਲ ਦਾ ਫੜਿਆ ਪੱਲਾ

ਸੰਗਰੂਰ (ਪ੍ਰਵੀਨ ਸਿੰਘ)-ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਉਸ ਸਮੇਂ ਭਾਰੀ ਬਲ ਮਿਲਿਆ, ਜਦੋਂ ਪਿੰਡ ਬਲਵਾੜ ਕਲਾਂ ਦੀ ਪੰਜ ਮੈਂਬਰੀ ਮੌਜੂਦਾ ਪੰਚਾਇਤ ਕਾਂਗਰਸ ਪਾਰਟੀ ਨੂੰ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਗਈ। ਅਕਾਲੀ ਦਲ ਵਿੱਚ ਸ਼ਾਮਲ ਹੋਈ ਬਲਵਾੜ ਕਲਾਂ ਦੀ ਪੰਚਾਇਤ ਨੂੰ ਤੇਜਿੰਦਰ ਸਿੰਘ ਸੰਘਰੇੜੀ ਜ਼ਿਲ੍ਹਾ ਪ੍ਰਧਾਨ, ਵਿਨਰਜੀਤ ਸਿੰਘ ਗੋਲਡੀ ਹਲਕਾ ਇੰਚਾਰਜ ਸੰਗਰੂਰ ਦੇ ਯਤਨਾਂ ਸਦਕਾ ਹਲਕਾ ਸੁਨਾਮ ਦੇ ਇੰਚਾਰਜ ਰਜਿੰਦਰ ਦੀਪਾ ਦੀ ਹਾਜ਼ਰੀ ਵਿੱਚ ਸ਼ਾਮਲ ਕੀਤਾ ਗਿਆ। ਸ਼ਾਮਲ ਹੋਈ ਪੰਚਾਇਤ ਦੇ ਬੁਲਾਰਿਆਂ ਨੇ ਦੱਸਿਆ ਕਿ ਵਾਅਦਿਆਂ ਤੋਂ ਮੁੱਕਰੀ ਪੰਜਾਬ ਸਰਕਾਰ ਦੀਆਂ ਨਾਕਾਮੀਆਂ ਤੇ ਵਾਅਦਾ ਖਿਲਾਫੀ ਕਾਰਨ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪਿੰਡਾਂ ਵਿੱਚ ਪੰਚਾਇਤਾਂ ਕੋਲ ਕੰਮ ਕਰਨ ਲਈ ਕੋਈ ਗਰਾਂਟ ਨਹੀਂ ਹੈ। ਅਕਾਲੀ ਦਲ ਦੇ ਕਾਰਜਕਾਲ ਦੌਰਾਨ ਪੰਚਾਇਤਾਂ 12-12 ਮਹੀਨੇ ਪਿੰਡਾਂ ਵਿੱਚ ਵਿਕਾਸ ਦੇ ਕੰਮ ਕਰਵਾਉਂਦੀਆਂ ਸਨ। ਇਸ ਮੌਕੇ ਬੀਬੀ ਪਰਮਜੀਤ ਕੌਰ ਵਿਰਕ, ਭੁਪਿੰਦਰ ਸਿੰਘ ਸੰਗਰੂਰ, ਗੁਰਪ੍ਰੀਤ ਕੌਰ ਪੰਚ, ਬਲਜੀਤ ਸਿੰਘ ਪੰਚ, ਰਣਜੀਤ ਸਿੰਘ ਸਾਬਕਾ ਪੰਚ, ਗੁਰਜੀਤ ਸਿੰਘ ਸਰਪੰਚ ਬਲਵਾੜ ਖੁਰਦ, ਹਰਪ੍ਰੀਤ ਸਿੰਘ ਸਰਪੰਚ ਖੁਰਾਣਾ, ਚੇਤਵੰਤ ਸਿੰਘ ਸੰਘਰੇੜੀ, ਪ੍ਰਿਤਪਾਲ ਸਿੰਘ, ਕਰਨੈਲ ਸਿੰਘ, ਮਹਿੰਦਰ ਸਿੰਘ, ਅਮਰਜੀਤ ਸਿੰਘ, ਕਰਮਜੀਤ ਸਿੰਘ, ਹਰਪਾਲ ਸਿੰਘ, ਸੰਜੂ ਸਿੰਘ, ਕਰਮ ਸਿੰਘ, ਗੁਰਧਿਆਨ ਸਿੰਘ, ਗੁਰਮੇਲ ਸਿੰਘ ਆਦਿ ਹਾਜ਼ਰ ਸਨ। ਅਕਾਲੀ ਦੀ ਸਮੁੱਚੀ ਲੀਡਰਸ਼ਿਪ ਨੇ ਪੰਚਾਇਤ ਨੂੰ ਜੀ ਆਇਆਂ ਕਿਹਾ ਤੇ ਉਨ੍ਹਾਂ ਨੂੰ ਬਣਦਾ ਮਾਣ ਸਤਿਕਾਰ ਦੇਣ ਦਾ ਭਰੋਸਾ ਦਿੱਤਾ।

ਨੈਸ਼ਨਲ ਖੇਡਾਂ ਲਈ ਖਿਡਾਰੀਆਂ ਦੀ ਚੋਣ

ਬਰੇਟਾ (ਰੀਤਵਾਲ)-ਵਾਰੀਅਰਜ਼ ਆਰਚਰੀ ਅਕੈਡਮੀ ਬਰੇਟਾ ਦੇ ਵਿਦਿਆਰਥੀਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਖੇਡਾਂ ਵਿੱਚ ਵੱਡੀਆਂ ਮੱਲਾਂ ਮਾਰੀਆਂ। ਕੋਚ ਗੁਰਪ੍ਰੀਤ ਸਿੰਘ ਤੇ ਸੇਵਕ ਸਿੰਘ ਦੀ ਅਗਵਾਈ ਹੇਠ ਵਾਰੀਅਰਜ਼ ਆਰਚਰੀ ਅਕੈਡਮੀ ਦੇ ਵਿਦਿਆਰਥੀ ਅਲੀਸ਼ਾ ਨੇ 17 ਸਾਲ ਵਰਗ 'ਚ ਕਾਂਸੀ ਦਾ ਮੈਡਲ, ਨਿਹਾਲ ਸਿੰਘ ਨੇ 14 ਸਾਲ ਵਰਗ 'ਚ ਸੋਨੇ ਦਾ ਮੈਡਲ, ਹਰਸਿਕਾ ਅਗਰਵਾਲ ਨੇ ਕਾਂਸੀ ਦਾ ਮੈਡਲ ਤੇ ਅਵਨੀਤ ਸਿੰਘ ਨੇ ਚਾਂਦੀ ਦਾ ਮੈਡਲ ਪ੍ਰਾਪਤ ਕੀਤਾ। ਇਨ੍ਹਾਂ ਆਰਚਰਜ਼ ਨੇ ਨੈਸ਼ਨਲ ਟੀਮ ਵਿੱਚ ਆਪਣੀ ਥਾਂ ਬਣਾ ਲਈ ਹੈ। ਇਸ ਤੋਂ ਇਲਾਵਾ ਅਕੈਡਮੀ ਦੇ ਵਿਦਿਆਰਥੀਆਂ ਨੇ ਪੰਜਾਬ ਪੱਧਰ 'ਤੇ ਢੇਰਾਂ ਮੈਡਲ ਜਿੱਤ ਕੇ ਅਕੈਡਮੀ ਤੇ ਜ਼ਿਲ੍ਹੇ ਦਾ ਰੌਸ਼ਨ ਕੀਤਾ। ਇਨ੍ਹਾਂ ਆਰਚਰਜ਼ ਨੂੰ ਨਗਰ ਕੌਂਸਲ ਦੇ ਪ੍ਰਧਾਨ ਗਾਂਧੀ ਰਾਮ, ਚੇਅਰਮੈਨ ਚਰਨਜੀਤ ਸਿੰਘ, ਵਿਜੇ ਕੁਮਾਰ ਤੇ ਐੱਮ ਸੀ ਸਾਹਿਬਾਨਾਂ ਨੇ ਸਨਮਾਨਤ ਕੀਤਾ। ਕੋਚ ਗੁਰਪ੍ਰੀਤ ਸਿੰਘ ਸੰਧੂ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਬੱਚਿਆਂ ਨੂੰ ਮਾੜੀਆਂ ਆਦਤਾਂ ਛੱਡ ਕੇ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ।

ਤਾਰੇਵਾਲਾ, ਖੁੜੰਜ, ਕਬਰਵਾਲਾ ਤੇ ਵੈਰੋਕੇ 'ਚ ਪਰਾਲੀ ਦੀ ਸਾਂਭ-ਸੰਭਾਲ ਸੰਬੰਧੀ ਕੈਂਪ ਲਗਾਏ

ਜਲਾਲਾਬਾਦ, (ਜੀਤ ਕੁਮਾਰ)-ਜ਼ਿਲ੍ਹਾ ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਡਾ. ਸੇਨੂੰ ਦੁੱਗਲ ਦੇ ਆਦੇਸ਼ਾਂ ਤਹਿਤ ਮੁੱਖ ਖੇਤੀਬਾੜੀ ਅਫਸਰ ਫਾਜ਼ਿਲਕਾ ਡਾ. ਗੁਰਮੀਤ ਸਿੰਘ ਚੀਮਾ ਤੇ ਬਲਾਕ ਖੇਤੀਬਾੜੀ ਅਫਸਰ ਡਾ. ਹਰਪ੍ਰੀਤ ਪਾਲ ਕੌਰ ਦੀ ਨਿਗਰਾਨੀ ਹੇਠ ਮੰਡੀ ਰੋੜਾਂਵਾਲੀ ਸਰਕਲ ਇੰਚਾਰਜ ਸੰਦੀਪ ਸਿੰਘ ਬੱਲ ਨੇ ਸਰਕਲ ਅਧੀਨ ਪੈਂਦੇ ਤਾਰੇਵਾਲਾ, ਚੱਕ ਖੁੜੰਜ, ਖੁੜੰਜ, ਕਬਰਵਾਲਾ, ਵੈਰੋਕੇ ਆਦਿ ਵੱਖ ਵੱਖ ਪਿੰਡਾਂ ਵਿੱਚ ਪਰਾਲੀ ਦੀ ਸਾਂਭ ਸੰਭਾਲ ਸਬੰਧੀ ਕਿਸਾਨ ਜਾਗਰੂਕਤਾ ਕੈਂਪ ਲਗਾਏ ਗਏ ਤੇ ਕਿਸਾਨਾਂ ਨੂੰ ਪਰਾਲੀ ਦੀ ਸੁਚੱਜੀ ਸਾਂਭ ਸੰਭਾਲ ਲਈ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸਰਕਲ ਮੰਡੀ ਰੋੜਾਂਵਾਲਾ ਦੇ ਇੰਚਾਰਜ ਸੰਦੀਪ ਬੱਲ ਨੇ ਕਿਸਾਨ ਵੀਰਾਂ ਨੂੰ ਦੱਸਿਆ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਜਿੱਥੇ ਮਿੱਟੀ ਦੀ ਉਪਜਾਊ ਸ਼ਕਤੀ ਘੱਟਦੀ ਹੈ, ਉਥੇ ਇਸ ਦੇ ਨਾਲ ਹੀ ਵਾਤਾਵਰਣ ਵੀ ਪ੍ਰਦੂਸ਼ਤ ਹੁੰਦਾ ਹੈ। ਇਸ ਲਈ ਕਿਸਾਨ ਵੀਰ ਹੈਪੀ ਸੀਡਰ, ਪਲੋਅ, ਚੋਪਰ, ਮੱਲਚਰ, ਸੁਪਰਸੀਡਰ, ਬੇਲਰ ਦੀ ਵਰਤੋਂ ਕਰਕੇ ਝੋਨੇ ਦੀ ਰਹਿੰਦ-ਖੂੰਹਦ (ਪਰਾਲੀ) ਨੂੰ ਖੇਤ ਵਿੱਚ ਦਬਾ ਸਕਦੇ ਹਨ। ਇਸ ਮੌਕੇ ਕਿਸਾਨ ਨਵਨੀਤ ਪੰਧੂ, ਜਸਵਿੰਦਰ ਸਿੰਘ, ਅਰਵਿੰਦਰ ਸਿੰਘ, ਬਲਕਾਰ ਚੰਦ, ਇਕਬਾਲ ਚੰਦ, ਬਲਦੇਵ ਰਾਜ, ਸੁਖਵਿੰਦਰ ਸੰਧੂ ਨੰਬਰਦਾਰ, ਸ਼ੇਰਬਾਜ ਸਿੰਘ ਸੰਧੂ, ਰੇਸ਼ਮ ਗਿੱਲ ਆਦਿ ਹਾਜ਼ਰ ਸਨ।

ਡੇਂਗੂ ਦੀ ਰੋਕਥਾਮ ਲਈ ਹੋਟਲ, ਢਾਬੇ ਤੇ ਮੈਰਿਜ ਪੈਲੇਸਾਂ ਦੀ ਚੈਕਿੰਗ

ਬਰਨਾਲਾ (ਰਵਿੰਦਰ ਸ਼ਰਮਾ)- ਮਾਨਯੋਗ ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਤੇ ਡਿਪਟੀ ਕਮਿਸਨਰ ਬਰਨਾਲਾ ਪੂਨਮਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡੇਂਗੂ ਬਿਮਾਰੀ ਦੀ ਰੋਕਥਾਮ ਲਈ ਚਲਾਏ ਜਾ ਰਹੇ ਵਿਸ਼ੇਸ਼ ਅਭਿਆਨ "ਹਰ ਸ਼ੁਕਰਵਾਰਡੇਂਗੂ ਤੇ ਵਾਰ" ਤਹਿਤ ਸਿਹਤ ਵਿਭਾਗ ਦੇ ਕਰਮਚਾਰੀਆਂ ਵੱਲੋਂ ਵਿਸ਼ੇਸ਼ ਮੁਹਿੰਮ ਤਹਿਤ ਮੈਰਿਜ ਪੈਲਸ, ਹੋਟਲ, ਰੈਸਟੋਰੈਂਟ ਤੇ ਹੋਰ ਫੂਡ ਪੁਆਇੰਟਸ ਵਿੱਚ ਮੱਛਰਾਂ ਦੀ ਪੈਦਾਇਸ਼ ਦੇ ਸਰੋਤਾਂ ਦੀ ਚੈਕਿੰਗ ਕੀਤੀ ਗਈ।ਇਸ ਸਬੰਧੀ ਸਿਵਲ ਸਰਜਨ ਬਰਨਾਲਾ ਡਾ. ਜਸਬੀਰ ਸਿੰਘ ਔਲਖ ਨੇ ਦੱਸਿਆ ਕਿ ਡੇਂਗੂ ਬੁਖਾਰ ਦੇ ਫੈਲਣ ਤੇ ਬਚਾਅ ਸਬੰਧੀ ਸਿਹਤ ਵਿਭਾਗ ਦੇ ਕਰਮਚਾਰੀਆਂ ਵੱਲੋਂ ਸ਼ਹਿਰ ਦੇ ਡੇਂਗੂ ਪ੍ਰਭਾਵਿਤ ਇਲਾਕਿਆਂ ਤੇ ਹਾਈ ਰਿਸਕ ਖੇਤਰਾਂ 'ਚ ਲੋਕਾਂ ਨੂੰ ਡੇਂਗੂ ਬੁਖਾਰ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਡੇਂਗੂ ਦੀ ਬਿਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਡੇਂਗੂ ਦੇ ਇਲਾਜ ਸਬੰਧੀ ਗੁੰਝਲਦਾਰ ਕੇਸਾਂ ਤੇ ਸਪੈਸ਼ਲ ਕੇਸ ਜਿਵੇਂ ਕਿ ਗਰਭਵਤੀ ਔਰਤਾਂ, ਬੱਚਿਆਂ ਤੇ ਹੋਰ ਬਿਮਾਰੀਆਂ ਨਾਲ ਪੀੜਤ ਮਰੀਜ਼ਾਂ ਵਿੱਚ ਡੇਂਗੂ ਦੇ ਇਲਾਜ 'ਚ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਮੈਡੀਕਲ ਅਫਸਰਾਂ ਤੇ ਸਿਹਤ ਕਰਮਚਾਰੀਆਂ ਵੱਲੋਂ ਦੱਸਿਆ ਜਾ ਰਿਹਾ ਹੈ। ਜ਼ਿਲ੍ਹਾ ਐਪੀਡਿਮਾਲੋਜਿਸਟ ਡਾ. ਮੁਨੀਸ਼ ਕੁਮਾਰ ਨੇ ਦੱਸਿਆ ਕਿ ਜੇਕਰ ਕਿਸੇ ਨੂੰ ਤੇਜ਼ ਬੁਖਾਰ, ਕਾਂਬਾ, ਖਾਂਸੀ, ਅੱਖਾਂ ਦੇ ਪਿੱਛੇ ਹਿੱਸੇ 'ਚ ਦਰਦ, ਲਾਲ ਧੱਫੜ ਤੇ ਨੱਕ ਜਾਂ ਮਸੂੜਿਆਂ 'ਚੋਂ ਖੂਨ ਆਉਣਾ ਆਦਿ ਲੱਛਣ ਦਿਖਾਈ ਦੇਣ ਤਾਂ ਤੁਰੰਤ ਡਾਕਟਰੀ ਜਾਂਚ ਕਰਵਾਉਣੀ ਜ਼ਰੂਰੀ ਹੈ ਤਾਂ ਜੋ ਸਹੀ ਸਮੇਂ 'ਤੇ ਇਲਾਜ ਕੀਤਾ ਜਾ ਸਕੇ। ਗੁਰਮੇਲ ਸਿੰਘ ਢਿੱਲੋਂ ਤੇ ਸੁਰਿੰਦਰ ਸਿੰਘ ਸਿਹਤ ਇੰਸਪੈਕਟਰ ਨੇ ਦੱਸਿਆ ਕਿ ਵਿਭਾਗ ਵੱਲੋਂ ਚਲਾਏ ਗਏ ਵਿਸ਼ੇਸ਼ ਅਭਿਆਨ 'ਚ ਅੱਜ ਵੀ ਲਾਰਵਾ ਮਿਲਣਾ ਜਾਰੀ ਹੈ। ਇਸ ਲਈ ਆਪਣੇ ਘਰਾਂ ਦੇ ਆਲੇ-ਦੁਆਲੇ ਤੇ ਘਰਾਂ ਵਿੱਚ ਟੁੱਟੇ ਫੁੱਟੇ ਬਰਤਨਾਂ, ਕੂਲਰਾਂ, ਗਮਲਿਆਂ, ਫਰਿਜਾਂ ਦੀਆਂ ਟਰੇਆਂ ਆਦਿ ਵਿੱਚ ਪਾਣੀ ਇਕੱਠਾ ਨਾ

16-Oct-PAGE-11-Majha-23.qxd 10/15/2023 9:01 PM Page 1

ਪਾਣੀਆਂ ਦੀ ਵੰਡ ਰਿਪੇਰੀਅਨ ਸਿਧਾਂਤਾਂ ਅਨੁਸਾਰ ਕੀਤੀ ਜਾਵੇ: ਡਾ. ਸਤਨਾਮ ਸਿੰਘ ਅਜਨਾਲਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)–ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਤੇ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਅਤੇ ਖੇਤੀ ਮਾਹਰ ਡਾ. ਸਤਨਾਮ ਸਿੰਘ ਅਜਨਾਲਾ ਨੇ ਪਿੰਡ ਸਾਹੋਵਾਲ ਵਿਖੇ ਮੀਟਿੰਗ 'ਚ ਬੋਲਦਿਆਂ ਦੱਸਿਆ ਕਿ ਦੁਨੀਆ ਭਰ ਵਿੱਚ ਪਾਣੀ ਦੀ ਵੰਡ ਹਮੇਸ਼ਾ ਰਿਪੇਰੀਅਨ ਸਿਧਾਂਤਾ ਅਨੁਸਾਰ ਕੀਤੀ ਜਾਂਦੀ ਹੈ ਪ੍ਰੰਤੂ ਪੰਜਾਬ ਦੇ ਰਾਵੀ ਤੇ ਬਿਆਸ ਦਰਿਆਵਾਂ ਦੀ ਵੰਡ ਵਿੱਚ ਅਜਿਹਾ ਨਹੀਂ ਕੀਤਾ ਗਿਆ ਜਿਸ ਕਾਰਨ ਇਨ੍ਹਾਂ ਦਰਿਆਵਾਂ ਦੇ ਪਾਣੀ ਦੀ ਵੰਡ ਦਾ ਝਗੜਾ ਬੇਅਸੂਲਾ ਪਿਛਲੇ 57 ਸਾਲਾਂ ਤੋਂ ਪੰਜਾਬ ਤੇ ਹਰਿਆਣੇ ਵਿੱਚ ਚਲਿਆ ਆ ਰਿਹਾ ਹੈ ! ਖੇਤੀ ਮਾਹਰ ਡਾ. ਅਜਨਾਲਾ ਨੇ ਅੱਗੇ ਕਿਹਾ ਕਿ ਇਸ ਝਗੜੇ ਦੀ ਜੜ੍ਹ 1966 'ਚ ਪੰਜਾਬ ਪੁਨਰਗਠਨ ਐਕਟ ਵਿੱਚ ਕੇਂਦਰ ਵੱਲੋਂ ਜਾਣ-ਬੁੱਝ ਕੇ ਧਾਰਾ 78 ਪਾ ਦਿੱਤੀ ਜਿਸ ਅਨੁਸਾਰ ਪਾਣੀ ਦੀ ਵੰਡ ਆਪਣੇ ਹੱਥਾਂ ਵਿੱਚ ਲੈ ਲਈ। ਇਸ ਕਰਕੇ ਪੰਜਾਬ ਨਾਲ ਕੇਂਦਰ ਧੱਕਾ ਕਰਦਾ ਆ ਰਿਹਾ ਹੈ ਜਿਸ ਦੀਆਂ ਠੋਸ ਹਕੀਕਤਾਂ ਹਨ ਕਿ 31 ਮਾਰਚ 1981 ਨੂੰ ਉਸ ਸਮੇਂ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੇ ਆਪਣੇ ਕੇਂਦਰ ਦੇ ਸਰਕਾਰੀ ਦਬਾਅ ਨਾਲ ਪੰਜਾਬ, ਹਰਿਆਣਾ ਤੇ ਰਾਜਸਥਾਨ ਦੇ ਸੂਬਿਆਂ ਦੀ ਤਿੰਨ ਧਿਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਪੰਜਾਬ ਸਰਕਾਰ ਵੱਲੋਂ ਜਿਹੜੀ ਇਨ੍ਹਾਂ ਪਾਣੀਆਂ ਦੀ ਹੱਕੀ ਵੰਡ ਤੇ ਧਾਰਾ 78 ਰੱਦ ਕਰਵਾਉਣ ਲਈ ਸੁਪਰੀਮ ਕੋਰਟ ਵਿੱਚ ਪਾਈ ਗਈ ਪਟੀਸ਼ਨ ਸੀ ਜੋ ਦਬਾਅ ਪਾ ਕੇ ਵਾਪਸ ਕਰਵਾ ਦਿੱਤੀ। ਡਾ. ਅਜਨਾਲਾ ਨੇ ਹੋਰ ਦੱਸਿਆ ਕਿ ਇੰਦਰਾ ਗਾਂਧੀ ਨੇ ਇਸ ਨਾਲ ਹੀ ਰਾਵੀ ਤੇ ਬਿਆਸ ਦਰਿਆ ਦਾ ਪਾਣੀ ਜਿਹੜਾ ਪਹਿਲਾਂ 15.85 ਮਿਲੀਅਨ ਏਕੜ ਫੁੱਟ ਆਂਕਿਆ ਹੋਇਆ ਸੀ ਉਸ ਨੂੰ ਵਧਾ ਕੇ 17.17 ਮਿਲੀਅਨ ਏਕੜ ਫੁੱਟ ਬਣਾ ਦਿਤਾ ਜਿਸ ਅਨੁਸਾਰ ਫਿਰ ਪੰਜਾਬ ਨਾਲ ਬੇਇਨਸਾਫ਼ੀ ਹੋਈ। ਪੰਜਾਬ ਨੂੰ 4.22 ਐੱਮਏਐੱਫ., ਹਰਿਆਣੇ ਨੂੰ 3.5 ਐੱਮ.ਏਐੱਫ. ਤੇ ਰਾਜਸਥਾਨ ਨੂੰ 8.6 ਐੱਮਏਐੱਫ.ਦਿੱਤਾ ਗਿਆ। ਇਸ ਤੋਂ ਇਲਾਵਾ ਜੰਮੂ-ਕਸ਼ਮੀਰ ਨੂੰ 0.65 ਐੱਮਏਐੱਫ ਤੇ ਮਰਜ਼ੀ ਨਾਲ ਦਿੱਲੀ ਨੂੰ ਵੀ 0.2 ਐੱਮਏੱਐੱਫ. ਪਾਣੀ ਦੇ ਦਿੱਤਾ! ਇਥੇ ਜ਼ਿਕਰਯੋਗ ਹੈ ਕਿ ਇਸ ਦੇ ਨਾਲ ਹੀ ਹਰਿਆਣੇ ਨੂੰ ਪਾਣੀ ਦੇਣ ਲਈ ਐੱਸਵਾਈਐੱਲ ਨਹਿਰ ਬਣਾਉਣ ਦਾ ਕਪੂਰੀ ਵਿਖੇ ਆਪ ਕਹੀ ਨਾਲ ਟੱਕ ਲਗਾ ਕੇ 8 ਅਪ੍ਰੈਲ 1982 ਨੂੰ ਸ਼ੁਰੂਆਤ ਕੀਤੀ ਜਿਸ ਬੇਇਨਸਾਫੀ ਵਿਰੁੱਧ 1985 ਤੱਕ ਪੰਜਾਬ ਨੇ ਮੋਰਚਾ ਲਾਈ ਰੱਖਿਆ ਸੀ। ਡਾ. ਅਜਨਾਲਾ ਨੇ ਮੀਟਿੰਗ ਵਿੱਚ ਇਹ ਵੀ ਜ਼ਿਕਰ ਕੀਤਾ ਕਿ 1985 ਵਿੱਚ ਜਿਹੜਾ ਪੰਜਾਬ ਨਾਲ ਕੇਂਦਰ ਨੇ ਰਾਜੀਵ-ਲੋਂਗੋਵਾਲ ਸਮਝੌਤਾ ਕੀਤਾ ਸੀ ਉਸ ਵਿੱਚ ਵੀ ਪਾਣੀ ਦੇ ਮਸਲੇ ਵਿੱਚ ਪੰਜਾਬ ਨਾਲ ਇਨਸਾਫ਼ ਨਾ ਹੋਇਆ ਸਗੋਂ ਧੱਕਾ ਹੋਰ ਵੱਧਦਾ ਗਿਆ ਅਤੇ ਐੱਸਵਾਈਐੱਲ ਦੀ ਲੜਾਈ ਦੋਹਾਂ ਸੂਬਿਆਂ ਵਿੱਚ ਇਹ ਵੇਲੇ ਵਧਦੀ ਜਾ ਰਹੀ ਹੈ! ਇਸ ਨੂੰ ਖ਼ਤਮ ਕਰਨ ਲਈ ਡਾ. ਅਜਨਾਲਾ ਨੇ ਸੁਝਾਅ ਦਿੱਤਾ ਕਿ ਪੰਜਾਬ ਦੀਆਂ ਸਾਰੀਆਂ ਸਿਆਸੀ ਧਿਰਾ ਆਪਸ ਵਿੱਚ ਮੇਹਣੋ-ਮੇਹਣੀ ਹੋਣ ਦੀ ਬਜਾਏ ਇੱਕ ਮੱਤ ਹੋ ਕੇ ਰਿਪੇਰੀਅਨ ਸਿਧਾਂਤਾਂ ਅਨੁਸਾਰ ਪਾਣੀ ਦੀ ਵੰਡ ਦੀ ਆਵਾਜ਼ ਜ਼ੋਰਦਾਰ ਉਠਾਉਣ ਅਤੇ ਭਗਵੰਤ ਮਾਨ ਦੀ ਪੰਜਾਬ ਸਰਕਾਰ ਵੀ ਇਨ੍ਹਾਂ ਅਸੂਲਾਂ ਤੇ ਪਹਿਰਾ ਦੇਵੇ ਅਤੇ ਇਕ ਦੂਜੇ ਨੂੰ ਨੀਵਾਂ ਵਿਖਾਉਣ ਦਾ ਯਤਨ ਨਾ ਕਰੇ। ਖੇਤੀ ਮਾਹਰ ਨੇ ਦੱਸਿਆ ਕਿ 18 ਅਕਤੂਬਰ ਨੂੰ ਪੰਜਾਬ ਦੀਆਂ 32 ਕਿਸਾਨ ਜਥੇਬੰਦੀਆਂ ਆਪਣਾ ਏਕਾ ਹੋਰ ਵਿਸ਼ਾਲ ਕਰਦੇ ਹੋਏ ਪਾਣੀ ਦੀ ਵੰਡ ਰਿਪੇਰੀਅਨ ਅਸੂਲਾਂ ਦੇ ਆਧਾਰ 'ਤੇ ਵੰਡ ਕਰਾਉਣ ਲਈ ਜਥੇਬੰਦੀਆਂ ਦਾ ਸਾਂਝਾ ਸੰਘਰਸ਼ ਲਾਮਬੰਦ ਕਰਨਗੀਆਂ। ਇਸ ਮੀਟਿੰਗ 'ਚ ਹੋਰਨਾਂ ਤੋਂ ਇਲਾਵਾ ਕਿਸਾਨ ਸਭਾ ਦੇ ਸੂਬਾ ਕਮੇਟੀ ਮੈਂਬਰ ਸੀਤਲ ਸਿੰਘ ਤਲਵੰਡੀ, ਕਿਸਾਨ ਆਗੂ ਸਾਬਕਾ ਸਰਪੰਚ ਰਸ਼ਪਾਲ ਸਿੰਘ ਸਾਹੋਵਾਲ, ਜਗਤਾਰ ਸਿੰਘ, ਹਰਨੇਕ ਸਿੰਘ ਨੇਪਾਲ, ਬਲਕਾਰ ਸਿੰਘ ਤੇ ਕਿਸਾਨ ਬੀਬੀ ਸੁਖਜਿੰਦਰ ਕੌਰ ਆਦਿ ਆਗੂਆਂ ਨੇ ਪਾਣੀ ਦੇ ਮੁੱਦੇ 'ਤੇ ਆਪਣੇ ਸਵਾਲ-ਜਵਾਬ ਕੀਤੇ ਅਤੇ ਸੰਘਰਸ਼ ਕਰਨ ਦਾ ਪ੍ਰਣ ਲਿਆ ਹੈ।

ਜੀਐੱਨਡੀਯੂ ਵਿਖੇ 'ਡੀ ਜ਼ੋਨ' ਜ਼ੋਨਲ ਯੁਵਕ ਮੇਲਾ ਸੰਪੰਨ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਗੁਰੂ ਨਾਨਕ ਦੇਵ ਯੂਨੀਵਰਸਿਟੀ 'ਚ ਡੀ ਜ਼ੋਨ ਜ਼ੋਨਲ ਯੁਵਕ ਮੇਲਾ ਅੱਜ ਸਮਾਪਤ ਹੋਇਆ ਜਿਸ ਦੇ 'ਏ' ਡਵੀਜ਼ਨ ਦਾ ਤਾਜ ਸਿੱਖ ਨੈਸ਼ਨਲ ਕਾਲਜ, ਬੰਗਾ ਅਤੇ ਬੀ ਡਵੀਜ਼ਨ ਦਾ ਤਾਜ ਹਿੰਦੂ ਕੰਨਿਆ ਕਾਲਜ, ਕਪੂਰਥਲਾ ਦੇ ਸਿਰ ਸਜਿਆ। ਬੀ ਡਵੀਜ਼ਨ ਵਿਚ ਪਹਿਲਾ ਰਨਅਰਜ਼ਅਪ ਕਮਲਾ ਨਹਿਰੂ ਕਾਲਜ ਫਾਰ ਵਿਮੈਨ, ਫਗਵਾੜਾ ਅਤੇ ਦੂਜਾ ਰਨਅਰਜ਼ਅਪ ਗੁਰੂ ਨਾਨਕ ਖਾਲਸਾ ਕਾਲਜ, ਸੁਲਤਾਨਪੁਰ ਲੋਧੀ ਰਿਹਾ। ਚੈਂਪੀਅਨਸ਼ਿਪ ਟਰਾਫੀਆਂ ਪ੍ਰਦਾਨ ਕਰਨ ਸਮੇਂ ਜੇਤੂ ਟੀਮਾਂ ਦੇ ਵਿਦਿਆਰਥੀਆਂ ਤੋਂ ਇਲਾਵਾ ਅਧਿਆਪਕ ਸਾਹਿਬਾਨ ਵੀ ਭਾਰੀ ਗਿਣਤੀ ਵਿਚ ਹਾਜ਼ਰ ਸਨ ਜਿਨ੍ਹਾਂ ਨੂੰ ਅੱਜ ਦੇ ਇਨਾਮ ਵੰਡ ਸਮਾਰੋਹ ਦੀ ਪ੍ਰਧਾਨਗੀ ਕਰ ਰਹੇ ਯੁਵਕ ਭਲਾਈ ਵਿਭਾਗ ਦੇ ਇੰਚਾਰਜ, ਡਾ. ਅਮਨਦੀਪ ਸਿੰਘ ਨੇ ਟਰਾਫੀਆਂ ਪ੍ਰਦਾਨ ਕੀਤੀਆਂ। ਇਸ ਮੌਕੇ ਆਪਣੇ ਸੰਬੋਧਨ ਵਿਚ ਜੇਤੂ ਵਿਦਿਆਰਥੀ ਕਲਾਕਾਰਾਂ ਦੀਆਂ ਟੀਮਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੀ ਕਲਾ ਦੀ ਪ੍ਰਸ਼ੰਸਾ ਕੀਤੀ ਅਤੇ ਇਨ੍ਹਾਂ ਮੁਕਾਬਲਿਆਂ ਵਿਚ ਅਜੇਤੂ ਰਹੇ ਵਿਦਿਆਰਥੀਆਂ ਕਲਾਕਾਰਾਂ ਨੂੰ ਹੋਰ ਮਿਹਨਤ ਕਰਨ ਦੀ ਪ੍ਰੇਰਨਾ ਦਿੱਤੀ ਤਾਂ ਜੋ ਉਹ ਅਗਲੇ ਮੁਕਾਮਾਂ 'ਤੇ ਕਾਮਯਾਬੀ ਹਾਸਲ ਕਰਨ।

ਅੱਜ ਦਸਮੇਸ਼ ਆਡੀਟੋਰੀਅਮ ਵਿਚ ਕਾਸਟਿਊਮ ਪਰੇਡ, ਮਾਈਮ, ਮਮਿਕਰੀ, ਸਕਿਟ, ਵਨ ਐਕਟ ਪਲੇਅ ਅਤੇ ਗੁਰੂ ਨਾਨਕ ਭਵਨ ਆਡੀਟੋਰੀਅਮ ਵਿਚ ਸਮੂਹ ਸ਼ਬਦ/ਭਜਨ, ਸਮੂਹ ਗੀਤ ਭਾਰਤੀ, ਗੀਤ/ਗਜ਼ਲ, ਲੋਕ ਗੀਤ ਦੇ ਮੁਕਾਬਲੇ ਹੋਏ। ਆਰਕੀਟੈਕਚਰ ਵਿਭਾਗ ਦੀ ਸਟੇਜ 'ਤੇ ਰੰਗੋਲੀ, ਫੁਲਕਾਰੀ, ਮਹਿੰਦੀ ਅਤੇ ਕਾਨਫਰੰਸ ਹਾਲ ਵਿਚ ਪੋਇਟੀਕਲ ਕੁਇਜ਼ ਦੇ ਮੁਕਾਬਲੇ ਕਰਵਾਏ। ਇਨ੍ਹਾਂ ਯੁਵਕ ਮੇਲਿਆਂ ਦਾ ਆਯੋਜਨ ਵਾਈਸ ਚਾਂਸਲਰ ਪ੍ਰੋ. ਡਾ. ਜਸਪਾਲ ਸਿੰਘ ਸੰਧੂ ਦੀ ਸੁਯੋਗ ਅਗਵਾਈ ਵਿਚ ਯੂਨੀਵਰਸਿਟੀ ਦੇ ਅਧਿਆਪਕਾਂ ਅਤੇ ਵਿਦਿਆਰਥੀ-ਵਲੰਟੀਅਰਾਂ ਦੀ ਸੁਚੱਜੀ ਟੀਮ ਵੱਲੋਂ ਡੀਨ, ਵਿਦਿਆਰਥੀ ਭਲਾਈ, ਪ੍ਰੋ. ਪ੍ਰੀਤ ਮੋਹਿੰਦਰ ਸਿੰਘ ਬੇਦੀ ਦੇ ਦਿਸ਼ਾ ਨਿਰਦੇਸ਼ ਅਤੇ ਯੁਵਕ ਭਲਾਈ ਵਿਭਾਗ ਦੇ ਇੰਚਾਰਜ ਡਾ. ਅਮਨਦੀਪ ਸਿੰਘ ਦੀ ਦੇਖ-ਰੇਖ ਹੇਠ ਕੀਤਾ ਜਾਂਦਾ ਹੈ।

ਦਿਵਿਆਨੀ ਨੇ ਜੱਜ ਬਣ ਕੇ ਦੀਨਾਨਗਰ ਇਲਾਕੇ ਦਾ ਨਾਂਅ ਰੁਸ਼ਨਾਇਆ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਪਿੰਡ ਝਾਂਗੀ ਦੇ ਸਵਰੂਪ ਦਾਸ ਦੀ ਮਰਹੂਮ ਪਤਨੀ ਗੰਰਵ ਸੈਣੀ ਨੇ ਜੱਜ ਬਣ ਕੇ ਦੀਨਾਨਗਰ ਇਲਾਕੇ ਦਾ ਨਾਂ ਰੌਸ਼ਨ ਕੀਤਾ ਹੈ। ਦਿਵਿਆਨੀ ਨੇ ਦੱਸਿਆ ਕਿ ਉਸਨੇ ਖਾਲਸਾ ਕਾਲਜ ਜਲੰਧਰ ਤੋਂ ਐੱਲਐੱਲਬੀ ਜਦੋਂਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਰੀਜਨਲ ਕਾਲਜ, ਨੱਬੇ ਵਾਲੀ ਤੋਂ ਐੱਲਐੱਲਐੱਮ ਦੀ ਡਿਗਰੀ ਪ੍ਰਾਪਤ ਕੀਤੀ। ਪੰਜ ਸਾਲ ਪਹਿਲਾਂ ਉਸ ਦਾ ਵਿਆਹ ਹੋਇਆ ਸੀ। ਘਰੇਲੂ ਔਰਤ ਹੋਣ ਦੇ ਨਾਲ-ਨਾਲ ਉਹ ਪੜ੍ਹਾਈ ਦਾ ਸ਼ੌਕੀਨ ਸੀ ਅਤੇ ਜ਼ਿੰਦਗੀ ਵਿੱਚ ਕੁਝ ਬਣਨ ਦਾ ਟੀਚਾ ਰੱਖਦੀ ਸੀ। ਉਸ ਦੇ ਪਿਤਾ ਆਦਰਸ਼ ਕੁਮਾਰ ਲੂਥਰਾ ਅਤੇ ਮਾਤਾ ਸ਼ਰਮੀਲਾ ਨੇ ਪੜ੍ਹਾਈ ਦੌਰਾਨ ਉਸ ਦਾ ਬਹੁਤ ਸਹਿਯੋਗ ਕੀਤਾ ਪਰ ਵਿਆਹ ਤੋਂ ਬਾਅਦ ਵੀ ਉਸ ਦੇ ਸਹੁਰਾ ਰਘਵੀਰ ਸਿੰਘ ਸੈਣੀ ਅਤੇ ਸੱਸ ਸਰਿਲਾ ਸੈਣੀ ਦਾ ਸਹਿਯੋਗ ਅਤੇ ਪ੍ਰੇਰਨਾ ਵੀ ਇਸ ਕੰਮ ਵਿਚ ਬਹੁਤ ਮਦਦਗਾਰ ਰਹੀ। ਦਿਵਿਆਨੀ ਨੇ ਦੱਸਿਆ ਕਿ ਉਹ ਜੱਜ ਬਣ ਕੇ ਲੋਕਾਂ ਨੂੰ ਇਨਸਾਫ ਦਿਵਾਉਣ ਦੀ ਹਰ ਸੰਭਵ ਕੋਸ਼ਿਸ਼ ਕਰੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਧੀਆਂ ਨੂੰ ਘਰ ਦੇ ਕੰਮਾਂ ਤੱਕ ਹੀ ਸੀਮਤ ਨਾ ਰੱਖਣ ਸਗੋਂ ਵੱਧ ਤੋਂ ਵੱਧ ਸਿੱਖਿਅਤ ਕਰਨ।

ਰਿਆੜਕੀ ਕਾਲਜ ਵਿਖੇ 24ਵਾਂ ਛੇ ਰੋਜ਼ਾ ਗੁਰਮਤਿ ਕੈਂਪ 19 ਤੋਂ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਬਾਬਾ ਆਇਆ ਸਿੰਘ ਰਿਆੜਕੀ ਕਾਲਜ ਸਿੱਖਿਆ ਸੰਸਥਾਵਾਂ ਤੁਗਲਵਾਲਾ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਗਿਆਨੀ ਮੇਵਾ ਸਿੰਘ ਜੀ 24ਵਾਂ ਛੇ ਰੋਜ਼ਾ ਗੁਰਮਤਿ ਕੈਂਪ 19 ਅਕਤੂਬਰ ਤੋਂ 24 ਅਕਤੂਬਰ ਤੱਕ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਦੱਸਿਆ ਕਿ ਕੈਂਪ ਦੇ ਦੌਰਾਨ ਗੁਰਮਤਿ ਵਿਚਾਰਾਂ, ਕਵੀ, ਕਵੀਸ਼ਰੀ, ਢਾਡੀ ਵਾਰਾਂ, ਹੁਕਮਨਾਮੇ ਦੀ ਵਿਆਖਿਆ, ਨਿਤਨੇਮ ਦੀ ਸੰਥਿਆ, ਕਥਾ ਅਤੇ ਕੀਰਤਨ ਕਰਵਾਏ ਜਾਣਗੇ। ਪੰਥ ਦੇ ਮਹਾਨ ਕੀਰਤਨੀਏ ਭਾਈ ਰਣਜੀਤ ਸਿੰਘ ਹਜੂਰੀ ਰਾਗੀ, ਭਾਈ ਗੁਰਜਿੰਦਰ ਸਿੰਘ ਹਜੂਰੀ ਰਾਗੀ ਅਤੇ ਰਾਗੀ ਜਥੇ ਗੁਰਦੁਆਰਾ ਕੰਧ ਸਾਹਿਬ ਬਟਾਲਾ, ਮਹਾਨ ਕਥਾਵਾਚਕ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ, ਮਹਾਨ ਵਿਦਵਾਨ ਸੁਖਦੇਵ ਸਿੰਘ ਮੀਤ ਸਕੱਤਰ, ਡਾਕਟਰ ਇੰਦਰਜੀਤ ਸਿੰਘ ਗੋਗੋਆਣੀ, ਵਰਿਆਮ ਸਿੰਘ ਸਾਬਕਾ ਸਕੱਤਰ, ਰਾਜਵਿੰਦਰ ਸਿੰਘ ਰਿਸਰਚ ਸਕਾਲਰ, ਪ੍ਰਿੰਸੀਪਲ ਜਸਵੰਤ ਸਿੰਘ, ਬਲਵਿੰਦਰ ਸਿੰਘ ਜੌੜਾ ਸਾਬਕਾ ਸਕੱਤਰ, ਢਾਡੀ ਜੱਥੇ ਭਾਈ ਦਿਲਜੀਤ ਸਿੰਘ ਵਿਛੋਆ, ਗੁਰਸੇਵਕਜੀਤ ਸਿੰਘ, ਭਾਈ ਸੁਖਰਾਜ ਸਿੰਘ ਰਾਜਾ, ਸਮਸੇਰ ਸਿੰਘ, ਕਵੀਸ਼ਰ ਭਾਈ ਜੋਗਾ ਸਿੰਘ ਭਾਗੋਵਾਲੀਆ, ਸਤਨਾਮ ਸਿੰਘ ਦਰਦੀ, ਸੁੱਚਾ ਸਿੰਘ ਡੇਰਾ ਪਠਾਣਾ ਅਤੇ ਪ੍ਰਚਾਰਕ ਸਾਹਿਬਾਨ ਭਾਈ ਲਵਲਪ੍ਰੀਤ ਸਿੰਘ, ਭਾਈ ਅਮਰਜੀਤ ਸਿੰਘ ਚਿੱਟੀ, ਹਰਸੁਖਮਨ ਸਿੰਘ, ਬੀਬੀ ਰੁਪਿੰਦਰ ਕੌਰ, ਭਾਈ ਵਰਿਆਮ ਸਿੰਘ ਅਤੇ ਹੋਰ ਅਨੇਕਾਂ ਵਿਦਵਾਨ ਇਸ ਕੈਂਪ ਵਿੱਚ ਸ਼ਮੂਲੀਅਤ ਕਰਨਗੇ। ਕੈਂਪ ਦੇ ਅਖੀਰਲੇ ਦਿਨ ਪੰਜ ਪਿਆਰੇ ਸਾਹਿਬਾਨ ਸ੍ਰੀ ਅਕਾਲ ਤਖਤ ਸਾਹਿਬ ਦੁਆਰਾ ਅੰਮ੍ਰਿਤ ਸੰਚਾਰ ਕਰਵਾਇਆ ਜਾਵੇਗਾ।

ਸਾਬਕਾ ਸੈਨਿਕਾਂ ਦੀਆਂ ਜਾਇਜ਼ ਮੰਗਾਂ ਤੇ ਜ਼ਰੂਰੀ ਮਸਲੇ ਵਿਚਾਰੇ

ਨੌਸ਼ਹਿਰਾ ਮੱਝਾ ਸਿੰਘ (ਸਤਨਾਮ ਸਿੰਘ ਕਿਰਤੀ)-ਸਾਬਕਾ ਸੈਨਿਕ ਵੈੱਲਫੇਅਰ ਕਮੇਟੀ ਪੰਜਾਬ ਦੀ ਮੀਟਿੰਗ ਜਿਲ੍ਹਾ ਗੁਰਦਾਸਪੁਰ ਦੇ ਪਿੰਡ ਖੋਖਰ ਫੌਜੀਆਂ ਵਿਖੇ ਧਾਰੀਵਾਲ ਦੇ ਬਲਾਕ ਪ੍ਰਧਾਨ ਹਵਲਦਾਰ ਕੁਲਦੀਪ ਸਿੰਘ ਨੇ ਪਿੰਡ ਦੇ ਸਾਬਕਾ ਸੈਨਿਕਾਂ ਦੇ ਸਹਿਯੋਗ ਨਾਲ ਆਪਣੇ ਪਿੰਡ ਖੋਖਰ ਫੌਜੀਆਂ ਵਿੱਖੇ ਕਾਰਵਾਈ ਜਿਸ ਵਿੱਚ ਜ਼ਿਲ੍ਹਾ ਪ੍ਰਧਾਨ ਸੂਬੇਦਾਰ ਹਰਪਾਲ ਸਿੰਘ ਸੀਨੀਅਰ ਅਡਵਾਈਜ਼ਰ ਨਰਿੰਦਰ ਸਿੰਘ ਭੰਗੂ, ਜ਼ਿਲ੍ਹਾ ਮੁੱਖ ਬੁਲਾਰਾ ਪ੍ਰਭਜੀਤ ਸਿੰਘ, ਧਾਰੀਵਾਲ ਬਲਾਕ ਪ੍ਰਧਾਨ ਕੁਲਜੀਤ ਸਿੰਘ ਨੇ ਮੀਟਿੰਗ ਦੀ ਅਗਵਾਈ ਕੀਤੀ।

ਮੀਟਿੰਗ ਵਿੱਚ ਕਮੇਟੀ ਦੇ ਸੂਬਾ ਜਨਰਲ ਸੈਕਟਰੀ ਰਤਨ ਸਿੰਘ ਅਜਨਾਲਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਮੀਟਿੰਗ ਵਿੱਚ ਸਾਬਕਾ ਸੈਨਿਕਾਂ ਦੀਆਂ ਮੰਗਾਂ ਅਤੇ ਮਸਲਿਆਂ ਉਪਰ ਵਿਚਾਰ-ਵਟਾਂਦਰਾ ਕਰਦੇ ਕਮੇਟੀ ਦੇ ਆਗੂਆਂ ਨੇ ਸਾਬਕਾ ਸੈਨਿਕਾਂ ਨੂੰ ਉਨ੍ਹਾਂ ਦੀਆਂ ਮੰਗਾਂ ਬਾਰੇ ਜਾਣੂ ਕਰਵਾਇਆ ਅਤੇ ਹੱਕਾਂ ਦੀ ਪ੍ਰਾਪਤੀ ਲਈ ਆਉਣ ਵਾਲੇ ਦਿਨਾਂ ਵਿੱਚ ਕੀਤੇ ਜਾਣ ਵਾਲੇ ਸੰਘਰਸ਼ ਲਈ ਤਿਆਰ ਰਹਿਣ ਲਈ ਪ੍ਰੇਰਿਤ ਕੀਤਾ। ਸਾਬਕਾ ਸੈਨਿਕ ਵੈੱਲਫੇਅਰ ਕਮੇਟੀ ਪੰਜਾਬ ਦੇ ਆਗੂਆਂ ਨੇ ਕੇਂਦਰ ਸਰਕਾਰ ਕੋਲੋਂ ਮੰਗ ਕੀਤੀ ਕਿ ਸਾਬਕਾ ਸੈਨਿਕਾਂ ਦੀਆ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆ ਮੰਗਾਂ ਵਨ ਰੈਂਕ ਪੈਨਸ਼ਨ, ਡਿਸਬੇਲਟੀ ਪੈਨਸ਼ਨ, ਵਿਧਵਾ ਪੈਨਸ਼ਨ ਵਿਚਲੇ ਫਰਕ ਨੂੰ ਖਤਮ ਕੀਤਾ ਜਾਵੇ ਨਹੀਂ ਤਾਂ ਮੰਗਾਂ ਨੂੰ ਲੈ ਕੇ ਆਉਣ ਵਾਲੇ ਦਿਨਾਂ ਵਿੱਚ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਮੀਟਿੰਗ ਵਿੱਚ ਪਿੰਡ ਖੋਖਰ ਫੌਜੀਆਂ ਦੇ ਪ੍ਰਧਾਨ ਸੂਬੇਦਾਰ ਕੁਲਦੀਪ ਸਿੰਘ, ਸੂਬੇਦਾਰ ਮੇਜਰ ਜਸਵੰਤ ਸਿੰਘ, ਸੂਬੇਦਾਰ ਅਵਤਾਰ ਸਿੰਘ ਸਾਬਕਾ ਸਰਪੰਚ, ਸੂਬੇਦਾਰ ਮੇਜਰ ਮਨਮੋਹਨ ਸਿੰਘ ਧਾਰੀਵਾਲ ਬਲਾਕ ਜਨਰਲ ਸਕੱਤਰ, ਸੂਬੇਦਾਰ ਮੇਜਰ ਹਰਦੇਵ ਸਿੰਘ, ਕੈਪਟਨ ਧਿਆਨ ਸਿੰਘ ਠਾਕੁਰ, ਸੂਬੇਦਾਰ ਹਰਦੀਪ ਸਿੰਘ ਪੰਨੂ, ਹਵਲਦਾਰ ਜਸਬੀਰ ਸਿੰਘ ਦਿਉ, ਹਵਲਦਾਰ ਕੁੰਦਨ ਲਾਲ, ਹਵਲਦਾਰ ਗੁਰਦਿਆਲ ਸਿੰਘ, ਹਵਲਦਾਰ ਬਲਬੀਰ ਸਿੰਘ ਪੰਨੂ, ਹਵਲਦਾਰ ਸਤਨਾਮ ਸਿੰਘ ਸਾਰੀ, ਹਵਲਦਾਰ ਗੁਰਜੀਤ ਸਿੰਘ ਬਟਾਲਾ, ਹਵਲਦਾਰ ਹਜੂਰਾ ਸਿੰਘ ਕਲੇਰ ਅਤੇ ਪਿੰਡ ਵਾਸੀ ਮੌਜੂਦ ਸਨ।

ਰਾਮ ਲੀਲ੍ਹਾ ਦੀ ਸ਼ੁਰੂਆਤ ਅੱਜ ਤੋਂ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਨਿਊ ਸ਼ਿਵ ਸ਼ੰਕਰ ਡਰਾਮਾਟਿਕ ਕਲੱਬ ਅਜਨਾਲਾ ਵੱਲੋਂ ਸ਼ਹਿਰ ਵਾਸੀਆਂ ਦੇ ਸਹਿਯੋਗ ਲਾਲ ਹਰ ਸਾਲ ਦੀ ਤਰ੍ਹਾਂ ਅਜਨਾਲਾ ਦੇ ਸ਼ਿਵ ਮ

16-Oct-PAGE-12.qxd 10/15/2023 9:00 PM Page 1

ਮੁੱਖ ਮੰਤਰੀ ਨੇ ਚੰਡੀਗੜ੍ਹ 'ਚ ਪਾਰਟੀ ਦੀ ਮਜ਼ਬੂਤੀ ਲਈ ਆਹਲੂਵਾਲੀਆ ਨੂੰ ਦਿੱਤੀਆਂ ਸ਼ੁਭਕਾਮਨਾਵਾਂ

ਚੰਡੀਗੜ੍ਹ, (ਗੁਰਜੀਤ ਬਿੱਲਾ)

ਪਿਛਲੇ ਕੁਝ ਮਹੀਨਿਆਂ ਤੋਂ ਚੰਡੀਗੜ੍ਹ ਵਿੱਚ ਆਮ ਆਦਮੀ ਪਾਰਟੀ ਦਾ ਸੰਗਠਨ ਭੰਗ ਕੀਤੇ ਜਾਣ ਤੋਂ ਬਾਅਦ ਬੀਤੇ ਦਿਨੀਂ ਆਮ ਆਦਮੀ ਪਾਰਟੀ ਦੇ ਵਲੋਂ ਡਾ. ਐਸ.ਐਸ. ਆਹਲੂਵਾਲੀਆ ਨੂੰ ਚੰਡੀਗੜ੍ਹ ਦਾ ਸਹਿ ਪ੍ਰਭਾਰੀ ਲਗਾਏ ਜਾਣ ਤੋਂ ਬਾਅਦ, ਉਨ੍ਹਾਂ ਵੱਲੋਂ ਮੁੱਖ ਮੰਤਰੀ ਪੰਜਾਬ, ਭਗਵੰਤ ਮਾਨ ਦੇ ਨਾਲ ਮੁਲਾਕਾਤ ਕੀਤੀ ਗਈ। ਮੁੱਖ ਮੰਤਰੀ ਭਗਵੰਤ ਮਾਨ ਨੇ ਇਸ ਮੌਕੇ ਉੱਤੇ ਡਾ. ਆਹਲੂਵਾਲੀਆ ਨੂੰ ਚੰਡੀਗੜ੍ਹ ਦਾ ਸਹਿ ਪ੍ਰਭਾਰੀ ਲਗਾਏ ਜਾਣ ਤੇ ਸੁਭ ਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਆਮ ਆਦਮੀ ਪਾਰਟੀ ਦੇ ਵਲੋਂ ਚੰਡੀਗੜ੍ਹ ਦੇ ਲੋਕਾਂ ਦੇ ਹੱਕਾਂ ਦੀ ਲੜਾਈ ਪੂਰੇ ਜ਼ੋਰਸ਼ੋਰ ਦੇ ਨਾਲ ਲੜੀ ਜਾਵੇਗੀ। ਉਨ੍ਹਾਂ ਕਿਹਾ ਕਿ ਪਾਰਟੀ ਦਾ ਮੁੱਖ ਉਦੇਸ਼ ਲੋਕਾਂ ਦੀਆਂ ਮੁਸਕਿਲਾਂ ਨੂੰ ਦੂਰ ਕਰਨਾ ਹੈ। ਜਿਸ ਤਰ੍ਹਾਂ ਪੰਜਾਬ ਦੇ ਵਿੱਚ ਲੋਕਾਂ ਨੇ ਆਮ ਆਦਮੀ ਪਾਰਟੀ ਦਾ ਇੱਕ ਮਜ਼ਬੂਤ ਸੰਗਠਨ ਬਣਾਇਆ ਹੈ, ਉਸੇ ਤਰ੍ਹਾਂ ਚੰਡੀਗੜ੍ਹ ਦੇ ਵਿੱਚ ਵੀ ਲੋਕਾਂ ਦੀ ਭਲਾਈ ਦੇ ਲਈ ਇੱਕ ਮਜ਼ਬੂਤ ਸੰਗਠਨ ਤਿਆਰ ਕੀਤਾ ਜਾਵੇਗਾ। ਇਸ ਮੌਕੇ ਉਤੇ ਡਾ. ਐੱਸ.ਐੱਸ. ਆਹਲੂਵਾਲੀਆ ਨੇ ਚੰਡੀਗੜ੍ਹ ਦਾ ਸਹਿ ਪ੍ਰਭਾਰੀ ਲਗਾਏ ਜਾਣ ਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਆਉਣ ਵਾਲੇ ਦਿਨਾਂ ਦੇ ਵਿੱਚ ਚੰਡੀਗੜ੍ਹ ਵਿੱਚ ਪਾਰਟੀ ਨੂੰ ਮਜ਼ਬੂਤ ਕਰਨ ਦੇ ਲਈ ਮੀਟਿੰਗਾਂ ਦਾ ਸਿਲਾਸਿਲਾ ਛੇਤੀ ਹੀ ਸ਼ੁਰੂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦਾ ਮੁੱਖ ਮਕਸਦ ਲੋਕਾਂ ਨੂੰ ਵੱਧ ਤੋਂ ਵੱਧ ਸਹੂਲਤਾਂ ਮੁਹੱਈਆ ਕਰਵਾਉਣਾ ਹੈ। ਡਾ. ਆਹਲੂਵਾਲੀਆ ਨੇ ਅੱਗੇ ਕਿਹਾ ਕਿ 17 ਅਕਤੂਬਰ ਨੂੰ ਮੁੱਖ ਮੰਤਰੀ ਭਗਵੰਤ ਮਾਨ ਜੀ ਦੇ ਜਨਮ ਦਿਨ ਮੌਕੇ ਚੰਡੀਗੜ੍ਹ ਵਿੱਚ ਇੱਕ ਵੱਡੇ ਖੂਨਦਾਨ ਕੈਂਪ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਖੂਨਦਾਨ ਕੈਂਪ ਦਾ ਮੁੱਖ ਮਕਸਦ ਜਰੂਰਤ ਮੰਦ ਲੋਕਾਂ ਦੇ ਲਈ ਜ਼ਿਆਦਾ ਤੋਂ ਜ਼ਿਆਦਾ ਖੂਨ ਇਕੱਠਾ ਕਰਨਾ ਹੈ, ਤਾਂ ਜੋ ਕਿਸੇ ਜਰੂਰਤ ਮੰਦ ਵਿਅਕਤੀ ਦਾ ਖੂਨ ਦੀ ਕਮੀ ਕਾਰਨ ਕੋਈ ਜਾਨੀ ਨੁਕਸਾਨ ਨਾ ਹੋਵੇ। ਉਨ੍ਹਾਂ ਕਿਹਾ ਕਿ ਇਸ ਖੂਨਦਾਨ ਕੈਂਪ ਦੇ ਨਾਲ ਉਨ੍ਹਾਂ ਲੋਕਾਂ ਨੂੰ ਮਦਦ ਮਿਲੇਗੀ, ਜੋ ਡੇਂਗੂ ਕਾਰਨ ਖੂਨ ਦੀ ਕਮੀ ਦੇ ਨਾਲ ਜੂਝ ਰਹੇ ਹਨ।

ਐੱਸ ਸੀ/ਬੀ ਸੀ ਯੂਨੀਅਨ ਵੱਲੋਂ ਪਰਮਿੰਦਰ ਕੌਰ ਦਾ ਜੱਜ ਬਣਨ 'ਤੇ ਸਨਮਾਨ

ਖਰੜ (ਹਰਨਾਮ ਸਿੰਘ ਡੱਲਾ)-ਪੰਜਾਬ ਤੇ ਹਰਿਆਣਾ ਹਾਈਕੋਰਟ ਵੱਲੋਂ ਪੀ.ਸੀ.ਐੱਸ (ਜੁਡੀਸ਼ਰੀ) ਦਾ ਨਤੀਜਾ ਪਾਸ ਕਰਨ ਵਾਲੀ ਮੋਹਾਲੀ ਦੇ ਪਿੰਡ ਕੈਲੋਂ ਦੀ ਪਰਮਿੰਦਰ ਕੌਰ ਨੂੰ ਐੱਸ.ਸੀ/ਬੀ.ਸੀ. ਯੂਨੀਅਨ ਵਲੋਂ ਸਨਮਾਨਤ ਕੀਤਾ ਗਿਆ। ਪਰਮਿੰਦਰ ਕੌਰ ਨੇ ਪਿਤਾ ਨੂੰ ਦੱਸਿਆ 'ਪਾਪਾ! ਮੈਂ ਜੱਜ ਬਣੀ ਹਾਂ।' ਸਕਿਉਰਿਟੀ ਗਾਰਡ ਬਾਪ ਸੁਰਮੁੱਖ ਸਿੰਘ ਨੇ ਧੀ ਦੇ ਸਿਰ 'ਤੇ ਹੱਥ ਰੱਖ ਕਿਹਾ, 'ਵਾਹ ਧੀਏ ਵਾਹ'। ਇਸ ਲੜਕੀ ਦੀ ਮਾਂ ਕੁਲਦੀਪ ਕੌਰ ਮਨਰੇਗਾ ਮਜ਼ਦੂਰ ਹੈ। ਜਦੋਂ ਮਾਂ ਵਿਆਹ ਸਾਹਿਆਂ ਵਿਚ ਭਾਂਡੇ ਮਾਂਜਣ ਜਾਂਦੀ ਹੈ ਤਾਂ ਛੋਟੀ ਉਮਰੇ ਪਰਮਿੰਦਰ ਕੌਰ ਭਾਂਡੇ ਮਾਂਜਦੀ, ਉਸ ਨੂੰ ਲੱਗਦਾ ਕਿ 'ਸਾਡੇ ਹਿੱਸੇ ਭਾਂਡੇ ਹੀ ਕਿਉਂ ਆਏ ਨੇ'। ਮੁਢਲੀ ਸਿੱਖਿਆ ਸਰਕਾਰੀ ਸਕੂਲ ਚੋਂ ਪ੍ਰਾਪਤ ਕਰਨ ਉਪਰੰਤ ਵਕਾਲਤ ਕੀਤੀ। ਅਤੇ ਇਸ ਸੁੱਚੀ ਕਿਰਤ ਵਿੱਚੋਂ ਪਰਮਿੰਦਰ ਕੌਰ ਨੇ ਇਨਸਾਫ ਦੀ ਤੱਕੜੀ ਤੱਕ ਦਾ ਸਫਰ ਤੈਅ ਕਰ ਕੇ ਆਪਣੇ ਮਾਪਿਆਂ ਅਤੇ ਪਿੰਡ ਦਾ ਨਾਂ ਰੌਸ਼ਨ ਕੀਤਾ ਹੈ।

ਡੱਲੇ ਦੇ ਮੇਲੇ 'ਚ ਸੰਤ ਸੀਚੇਵਾਲ ਨੇ ਵੰਡੇ ਬੂਟੇ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)

ਡੱਲੇ ਦੇ ਮੇਲੇ 'ਤੇ ਵਾਤਾਵਰਣ ਪ੍ਰੇਮੀ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਸੰਗਤਾਂ ਨੂੰ ਵੱਡੀ ਪੱਧਰ 'ਤੇ ਬੂਟਿਆਂ ਦਾ ਪ੍ਰਸ਼ਾਦ ਵੰਡਿਆ। ਦੋ ਦਿਨ ਚੱਲੇ ਮੇਲੇ ਦੇ ਆਖਰੀ ਦਿਨ ਮੈਡੀਸ਼ਨਲ ਬੂਟਿਆਂ ਨਾਲ ਲੱਦੀ ਟਰਾਲੀ ਸੰਤ ਅਵਤਾਰ ਸਿੰਘ ਯਾਦਗਾਰੀ ਨਰਸਰੀ 'ਚੋਂ ਲਿਆਂਦੀ ਗਈ ਸੀ। ਸੰਗਤਾਂ ਨੂੰ ਬੂਟੇ ਵੰਡਦਿਆਂ ਰਾਜ ਸਭਾ ਮੈਂਬਰ ਸੰਤ ਸੀਚੇਵਾਲ ਨੇ ਕਿਹਾ ਕਿ ਵਾਤਾਵਰਣ ਦੇ ਪੱਖ ਤੋਂ ਪੰਜਾਬ ਬਹੁਤ ਹੀ ਗੰਭੀਰ ਸੰਕਟ ਵਿੱਚੋਂ ਲੰਘ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦਾ ਚੱਪਾ-ਚੱਪਾ ਬੂਟਿਆਂ ਲਗਾ ਕੇ ਭਰਨ ਦੀ ਲੋੜ ਹੈ। ਮੇਲੇ ਦੌਰਾਨ ਸੰਗਤਾਂ ਨੇ ਵੀ ਬੜੇ ਉਤਸ਼ਾਹ ਨਾਲ ਬੂਟਿਆਂ ਦਾ ਪ੍ਰਸ਼ਾਦ ਬੜੀ ਸ਼ਰਧਾ ਨਾਲ ਲਿਆ। ਇਨ੍ਹਾਂ ਬੂਟਿਆਂ ਵਿੱਚ ਬਹੇੜੇ, ਬਿੱਲ-ਪੰਤਰ, ਨਿੰਮ, ਸ਼ੂਗਰ ਫ੍ਰੀ ਜਮਾਨਾਂ ਦੇ ਬੂਟੇ, ਰਾਤ ਦੀ ਰਾਣੀ, ਦਿਨ ਦਾ ਰਾਜਾ ਤੇ ਮੰਦਾਕਨੀ ਆਦਿ ਬੂਟੇ ਸ਼ਾਮਲ ਸਨ। ਸੰਤ ਸੀਚੇਵਾਲ ਨੇ ਕਿਹਾ ਕਿ ਝੋਨੇ ਦੀ ਕਟਾਈ ਦਾ ਸੀਜਨ ਚੱਲ ਰਿਹਾ ਸੀ। ਉਨ੍ਹਾਂ ਕਿਹਾ ਕਿ ਪਰਾਲੀ ਖੇਤਾਂ 'ਚ ਵਾਹੀ ਜਾਵੇ, ਜਿਸ ਨਾਲ ਧਰਤੀ ਦੀ ਉਪਜਾਊ ਸ਼ਕਤੀ ਵੱਧਦੀ ਹੈ। ਖਾਦ ਦੀ ਵਰਤੋਂ ਘੱਟ ਹੁੰਦੀ ਹੈ। ਉਨ੍ਹਾਂ ਕਿਹਾ ਕਿ ਜਿਹੜੀ ਪਰਾਲੀ ਸ਼ਰਾਪ ਲੱਗਦੀ ਸੀ ਉਹ ਵੀ ਹੁਣ ਕਮਾਈ ਦਾ ਸਧਾਨ ਬਣ ਗਈ ਹੈ। ਉਨ੍ਹਾਂ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਕਿ ਨਿੱਜੀ ਕੰਪਨੀਆਂ ਵੀ ਪਰਾਲੀ ਇਕੱਠੀ ਕਰਨ 'ਚ ਮੱਦਦ ਕਰ ਰਹੀਆਂ ਹਨ। ਉਨ੍ਹਾ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣੀ ਇੱਕ ਤਰ੍ਹਾਂ ਨਾਲ ਬੱਚਿਆ ਦਾ ਭਵਿੱਖ ਸਾੜਨ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਹਵਾ ਤੇ ਪਾਣੀ ਅਸੀਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਫ ਸੁਥਰਾ ਦੇ ਕੇ ਜਾਈਏ ਜਿਵੇਂ ਬਜ਼ੁਰਗਾਂ ਨੇ ਸਾਨੂੰ ਸੌਂਪਿਆਂ ਸੀ।

ਡੱਲੇ ਦੇ ਮੇਲਾ ਭਾਈ ਲਾਲੂ ਜੀ ਯਾਦ 'ਚ ਲੱਗਦਾ ਹੈ। ਇਸੇ ਪਿੰਡ ਵਿੱਚ ਗੁਰੂ ਅਰਜਨ ਦੇਵ ਜੀ ਆਪਣੇ ਪੁੱਤਰ ਗੁਰੂ ਹਰਗੋਬਿੰਦ ਸਾਹਿਬ ਨੂੰ ਵਿਆਹੁਣ ਲਈ ਆਏ ਸਨ। ਇਸ ਇਤਿਹਾਸਕ ਨਗਰੀ ਨੂੰ 8 ਗੁਰੂ ਸਾਹਿਬਾਨਾਂ ਦੇ 72 ਬ੍ਰਹਮ ਗਿਆਨੀਆਂ ਦੇ ਚਰਨਾਂ ਦੀ ਛੋਹ ਪ੍ਰਾਪਤ ਹੈ। ਅੱਸੂ ਮਹੀਨੇ ਦੀ ਮਸਿਆ ਵਾਲੇ ਦਿਨ ਇਹ ਮੇਲਾ ਭਰਦਾ ਹੈ ਜਿਸ 'ਚ ਸੰਗਤਾਂ ਵੱਡੀ ਗਿਣਤੀ ਵਿੱਚ ਹਿੱਸਾ ਲੈਂਦੀਆਂ ਹਨ।

ਜਨਮ ਦਿਨ ਮੁਬਾਰਕ

ਕਿਆਨ ਭਾਟੀਆ, ਮੋਰਿੰਡਾ

ਸਗਲ ਕੌਰ ਕੈਨੇਡਾ

ਮੋਹਪ੍ਰੀਤ ਸਿੰਘ ਰੇਖੀ
ਅੱਡਾ ਝਬਾਲ, ਤਰਨ ਤਾਰਨ

ਪ੍ਰਸ਼ਾਸਨ ਵੱਲੋਂ ਨਵੀਂ ਦੁਸਹਿਰਾ ਕਮੇਟੀ ਨੂੰ ਦਿੱਤੀ ਗਈ ਇਜਾਜ਼ਤ ਦੇ ਨਾਲ ਦੁਸਹਿਰਾ ਆਰੰਭ

ਕਾਲਾ ਸੰਘਿਆਂ, (ਮਨਜੀਤ ਮਾਨ)

ਜ਼ਿਲ੍ਹਾ ਪ੍ਰਸ਼ਾਸਨ ਕਪੂਰਥਲਾ ਵੱਲੋਂ ਕਾਲਾ ਸੰਘਿਆਂ ਵਿਖੇ ਦੁਸਹਿਰਾ ਮਨਾਉਣ ਦੇ ਪ੍ਰਬੰਧਾਂ ਨੂੰ ਲੈ ਕੇ 2 ਵੱਖ-ਵੱਖ ਕਮੇਟੀਆਂ ਦੇ ਮਾਮਲੇ ਵਿੱਚ ਸਹਿਮਤੀ ਬਣਾਉਣ ਵਿੱਚ ਸਫਲ ਨਹੀਂ ਹੋ ਸਕਿਆ,ਜਿਸ ਉਪਰੰਤ ਕਥਿਤ ਤੌਰ ਉੱਤੇ ਸੱਤਾਧਾਰੀ ਧਿਰ ਆਮ ਆਦਮੀ ਪਾਰਟੀ ਦੀ ਹਮਾਇਤ ਨਾਲ ਡਾ.ਬਲਰਾਮ ਸ਼ਰਮਾ ਉਰਫ ਡਾਕਟਰ ਕਿੰਦੀ ਦੀ ਅਗਵਾਈ ਵਿੱਚ ਹੋਂਦ ਵਿਚ ਆਈ ਨਵੀਂ ਦੁਸਹਿਰਾ ਕਮੇਟੀ ਆਲਮਗੀਰ, ਕਾਲਾ ਸੰਘਿਆਂ ਨੂੰ ਪ੍ਰਬੰਧਕੀ ਇਜਾਜ਼ਤ ਮਿਲ ਜਾਣ ਨਾਲ ਦੁਸਹਿਰੇ ਦੀ ਅੱਜ ਮੱਸਿਆ ਵਾਲੇ ਦਿਨ ਤੋਂ ਬਾਕਾਇਦਾ ਪੁਲਿਸ ਸੁਰੱਖਿਆ ਹੇਠ ਆਰੰਭਤਾ ਹੋ ਗਈ। ਵਰਣਨਯੋਗ ਹੈ ਕਿ ਮੰਦਿਰ ਠਾਕੁਰ ਦੁਆਰਾ ਪ੍ਰਬੰਧਕ ਕਮੇਟੀ (ਰਜਿ.) ਵੱਲੋਂ ਪ੍ਰਧਾਨ ਕੁਲਦੀਪ ਕੁਮਾਰ ਚੱਢਾ ਦੀ ਅਗਵਾਈ ਵਿੱਚ ਲੰਬੇ ਅਰਸੇ ਤੋਂ ਦੁਸਹਿਰੇ ਦੇ ਪ੍ਰਬੰਧ ਪਿੰਡ ਦੀਆਂ ਦੋਹਾਂ ਪੰਚਾਇਤਾਂ, ਨਗਰ ਨਿਵਾਸੀਆਂ ਤੇ ਐਨ. ਆਰ.ਆਈਜ਼ ਦੇ ਸਹਿਯੋਗ ਨਾਲ ਕੀਤੇ ਜਾਂਦੇ ਰਹੇ ਹਨ ਤੇ ਇਸ ਵਾਰ ਵੀ ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਆਗਿਆ ਮੰਗੀ ਸੀ, ਪਰ ਸੱਤਾਧਾਰੀ ਧਿਰ ਤੇ ਹਲਕਾ ਇੰਚਾਰਜ ਮੈਡਮ ਮੰਜੂ ਰਾਣਾ ਦੀ ਹਮਾਇਤ ਪ੍ਰਾਪਤ ਨਵੀਂ ਕਮੇਟੀ ਬਣਾ ਕੇ ਇਜਾਜ਼ਤ ਮੰਗੇ ਜਾਣ ਕਾਰਨ ਕਾਰਨ ਦੋਹਾਂ ਕਮੇਟੀਆਂ ਦਰਮਿਆਨ ਰੇੜਕਾ ਪੈਦਾ ਹੋ ਗਿਆ। ਦੋਹਾਂ ਕਮੇਟੀਆਂ ਦੇ ਸਾਂਝੇ ਮੈਂਬਰਾਂ ਵਾਲਾ ਫਾਰਮੂਲਾ ਵੀ ਸਿਰੇ ਨਾ ਚੜ੍ਹ ਸਕਿਆ, ਜਿਸ ਉਪਰੰਤ ਸ੍ਰੀ ਲਾਲ ਵਿਸਵਾਸ ਬੈਂਸ ਐਸ.ਡੀ. ਐਮ. ਕਪੂਰਥਲਾ ਵੱਲੋਂ ਡਾ. ਬਲਰਾਮ ਦੀ ਅਗਵਾਈ ਵਾਲੀ ਨਵੀਂ ਕਮੇਟੀ ਨੂੰ ਇਜਾਜ਼ਤ ਪ੍ਰਦਾਨ ਕਰ ਦਿੱਤੀ ਗਈ। ਨਵੀਂ ਕਮੇਟੀ ਦੇ ਬੁਲਾਰੇ ਕੁਲਦੀਪ ਕੁਮਾਰ ਲੂੰਬਾ ਨੇ ਦੱਸਿਆ ਕਿ ਦੁਸਹਿਰਾ ਕਮੇਟੀ ਆਲਮਗੀਰ, ਕਾਲਾ ਸੰਘਿਆਂ ਵੱਲੋਂ ਮਾਤਾ ਮੰਦਿਰ ਆਲਮਗੀਰ, ਕਾਲਾ ਸੰਘਿਆਂ ਤੋਂ ਦੁਸਹਿਰੇ ਦੀ ਬਾਕਾਇਦਾ ਆਰੰਭਤਾ ਕਰ ਦਿੱਤੀ ਗਈ ਹੈ, ਜਿਸ ਦੌਰਾਨ ਅੱਜ ਪਲੇਠੇ ਦਿਨ ਰਾਵਣ ਵੱਲੋਂ ਕਾਲ ਪਾਸੋਂ ਭਿੱਖਿਆ ਮੰਗਵਾਉਣ ਦੀ ਝਾਕੀ ਪਿੰਡ ਵਿੱਚ ਕੱਢੀ ਗਈ ਤੇ ਬਾਜਾਰ ਦੀਆਂ ਦੁਕਾਨਾਂ ਤੇ ਘਰਾਂ ਵਿੱਚੋਂ ਕਾਲ ਵੱਲੋਂ ਭਿੱਖਿਆ ਇਕੱਤਰ ਕੀਤੀ ਗਈ। ਉਨ੍ਹਾਂ ਦੱਸਿਆ ਕਿ ਸੀਤਾ ਸਵੰਬਰ 20 ਅਕਤੂਬਰ ਨੂੰ ਰਚਿਆ ਜਾਵੇਗਾ ਤੇ 24 ਅਕਤੂਬਰ ਨੂੰ ਦੁਸਹਿਰਾ ਪਿੰਡ ਦੇ ਖੇਡ ਸਟੇਡੀਅਮ ਵਿੱਚ ਧੂਮਧਾਮ ਤੇ ਰਵਾਇਤੀ ਸ਼ਰਧਾ ਦੇ ਨਾਲ ਮਨਾਇਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਮੇਟੀ ਦੇ ਪ੍ਰਧਾਨ ਡਾ. ਬਲਰਾਮ ਸ਼ਰਮਾ ਉਰਫ ਡਾਕਟਰ ਕੁੰਦੀ, ਮੀਤ ਪ੍ਰਧਾਨ ਡਾ. ਵੇਦ ਪ੍ਰਕਾਸ਼, ਸੈਕਟਰੀ ਕੁਲਦੀਪ ਕੁਮਾਰ ਲੂੰਬਾ, ਆਮ ਆਦਮੀ ਪਾਰਟੀ ਦੇ ਆਗੂ ਨਰਿੰਦਰ ਸਿੰਘ ਸੰਘਾ ਤੇ ਸਰਵਣ ਸਿੰਘ ਸੰਘਾ, ਸਤੀਸ਼ ਕੁਮਾਰ ਘੋਨਾ, ਮਨਿੰਦਰਪਾਲ ਸਿੰਘ, ਬੂਟਾ ਬਲਾਕ ਸੰਮਤੀ ਮੈਂਬਰ, ਰਿੰਕੀ ਸਰਨਾ, ਪਵਿੱਤਰ ਸਿੰਘ ਪਿੱਤਾ, ਸੁਰਿੰਦਰ ਸਿੰਘ ਬਿੱਲਾ ਸਾਬਕਾ ਪੰਚ ਤੇ ਕਮਲ ਕੁਮਾਰ ਆਦਿ ਹਾਜ਼ਰ ਸਨ।

ਹਰਜੀ ਮਾਨ ਨੇ ਫਗਵਾੜਾ ਦੀਆਂ ਪਾਰਕਾਂ 'ਚ ਓਪਨ ਜਿਮ ਬਣਾਉਣ ਦੇ ਕੰਮ ਦੀ ਕਰਵਾਈ ਸ਼ੁਰੂਆਤ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ ਹੇਠ ਫਗਵਾੜਾ ਸ਼ਹਿਰ ਦੇ 50 ਪਾਰਕਾਂ 'ਚ 97 ਲੱਖ ਦੀ ਲਾਗਤ ਨਾਲ ਓਪਨ ਜਿਮ ਬਣਾਉਣ ਦੇ ਕੰਮ ਦੀ ਸ਼ੁਰੂਆਤ ਨੌਜਵਾਨ ਆਪ ਆਗੂ ਅਤੇ ਆਪ ਪਾਰਟੀ ਦੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਦੇ ਪੁੱਤਰ ਹਰਨੂਰ ਸਿੰਘ ਹਰਜੀ ਮਾਨ ਵਲੋਂ ਕਰਵਾਈ ਗਈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਅਤੇ ਪੰਜਾਬ ਸਰਕਾਰ ਦਾ ਮੰਤਵ ਨੌਜਵਾਨਾਂ ਨੂੰ ਮਿਆਰੀ ਸਿਹਤ ਸਹੂਲਤਾਂ ਦੇਣਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਪੱਖੋਂ ਪੰਜਾਬ ਵਾਸੀਆਂ ਲਈ ਵਧੀਆ ਮਾਹੌਲ ਸਿਰਜਣ ਹਿਤ ਯਤਨਸ਼ੀਲ ਹੈ। ਵਾਰਡ ਪੱਧਰ ਤੇ ਪਾਰਕਾਂ ਵਿਚ ਜਿਮ ਦੀ ਸਹੂਲਤ ਨਾਲ ਨੌਜਵਾਨਾਂ ਨੂੰ ਕਸਰਤ ਕਰਨ ਦੀ ਆਦਤ ਪਵੇਗੀ ਅਤੇ ਉਹ ਆਪਣੀ ਸਿਹਤ ਦੇ ਪ੍ਰਤੀ ਜਾਗਰੂਕ ਹੋਣਗੇ। ਇਸ ਮੌਕੇ ਉਨ੍ਹਾਂ ਸਮੂਹ ਨੌਜਵਾਨਾਂ ਨੂੰ ਵੀ ਅਪੀਲ ਕੀਤੀ ਕਿ ਨਸ਼ਿਆਂ ਤੋਂ ਦੂਰ ਰਹਿੰਦੇ ਹੋਏ ਆਪਣੀ ਸਿਹਤ ਦਾ ਖਿਆਲ ਰੱਖਣ । ਇਸ ਮੌਕੇ ਬਲਬੀਰ ਠਾਕੁਰ, ਸਮਰਜੀਤ ਗੁਪਤਾ, ਚਰਨਜੀਤ ਸਿੰਘ ਟੋਨੀ, ਰਾਜਿੰਦਰ ਢੰਡਾ, ਜਤਿੰਦਰ ਢੰਡਾ, ਜਿੰਦਰ ਰਸੀਲਾ, ਆਸ਼ੂ, ਰਵਿੰਦਰ ਸਿੰਘ ਕਲਸੀ ਐਸ.ਡੀ.ਓ, ਕੰਵਰਪ੍ਰੀਤ ਸਿੰਘ ਜੇ.ਈ ਆਦਿ ਹਾਜ਼ਰ ਸਨ।

ਰਿਆਤ ਬਾਹਰਾ ਇੰਜੀਨੀਅਰਿੰਗ ਕਾਲਜ 'ਚ ਫਰੈਸ਼ਰ ਪਾਰਟੀ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)

ਰਿਆਤ ਬਾਹਰਾ ਇੰਜਨੀਅਰਿੰਗ ਕਾਲਜ ਵਿਖੇ ਨਵੇਂ ਸੈਸ਼ਨ ਵਿੱਚ ਦਾਖਲਾ ਲੈਣ ਵਾਲੇ ਵਿਦਿਆਰਥੀਆਂ ਦੇ ਸਵਾਗਤ ਲਈ ਫਰੈਸ਼ਰ ਪਾਰਟੀ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਕਾਲਜ ਦੇ ਸੈਸ਼ਨ 2023 ਵਿੱਚ ਦਾਖਲਾ ਲੈਣ ਵਾਲੇ ਵਿਦਿਆਰਥੀਆਂ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਦੌਰਾਨ ਕੈਂਪਸ ਡਾਇਰੈਕਟਰ ਡਾ: ਚੰਦਰ ਮੋਹਨ ਨੇ ਹਾਜਰ ਸਾਰੇ ਨਵੇਂ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਿਆਂ ਕਿਹਾ ਕਿ ਚੰਗੀ ਸਿੱਖਿਆ ਹੀ ਸਫਲਤਾ ਵੱਲ ਲੈ ਜਾਂਦੀ ਹੈ। ਪ੍ਰੋਗਰਾਮ ਦੀ ਸ਼ੁਰੂਆਤ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ। ਵਿਦਿਆਰਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਵਿੱਚ ਗਿੱਧਾ, ਭੰਗੜਾ, ਗੀਤ, ਮਾਡਲਿੰਗ ਅਤੇ ਫੈਸ਼ਨ ਸ਼ੋਅ ਵੀ ਸ਼ਾਮਲ ਸੀ। ਇਸ ਮੌਕੇ ਕਾਲਜ ਦੀ ਪ੍ਰਿੰਸੀਪਲ ਡਾ: ਜੋਤਸਨਾ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਨਵੇਂ ਵਿਦਿਆਰਥੀਆਂ ਦਾ ਸਵਾਗਤ ਕਰਨ ਦੀ ਰਵਾਇਤ ਨੂੰ ਜਾਰੀ ਰੱਖਿਆ ਗਿਆ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਕਾਲਜ ਦੇ ਨਿਯਮਾਂ ਤੋਂ ਜਾਣੂ ਕਰਵਾਇਆ।. ਇਸ ਮੌਕੇ ਡਾ: ਗੌਰਵ ਪਰਾਸ਼ਰ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ। ਇਸ ਮੌਕੇ ਹਰਪ੍ਰੀਤ ਨੂੰ ਮਿਸ ਅਤੇ ਕ੍ਰਿਸ ਨੂੰ ਮਿਸਟਰ ਫਰੈਸ਼ਰ ਐਲਾਨਿਆ ਗਿਆ। ਇਸ ਤੋਂ ਇਲਾਵਾ ਹਰਜੋਤ ਕੌਰ ਨੂੰ ਮਿਸ